ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

https://youtu.be/LQwolgxDu7l

awazeqaumtvpunjab@gmail.com

ਸੋਮਵਾਰ, 15 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੩ ਵੇਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਸਲਮਾਨ ਖਾਨ ਦੇ ਘਰ ਦੇ ਬਾਹਰ ਫਾਇਰਿੰਗ



**ਮੁੰਬਈ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਾਂਦਰਾ ਸਥਿਤ ਬਾਲੀਵੁੱਡ ਅਭਿਨੇਤਾ ਸਲਮਾਨ ਖਾਨ ਦੇ ਗਲੈਕਸੀ ਅਪਾਰਟਮੈਂਟ ਦੇ ਬਾਹਰ ਤਿੰਨ ਰਾਊਂਡ ਫਾਇਰਿੰਗ ਕੀਤੀ ਗਈ ਹੈ। ਸਵੇਰੇ 4.50 ਵਜੇ ਦੋ ਅਣਪਛਾਤੇ ਵਿਅਕਤੀਆਂ ਨੇ ਹਵਾ ਵਿੱਚ ਗੋਲੀਆਂ ਚਲਾ ਦਿੱਤੀਆਂ। ਦੋਵੇਂ ਸ਼ੂਟਰ ਬਾਈਕ 'ਤੇ ਆਏ ਅਤੇ ਫਾਇਰਿੰਗ ਕਰਨ ਤੋਂ ਬਾਅਦ ਫਰਾਰ ਹੋ ਗਏ। ਫਿਲਹਾਲ ਕਿਸੇ ਦੇ ਜ਼ਖਮੀ ਹੋਣ ਦੀ ਕੋਈ ਸੂਚਨਾ ਨਹੀਂ ਹੈ। ਪੁਲਿਸ ਨੇ ਸਲਮਾਨ ਖਾਨ ਦੀ ਰਿਹਾਇਸ਼ 'ਤੇ ਸੁਰੱਖਿਆ ਵਧਾ ਦਿੱਤੀ ਹੈ। ਦੱਸ ਦੇਈਏ ਕਿ ਗੈਂਗਸਟਰ ਲਾਰੇਂਸ ਬਿਸ਼ਨੋਈ ਕਈ ਵਾਰ ਸਲਮਾਨ ਖਾਨ ਨੂੰ ਜਾਨੋਂ ਮਾਰਨ ਦੀ ਧਮਕੀ ਦੇ ਚੁੱਕਿਆ ਹੈ। ਹਾਲ ਹੀ 'ਚ ਲਾਰੈਂਸ ਬਿਸ਼ਨੋਈ ਨੇ ਅਦਾਕਾਰ-ਗਾਇਕ ਗਿੱਪੀ ਗਰੇਵਾਲ ਦੇ ਕੈਨੇਡਾ 'ਚ ਸਥਿਤ ਘਰ 'ਤੇ ਵੀ ਹਮਲਾ ਕੀਤਾ ਸੀ। ਇਸ ਹਮਲੇ ਤੋਂ ਬਾਅਦ ਕਿਹਾ ਗਿਆ ਸੀ ਕਿ ਉਸ ਦੇ ਸਲਮਾਨ ਖਾਨ ਨਾਲ ਕਰੀਬੀ ਸਬੰਧ ਸਨ, ਇਸ ਲਈ ਇਹ ਹਮਲਾ ਕੀਤਾ ਗਿਆ। ਦੱਸ ਦੇਈਏ ਕਿ ਸਾਲ 2023 ਵਿੱਚ ਵੀ ਲਾਰੇਂਸ ਬਿਸ਼ਨੋਈ ਗੈਂਗ ਵੱਲੋਂ ਸਲਮਾਨ ਦੇ ਦਫਤਰ ਨੂੰ ਧਮਕੀ ਭਰੀ ਈਮੇਲ ਭੇਜੀ ਗਈ ਸੀ।

## ਇਜ਼ਰਾਈਲ 'ਤੇ ਹਮਲਾ ਕਰਨ ਤੋਂ ਬਾਅਦ ਹੁਣ

# ਈਰਾਨ ਦੀ ਅਮਰੀਕਾ ਨੂੰ ਖੁੱਲ੍ਹੀ ਧਮਕੀ

**ਨਵੀਂ ਦਿੱਲੀ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਇਜ਼ਰਾਈਲ 'ਤੇ ਡਰੋਨ ਅਤੇ ਮਿਜ਼ਾਈਲਾਂ ਨਾਲ ਹਮਲਾ ਕਰਨ ਤੋਂ ਬਾਅਦ ਈਰਾਨ ਨੇ ਵੀ ਅਮਰੀਕਾ ਨੂੰ ਖੁੱਲ੍ਹੀ ਧਮਕੀ ਦਿੱਤੀ ਹੈ। ਈਰਾਨ ਨੇ ਕਿਹਾ ਹੈ ਕਿ ਜੇਕਰ ਅਮਰੀਕਾ ਇਜ਼ਰਾਈਲ ਦੀ ਜਵਾਬੀ ਕਾਰਵਾਈ ਦਾ ਸਮਰਥਨ ਕਰਦਾ ਹੈ ਤਾਂ ਈਰਾਨ ਅਮਰੀਕੀ ਠਿਕਾਣਿਆਂ ਨੂੰ ਨਿਸ਼ਾਨਾ ਬਣਾਏਗਾ। ਅਮਰੀਕਾ ਦੇ ਰੱਖਿਆ ਮੰਤਰੀ ਲੋਇਡ ਆਸਟਿਨ ਨੇ ਕਿਹਾ ਸੀ ਕਿ ਉਨ੍ਹਾਂ ਦਾ ਦੇਸ਼ ਈਰਾਨ ਨਾਲ ਟਕਰਾਅ ਨਹੀਂ ਚਾਹੁੰਦਾ ਪਰ ਇਜ਼ਰਾਈਲ ਦੀ ਰੱਖਿਆ ਦੇ ਸਮਰਥਨ 'ਚ ਕੰਮ ਕਰਨ ਤੋਂ ਨਹੀਂ ਝਿਜਕੇਗਾ। ਈਰਾਨ ਨੇ ਇਜ਼ਰਾਈਲ 'ਤੇ 300 ਤੋਂ ਵੱਧ ਡਰੋਨ ਅਤੇ ਮਿਜ਼ਾਈਲਾਂ ਦਾਗੀਆਂ। ਹਾਲਾਂਕਿ, ਇਹਨਾਂ ਵਿੱਚੋਂ ਜ਼ਿਆਦਾਤਰ ਹਮਲਿਆਂ ਨੂੰ ਬੇਅਸਰ ਕਰ ਦਿੱਤਾ ਗਿਆ ਸੀ। ਇਹ ਹਮਲਾ ਦਮਿਸ਼ਕ 'ਚ ਈਰਾਨੀ ਕੌਂਸਲੇਟ 'ਤੇ ਇਜ਼ਰਾਈਲ ਦੇ ਕਥਿਤ ਹਵਾਈ ਹਮਲੇ ਦਾ ਬਦਲਾ ਲੈਣ ਲਈ ਕੀਤਾ ਗਿਆ ਸੀ। ਅਮਰੀਕਾ ਨੇ ਕਿਹਾ ਕਿ ਮੱਧ ਪੂਰਬ ਵਿਚ ਉਸ ਦੀਆਂ ਫੌਜਾਂ ਨੇ ਈਰਾਨ, ਈਰਾਕ, ਸੀਰੀਆ ਅਤੇ ਯਮਨ ਤੋਂ ਇਜ਼ਰਾਈਲ 'ਤੇ ਦਾਗੇ ਗਏ ਦਰਜਨਾਂ ਮਿਜ਼ਾਈਲਾਂ ਅਤੇ ਡਰੋਨਾਂ ਨੂੰ ਰੋਕਿਆ। ਆਸਟਿਨ ਨੇ ਵਾਅਦਾ ਕੀਤਾ ਕਿ ਅਮਰੀਕੀ ਫੌਜ ਇਜ਼ਰਾਈਲ ਦੀ ਰੱਖਿਆ ਅਤੇ ਖੇਤਰੀ ਸਥਿਰਤਾ ਲਈ ਹੋਰ ਸਹਾਇਤਾ ਪ੍ਰਦਾਨ ਕਰੇਗੀ। ਉਨ੍ਹਾਂ ਕਿਹਾ, "ਅਸੀਂ ਈਰਾਨ ਅਤੇ ਇਸਦੇ ਪ੍ਰੌਕਸੀਜ਼ ਦੁਆਰਾ ਇਹਨਾਂ ਲਾਪਰਵਾਹੀ ਅਤੇ ਬੇਮਿਸਾਲ ਹਮਲਿਆਂ ਦੀ ਨਿੰਦਾ ਕਰਦੇ ਹਾਂ ਅਤੇ ਅਸੀਂ ਇਰਾਨ ਨੂੰ, ਇਸਦੇ ਪ੍ਰੌਕਸੀ ਬਲਾਂ ਸਮੇਤ, ਕਿਸੇ ਵੀ ਹੋਰ ਹਮਲੇ ਨੂੰ ਤੁਰੰਤ ਬੰਦ ਕਰਨ ਅਤੇ ਤਣਾਅ ਨੂੰ ਘੱਟ ਕਰਨ ਦੀ ਅਪੀਲ ਕਰਦੇ ਹਾਂ।" ਇਸ ਤੋਂ ਪਹਿਲਾਂ ਅੱਜ ਅਮਰੀਕੀ ਰਾਸ਼ਟਰਪਤੀ ਜੋ ਬਾਇਡੇਨ ਨੇ ਇਜ਼ਰਾਈਲ ਦੀ ਧਰਤੀ 'ਤੇ ਈਰਾਨ ਦੇ ਹਮਲੇ ਦੀ ਨਿੰਦਾ ਕੀਤੀ ਅਤੇ ਕਿਹਾ ਕਿ ਉਹ ਕੂਟਨੀਤਕ ਜਵਾਬ 'ਤੇ ਭਲਕੇ ਜੀ-7 ਨੇਤਾਵਾਂ ਦੀ ਬੈਠਕ ਬੁਲਾਏਗਾ। ਉਨ੍ਹਾਂ ਕਿਹਾ ਕਿ ਮੈਂ ਇਨ੍ਹਾਂ ਹਮਲਿਆਂ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕਰਦਾ ਹਾਂ... ਮੈਂ ਇਜ਼ਰਾਈਲ ਦੀ ਸੁਰੱਖਿਆ ਪ੍ਰਤੀ ਅਮਰੀਕਾ ਦੀ ਦ੍ਰਿੜ ਵਚਨਬੱਧਤਾ ਦੀ ਪੁਸ਼ਟੀ ਕਰਨ ਲਈ ਪ੍ਰਧਾਨ ਮੰਤਰੀ ਨੇਤਨਯਾਹੂ ਨਾਲ ਗੱਲ ਕੀਤੀ ਹੈ।" ਇਜ਼ਰਾਇਲੀ ਫੌਜ ਦੇ ਬੁਲਾਰੇ ਰੀਅਰ ਐਡਮਿਰਲ ਡੇਨੀਅਲ ਹਾਗਾਰੀ ਨੇ ਈਰਾਨ ਦੀ ਕਾਰਵਾਈ ਨੂੰ ਬੇਹੱਦ ਗੰਭੀਰ ਦੱਸਿਆ ਹੈ। ਉਨ੍ਹਾਂ ਕਿਹਾ ਕਿ ਈਰਾਨ ਨੇ ਖੇਤਰ ਨੂੰ ਤਣਾਅ ਵੱਲ ਧੱਕ ਦਿੱਤਾ ਹੈ।



## ਇਜ਼ਰਾਈਲ 'ਚ ਭਾਰਤੀ ਦੂਤਾਵਾਸ ਨੇ ਜਾਰੀ ਕੀਤੀ ਐਡਵਾਈਜ਼ਰੀ, ਨਾਗਰਿਕਾਂ ਨੂੰ ਕੀਤੀ ਇਹ ਅਪੀਲ

**ਨਵੀਂ ਦਿੱਲੀ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਈਰਾਨ ਨੇ ਇਜ਼ਰਾਈਲ ਉੱਤੇ ਆਪਣੇ ਪਹਿਲੇ ਸਿੱਧੇ ਹਮਲੇ ਵਿੱਚ ਵਿਸਫੋਟਕ ਡਰੋਨ ਅਤੇ ਮਿਜ਼ਾਈਲਾਂ ਲਾਂਚ ਕੀਤੀਆਂ। ਇਸ ਤੋਂ ਬਾਅਦ ਇਲਾਕੇ 'ਚ ਤਣਾਅ ਵਧ ਗਿਆ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ, ਇਜ਼ਰਾਈਲ ਵਿੱਚ ਭਾਰਤੀ ਦੂਤਾਵਾਸ ਨੇ ਐਤਵਾਰ ਨੂੰ ਉੱਥੇ ਰਹਿ ਰਹੇ ਆਪਣੇ ਨਾਗਰਿਕਾਂ ਲਈ ਇੱਕ ਐਡਵਾਈਜ਼ਰੀ ਜਾਰੀ ਕੀਤੀ ਅਤੇ ਉਨ੍ਹਾਂ ਨੂੰ ਸ਼ਾਂਤ ਰਹਿਣ ਦੇ ਨਾਲ-ਨਾਲ ਸਥਾਨਕ ਅਧਿਕਾਰੀਆਂ ਦੁਆਰਾ ਜਾਰੀ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਨ ਦੀ ਅਪੀਲ ਕੀਤੀ। ਦੂਤਾਵਾਸ ਨੇ ਕਿਹਾ ਕਿ ਉਹ ਸਥਿਤੀ 'ਤੇ ਨੇੜਿਓਂ ਨਜ਼ਰ ਰੱਖ ਰਿਹਾ ਹੈ ਅਤੇ ਭਾਰਤੀ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਅਧਿਕਾਰੀਆਂ ਅਤੇ ਪ੍ਰਵਾਸੀ ਮੈਂਬਰਾਂ ਦੋਵਾਂ ਦੇ ਸੰਪਰਕ ਵਿੱਚ ਹੈ। ਦੂਤਾਵਾਸ ਨੇ ਆਪਣੀ 24×7 ਐਮਰਜੈਂਸੀ ਹੈਲਪਲਾਈਨ ਵੀ ਜਾਰੀ ਕੀਤੀ ਹੈ ਅਤੇ ਉਨ੍ਹਾਂ ਭਾਰਤੀ ਨਾਗਰਿਕਾਂ ਨੂੰ ਅੰਬੈਸੀ ਨਾਲ ਰਜਿਸਟਰ ਕਰਨ ਦੀ ਬੇਨਤੀ ਕੀਤੀ ਹੈ, ਜਿਨ੍ਹਾਂ ਨੇ ਅਜੇ ਤੱਕ ਅਜਿਹਾ ਨਹੀਂ ਕੀਤਾ ਹੈ। ਰਜਿਸਟ੍ਰੇਸ਼ਨ ਫਾਰਮ ਹੋਰ ਵੇਰਵਿਆਂ ਦੇ ਨਾਲ-ਨਾਲ ਪਾਸਪੋਰਟ ਨੰਬਰ, ਨਾਮ, ਈਮੇਲ ਆਈਡੀ, ਮੋਬਾਈਲ ਨੰਬਰ, ਪੇਸ਼ੇ ਅਤੇ ਇਜ਼ਰਾਈਲ ਵਿੱਚ ਰਿਹਾਇਸ਼ ਦਾ ਪਤਾ ਪੁੱਛਦਾ ਹੈ। ਸਲਾਹਕਾਰ ਨੇ ਕਿਹਾ, "ਖੇਤਰ ਵਿੱਚ ਹਾਲ ਹੀ ਦੀਆਂ ਘਟਨਾਵਾਂ ਦੇ ਮੱਦੇਨਜ਼ਰ, ਇਜ਼ਰਾਈਲ ਵਿੱਚ ਸਾਰੇ ਭਾਰਤੀ ਨਾਗਰਿਕਾਂ ਨੂੰ ਸ਼ਾਂਤ ਰਹਿਣ ਅਤੇ ਸਥਾਨਕ ਅਧਿਕਾਰੀਆਂ ਦੁਆਰਾ ਜਾਰੀ ਸੁਰੱਖਿਆ ਪ੍ਰੋਟੋਕੋਲ ਦੀ ਪਾਲਣਾ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।" ਇਸ ਵਿੱਚ ਅੱਗੇ ਕਿਹਾ ਗਿਆ ਹੈ, "ਦੂਤਘਰ ਸਥਿਤੀ ਦੀ ਨੇੜਿਓਂ ਨਿਗਰਾਨੀ ਕਰ ਰਿਹਾ ਹੈ ਅਤੇ ਸਾਡੇ ਸਾਰੇ ਨਾਗਰਿਕਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਇਜ਼ਰਾਈਲੀ ਅਧਿਕਾਰੀਆਂ ਅਤੇ ਭਾਰਤੀ ਭਾਈਚਾਰੇ ਦੇ ਮੈਂਬਰਾਂ ਦੇ ਸੰਪਰਕ ਵਿੱਚ ਹੈ।"

## ਅਕਾਲੀ ਦਲ ਨੂੰ ਝਟਕਾ ! ਸਾਬਕਾ ਵਿਧਾਇਕ ਪਵਨ ਟੀਨੂੰ ਸਮਰਥਕਾਂ ਸਮੇਤ 'ਆਪ' 'ਚ ਸ਼ਾਮਲ



**ਚੰਡੀਗੜ੍ਹ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਜਲੰਧਰ ਦੀ ਆਦਮਪੁਰ ਸੀਟ ਤੋਂ ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ ਅੱਜ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ ਹਨ। ਟੀਨੂੰ ਪਾਰਟੀ 'ਚ ਸ਼ਾਮਲ ਹੋਣ ਲਈ ਚੰਡੀਗੜ੍ਹ ਸਥਿਤ ਸੀਐੱਮ ਹਾਊਸ ਪੁੱਜੇ ਸਨ। ਉਨ੍ਹਾਂ ਦੀ ਸ਼ਮੂਲੀਅਤ ਸੀ.ਐਮ ਮਾਨ ਨੇ ਪਾਰਟ ਵਿੱਚ ਕਰਵਾਈ ਹੈ। ਉਨ੍ਹਾਂ ਦੇ ਨਾਲ ਉਨ੍ਹਾਂ ਦੇ ਕਈ ਸਮਰਥਕ ਵੀ ਅਕਾਲੀ ਦਲ ਛੱਡ ਕੇ 'ਆਪ' ਵਿੱਚ ਸ਼ਾਮਲ ਹੋ ਗਏ ਹਨ। ਆਮ ਆਦਮੀ ਪਾਰਟੀ ਨੇ ਸੋਸ਼ਲ ਮੀਡੀਆ ਉੱਤੇ ਲਿਖਿਆ, ਸ਼੍ਰੋਮਣੀ ਅਕਾਲੀ ਦਲ ਨੂੰ ਵੱਡਾ ਝਟਕਾ!! ਦੁਆਬੇ ਦੀ ਸਿਆਸਤ ਦਾ ਵੱਡਾ ਨਾਂਅ, ਸਾਬਕਾ ਵਿਧਾਇਕ ਪਵਨ ਕੁਮਾਰ ਟੀਨੂੰ ਨੇ ਫੜਿਆ 'ਆਪ' ਦਾ ਪੱਲਾ। ਸਨਮਾਨ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਮਾਨ ਨੇ ਕਰਵਾਈ ਪਾਰਟੀ 'ਚ ਸ਼ਮੂਲੀਅਤ। ਟੀਨੂ ਜੀ ਦੁਆਬੇ ਇਲਾਕੇ ਦਾ ਵੱਡਾ ਦਲਿਤ ਚਿਹਰਾ ਨੇ ਟੀਨੂੰ ਦੇ 'ਆਪ' 'ਚ ਸ਼ਾਮਲ ਹੋਣ ਦੀ ਚਰਚਾ ਕਾਫੀ ਸਮੇਂ ਤੋਂ ਚੱਲ ਰਹੀ ਸੀ। ਟੀਨੂੰ ਜਲੰਧਰ ਸੀਟ ਤੋਂ 'ਆਪ' ਦੇ ਲੋਕ ਸਭਾ ਉਮੀਦਵਾਰ ਹੋ ਸਕਦੇ ਹਨ, ਕਿਉਂਕਿ ਟੀਨੂੰ ਦੀ ਜਲੰਧਰ 'ਚ ਦਲਿਤ ਵੋਟਾਂ 'ਤੇ ਮਜ਼ਬੂਤ ਪਕੜ ਹੈ। ਦੱਸ ਦਈਏ ਕਿ ਪਵਨ ਕੁਮਾਰ ਟੀਨੂੰ ਦੀ ਜਲੰਧਰ ਦੇ ਆਦਮਪੁਰ ਅਤੇ ਆਸਪਾਸ ਦੇ ਇਲਾਕਿਆਂ 'ਚ ਚੰਗੀ ਪਕੜ ਹੈ। ਪਵਨ ਕੁਮਾਰ ਟੀਨੂੰ 2012 ਵਿੱਚ ਪਹਿਲੀ ਵਾਰ ਪੰਜਾਬ ਵਿਧਾਨ ਸਭਾ ਦੇ ਮੈਂਬਰ ਚੁਣੇ ਗਏ ਸਨ। ਟੀਨੂੰ ਸ਼ੁਰੂ ਤੋਂ ਹੀ ਸ਼੍ਰੋਮਣੀ ਅਕਾਲੀ ਦਲ ਨਾਲ ਰਹੇ ਹਨ। ਉਨ੍ਹਾਂ ਨੇ 2014 ਦੀਆਂ ਲੋਕ ਸਭਾ ਚੋਣਾਂ ਲੜੀਆਂ, ਪਰ 70981 ਵੋਟਾਂ ਨਾਲ ਹਾਰ ਗਏ। ਟੀਨੂੰ 2017 ਵਿੱਚ ਦੂਜੀ ਵਾਰ ਵਿਧਾਇਕ ਚੁਣੇ ਗਏ ਸਨ। ਪਿਛਲੀਆਂ ਚੋਣਾਂ ਵਿੱਚ ਉਹ ਕਾਂਗਰਸ ਦੇ ਸੁਰਿੰਦਰ ਸਿੰਘ ਕੋਟਲੀ ਤੋਂ ਹਾਰ ਗਏ ਸਨ। ਜ਼ਿਕਰ ਕਰ ਦਈਏ ਕਿ ਇਸ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਸੁਸ਼ੀਲ ਕੁਮਾਰ ਰਿੰਕੂ ਨੂੰ ਜਲੰਧਰ ਤੋਂ ਟਿਕਟ ਦਿੱਤੀ ਗਈ ਸੀ। ਪਰ ਟਿਕਟ ਮਿਲਣ ਤੋਂ ਬਾਅਦ ਉਹ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ। ਭਾਜਪਾ ਨੇ ਉਨ੍ਹਾਂ ਨੂੰ ਜਲੰਧਰ ਲੋਕ ਸਭਾ ਸੀਟ ਤੋਂ ਟਿਕਟ ਵੀ ਦਿੱਤੀ ਹੈ।

ਆਵਾਜ਼ਿ ਕੌਮ

Daily Newspaper from U.K.

Publisher/Chief Editor
Raghbir Singh Walsal
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243




ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਲੱਖਾ ਸਿਧਾਣਾ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਬਠਿੰਡਾ ਤੋਂ ਐਲਾਨਿਆ ਉਮੀਦਵਾਰ



**ਬਠਿੰਡਾ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੈਂਗਸਟਰ ਤੋਂ ਸਮਾਜ ਸੇਵੀ ਬਣੇ ਲੱਖਾ ਸਿਧਾਣਾ ਹੁਣ ਬਠਿੰਡਾ ਤੋਂ ਸਿਆਸੀ ਕਿਸਮਤ ਅਜਮਾਉਣ ਜਾ ਰਹੇ ਹਨ।ਲੱਖਾ ਸਿਧਾਣਾ ਨੂੰ ਲੋਕ ਸਭਾ ਚੋਣਾਂ 2024 ਲਈ ਉਮੀਦਵਾਰ ਐਲਾਨਿਆ ਗਿਆ ਹੈ। ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਨੇ ਉਨ੍ਹਾਂ ਨੂੰ ਬਠਿੰਡਾ ਤੋਂ ਆਪਣਾ ਉਮੀਦਵਾਰ ਐਲਾਨ ਦਿੱਤਾ ਹੈ। ਇਸ ਤੋਂ ਪਹਿਲਾਂ ਅਕਾਲੀ ਦਲ ਅੰਮ੍ਰਿਤਸਰ 8 ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਚੁੱਕਾ ਹੈ। ਲੱਖਾ ਸਿਧਾਣਾ ਦੇ ਸਿਆਸਤ ਵਿੱਚ ਆਉਣ ਨਾਲ ਬਠਿੰਡਾ ਸੀਟ ਹੋਰ ਦਿਲਚਸਪ ਹੋ ਗਈ ਹੈ। ਫਿਲਹਾਲ ਸਭ ਦਾ ਧਿਆਨ ਹੁਣ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲ ਹੈ ਕਿ ਉਹ ਬਠਿੰਡਾ ਤੋਂ ਹਰਸਿਮਰਤ ਬਾਦਲ ਦੇ ਨਾਂ 'ਤੇ ਕੀ ਫੈਸਲਾ ਲੈਂਦੇ ਹਨ। ਜ਼ਿਕਰ ਕਰ ਦਈਏ ਕਿ ਲੱਖਾ ਸਿਧਾਣਾ ਕਾਲਜ ਵਿੱਚ ਪੜ੍ਹਦਿਆਂ ਨੌਜਵਾਨ ਸਿਆਸਤ ਵਿੱਚ ਸਰਗਰਮ ਹੋ ਗਿਆ ਪਰ ਉਦੋਂ ਤੋਂ ਉਹ ਅਪਰਾਧ ਦੀ ਦੁਨੀਆ ਵਿੱਚ ਚਲਾ ਗਿਆ। ਸ਼ੁਰੂ ਵਿੱਚ ਉਸ ਦਾ ਨਾਂਅ ਮਾਮੂਲੀ ਲੜਾਈਆਂ ਅਤੇ ਬੂਥ ਕੈਪਚਰਿੰਗ ਆਦਿ ਵਿੱਚ ਆਇਆ। ਉਹ ਅਕਾਲੀ ਦਲ ਦੇ ਸਿਕੰਦਰ ਸਿੰਘ ਮਲੂਕਾ ਦੇ ਕਰੀਬੀ ਦੱਸੇ ਜਾਂਦਾ ਸੀ। ਲੱਖਾ ਸਿਧਾਣਾ ਪਹਿਲੀ ਵਾਰ 2004 ਵਿੱਚ ਸਲਾਖਾਂ ਪਿੱਛੇ ਗਿਆ ਸੀ ਅਤੇ 2017 ਤੱਕ ਕਈ ਵਾਰ ਗ੍ਰਿਫ਼ਤਾਰ ਹੋਇਆ ਸੀ। ਇਸ ਦੌਰਾਨ ਉਸ ਖ਼ਿਲਾਫ਼ ਕਤਲ, ਜਬਰੀ ਵਸੂਲੀ, ਲੜਾਈ-ਝਗੜੇ ਅਤੇ ਕਤਲ ਦੀ ਕੋਸ਼ਿਸ਼ ਦੇ ਕਰੀਬ ਦੋ ਦਰਜਨ ਕੇਸ ਦਰਜ ਹਨ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜ਼ਮੀਨ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਗਰੰਥ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ , ਫੁੱਟਬਾਲ ਪਿੱਚ ,ਜਿੰਮ , ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £630.000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪ੍ਰਤੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੱਜੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


# ਜ਼ਿਲ੍ਹਾ ਫ਼ਿਰੋਜ਼ਪੁਰ ਦੇ ਨਾਮਵਰ ਰਾਗੀ ਜਥੇ ਭਾਈ ਅਵਤਾਰ ਸਿੰਘ ਸਾਰਾਗੜ੍ਹੀ, ਭਾਈ ਕੁਲਵੰਤ ਸਿੰਘ ਮਹਾਲਮ, ਭਾਈ ਪ੍ਰਿਤਪਾਲ ਸਿੰਘ ਨੂੰ ਮਿਲ ਰਿਹੈ ਭਰਪੂਰ





ਫਿਰੋਜ਼ਪੁਰ 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਜ਼ਿਲ੍ਹਾ ਫ਼ਿਰੋਜ਼ਪੁਰ ਦੇ ਨਾਮਵਰ ਰਾਗੀ ਜਥਾ ਭਾਈ ਅਵਤਾਰ ਸਿੰਘ ਸਾਰਾਗੜ੍ਹੀ, ਭਾਈ ਕੁਲਵੰਤ ਸਿੰਘ ਮਹਾਲਮ, ਭਾਈ ਪ੍ਰਿਤਪਾਲ ਸਿੰਘ

ਆਵਾਜ਼ਿ ਕੌਮ AWAZE QAUM International Newspaper & WEB TV

ਜੋ ਕਿ ਪਿਛਲੇ ਸਮੇਂ ਤੋਂ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਕਨੇਡਾ ਦੇ ਟਰਾਂਟੋ ਸ਼ਹਿਰ ਵਿੱਚ ਪਹੁੰਚਿਆ ਹੋਇਆ ਹੈ। ਇਸ ਜਥੇ ਦੇ ਸਿੰਘਾਂ ਵੱਲੋਂ ਗੁਰਬਾਣੀ ਦੇ ਕੀਰਤਨ ਕਰਨ ਦੇ ਨਾਲ ਨਾਲ ਖਾਲਸਾ ਪੰਥ ਸਾਜਣਾ ਦਿਵਸ ਅਤੇ ਵਿਸਾਖੀ ਦੇ ਦਿਹਾੜੇ ਨੂੰ ਨੂੰ ਸਮਰਪਿਤ ਕਨੇਡਾ ਦੇ ਸਥਾਨਕ ਸ਼ਹਿਰ ਟੋਰਾਂਟੋ ਵਿਖੇ ਇਸ ਰਾਗੀ ਜਥੇ ਵੱਲੋਂ ਸੰਗਤਾਂ ਨੂੰ ਦਸਤਾਰਾਂ ਸਜਾਉਣ ਦਾ ਉਪਰਾਲਾ ਕੀਤਾ ਗਿਆ ਹੈ। ਇਸ ਮੌਕੇ ਵੱਡੀ ਗਿਣਤੀ ਵਿੱਚ ਗੋਰਿਆਂ ਨੇ ਵੀ ਆਪਣੇ ਸਿਰਾਂ ਤੇ ਦਸਤਾਰਾਂ ਸਜਾਈਆਂ ਅਤੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਵੀ ਆਪਣੇ ਸਿਰਾਂ ਤੇ ਦਸਤਾਰਾਂ ਸਜਾਈਆਂ ਗਈਆਂ। ਪੱਤਰਕਾਰਾਂ ਨਾਲ ਫੋਨ ਤੇ ਗੱਲਬਾਤ ਕਰਦਿਆਂ ਰਾਗੀ ਜਥੇ ਦੇ ਸਿੰਘਾਂ ਭਾਈ ਅਵਤਾਰ ਸਿੰਘ ਸਾਰਾਗੜ੍ਹੀ, ਭਾਈ ਕੁਲਵੰਤ ਸਿੰਘ ਮਹਾਲਮ, ਭਾਈ ਪ੍ਰਿਤਪਾਲ ਸਿੰਘ ਨੇ ਦੱਸਿਆ ਕਿ ਕੇਨੇਡਾ ਦੀਆਂ ਸੰਗਤਾਂ ਵੱਲੋਂ ਬਹੁਤ ਵਧੀਆ ਸਹਿਯੋਗ ਅਤੇ ਪਿਆਰ ਮਿਲ ਰਿਹਾ ਹੈ। ••


24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਕੰਨਾ, ਸਿਹਾਰੀ, ਬਿਹਾਰੀ
ਔਂਕੜ, ਦੁਲੈਂਕੜ, ਲਾਂ, ਦੁਲਾਵਾਂ
ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

# ਕਾਮਰੇਡਾਂ ਦਾ ਨਵਾਂ ਸ਼ਹੀਦ ਚਮਕੀਲਾ, ਮਾਰਕਸ ਬਨਾਮ ਗੁਰੂ ਗਰੰਥ ਸਾਹਿਬ ਦਾ ਇਨਕਲਾਬੀ ਵਿਰਸਾ



**ਸੁਟੇਬਾਜ** ਮਸਤ ਬਾਬਿਆਂ ਨੇ ਗੈਬੀ ਤੇ ਸਿਖ ਵਿਰੋਧੀ ਤਾਕਤਾਂ ਦੇ ਇਸ਼ਾਰਿਆਂ ਉਪਰ ਅਨੇਕਾਂ ਚਮਕੀਲੇ ਪੈਦਾ ਕੀਤੇ,ਉਨ੍ਹਾਂ ਉਪਰ ਧਨ ਵਰਖਾ ਕੀਤੀ ਤੇ ਪੰਜਾਬ ਦੇ ਨੌਜਵਾਨ ਨਸ਼ਿਆਂ ਉਪਰ ਲਗਾਏ।ਚਮਕੀਲਾ ਕਾਮਰੇਡਾਂ ਦੀ ਨਜਰ ਵਿਚ ਸ਼ਹੀਦ ਸੀ।ਕਾਮਰੇਡਾਂ ਦਾ ਮਾਰਕਸ ਟੀਨਏਜ ਨੌਕਰਾਣੀ ਨਾਲ ਸੈਕਸ ਕਰਕੇ ਗਰਭਵਤੀ ਕਰਦਾ ਹੈ।ਫਿਰ ਇਨਕਲਾਬ ਲਿਖਿਆ ਜਾਂਦਾ ਹੈ।ਇਸ ਵਿਗੜੇ ਇਨਕਲਾਬ ਵਿਚੋਂ ਚਮਕੀਲੇ ਬਾਰੇ ਹਮਦਰਦੀ ਪੈਦਾ ਹੋਣੀ ਯਕੀਨੀ ਹੈ।ਜੇ ਸਟੇਟ ਇਸ ਕੰਜਰ ਗਾਇਕੀ ਬਾਰੇ ਸਖਤ ਹੁੰਦੀ ਤਾਂ ਚਮਕੀਲੇ ਅਜਿਹੀ ਗਾਇਕੀ ਵਲ ਜਾਂਦੇ ਨਹੀਂ।ਮੈਨੂੰ ਲਗਦਾ।ਮਾਰਕਸ ਦੀ ਰੂਹ ਕਾਮਰੇਡਾਂ ਨੂੰ ਤੰਗ ਕਰਦੀ ਹੈ ਤਾਂ ਹੀ ਉਹ ਚਮਕੀਲੇ ਵਰਗੇ ਸ਼ਹੀਦ ਲਭਣ ਤੁਰ ਜਾਂਦੇ ਹਨ।ਸ਼ਾਇਦ ਉਨ੍ਹਾਂ ਦੀ ਨਜਰਾਂ ਵਿਚ ਚਮਕੀਲਾ ਵਡਾ ਇਨਕਲਾਬੀ ਹੈ।ਚਮਕੀਲੇ ਦਾ ਇਨਕਲਾਬ ਦਿਉਰ ਭਾਬੀ ਦੇ ਹੁਸਨ ਦਾ ਨਿਘ ਮਾਣੇ ਗੁਆਂਢਣ ਛਡੇ ਨਾ।ਇਹ ਕੀ ਨੈਤਿਕਤਾ ਹੈ।ਜਿਹੋ ਜਿਹੇ ਥੋਡੇ ਗੀਤ ਹੋਣਗੇ ਉਹੋ ਜਿਹੀ ਜਵਾਨੀ ਹੋਵੇਗੀ।ਨੌਜਵਾਨੀ ਨੂੰ ਨਸ਼ਿਆਂ ਤੇ ਸੈਕਸ ਜੰਗਲੀਪੁਣੇ ਵਲ ਕੋਣ ਤੌਰਨਾ ਚਾਹੁੰਦਾ ਹੈ।ਇਸ ਗਾਇਕੀ ਦਾ ਦੁਖਾਂਤ ਇਹ ਰਿਹਾ ਕਿ ਇਨ੍ਹਾਂ ਨੇ ਜੋ ਗਾਇਆ ਉਹ ਅੱਜ ਤੋਂ 30-35 ਸਾਲ ਪਹਿਲਾਂ ਦਾ ਸਾਡਾ ਸਮਾਜ ਉਸ ਨੂੰ ਪ੍ਰਵਾਨ ਨਹੀਂ ਸੀ ਕਰਦਾ। ਬਿਨਾਂ ਸ਼ੱਕ ਜੇ ਚਮਕੀਲੇ ਨੇ ਅੱਜ ਉਹ ਗੀਤ ਗਾਏ ਹੁੰਦੇ ਤਾਂ ਕਿਸੇ ਨੇ ਨਹੀਂ ਸੀ ਸੁਣਨੇ ਕਿਉਂਕਿ ਅੱਜ ਪੰਜਾਬੀ ਵਧੇਰੇ ਨੰਗੇਜ ਵੇਖਣ ਅਤੇ ਅਸ਼ਲੀਲ ਸੁਣਨ ਦੇ ਆਦੀ ਹੋ ਗਏ ਹਨ। ਇਹ ਪ੍ਰਭਾਵ ਹੈ ਚਮਕੀਲਾ ਗਾਇਕੀ ਦਾ।ਜਰਾ ਅਧਿਐਨ ਕਰੋ।ਗੁਰੂ ਨੇ ਕਿਹੜਾ ਸੰਗੀਤ ਬਖਸ਼ਿਆ ਅਸੀਂ ਕਿਧਰ ਤੁਰ ਪਏ।ਸਾਨੂੰ ਇਹ ਪ੍ਰਵਚਨ ਮਿਸਜ਼ ਪਰਲ ਐਸ. ਬੱਕ (ਨੋਬਲ-ਇਨਾਮ ਜੇਤੂ)ਦੇ ਸਮਝਣੇ ਚਾਹੀਦੇ ਹਨ

"ਮੈਂ ਹੋਰ ਵੀ ਧਰਮਾਂ ਦੇ ਗ੍ਰੰਥ ਪੜ੍ਹੇ ਹਨ, ਪਰ ਮੈਨੂੰ ਹੋਰ ਕਿਧਰੇ ਵੀ ਮਨ ਤੇ ਦਿਲ ਨੂੰ ਟੁੰਬਣ ਵਾਲੀ ਉਹ ਸ਼ਕਤੀ ਨਹੀਂ ਮਿਲੀ, ਜੋ ਗੁਰੂ ਗ੍ਰੰਥ ਸਾਹਿਬ ਵਿੱਚੋਂ ਪ੍ਰਾਪਤ ਹੋਈ ਹੈ।ਆਕਾਰ ਵੱਡਾ ਹੋਣ ਦੇ ਬਾਵਜੂਦ ਵੀ, ਇਹ ਗ੍ਰੰਥ ਇੱਕ ਬੱਝਵਾਂ ਪ੍ਰਭਾਵ ਪਾਉਂਦਾ ਹੈ। ਇਸ ਵਿੱਚ ਮਨੁੱਖੀ ਮਨ ਦੀਆਂ ਅਥਾਹ ਪਕੜ ਵਾਲੀਆਂ ਗੱਲਾਂ ਦਾ ਭੇਦ ਉਜਾਗਰ ਕੀਤਾ ਹੋਇਆ ਹੈ। ਬ੍ਰਹਮ ਦੇ ਪਵਿੱਤਰ ਵਿਚਾਰ ਤੋਂ ਲੈ ਕੇ ਮਨੁੱਖੀ ਸਰੀਰ ਜਿਨ੍ਹਾਂ ਆਮ ਚੀਜ਼ਾਂ ਨੂੰ ਮੰਨਦਾ ਅਤੇ ਹੱਲ ਕਰਦਾ ਹੈ, ਉਨ੍ਹਾਂ ਸਭਨਾਂ ਦਾ ਵਰਨਣ ਅਤੇ ਪ੍ਰਗਟਾਅ ਇਸ ਵਿੱਚ ਹੈ। ਇਸ ਦਾ ਸੰਗੀਤ ਮਨੁੱਖੀ ਮਨ ਵਿਚ ਸੁਹਜ ਤੇ ਉਤਸ਼ਾਹ ਪੈਦਾ ਕਰਦਾ ਹੈ।

ਸ਼ਾਇਦ ਇਹ ਬੱਝਵਾਂ ਪ੍ਰਭਾਵ ਹੀ ਉਸ ਸ਼ਕਤੀ ਦਾ ਸੋਮਾ ਹੈ, ਜਿਸ ਦਾ ਅਨੁਭਵ ਮੈਨੂੰ ਇਸ ਗ੍ਰੰਥ ਵਿੱਚ ਹੋਇਆ ਹੈ। ਕੋਈ ਮਨੁੱਖ, ਭਾਵੇਂ ਉਹ ਕਿਸੇ ਵੀ ਧਰਮ ਨਾਲ ਸੰਬੰਧਤ ਹੋਵੇ ਜਾਂ ਨਾਸਤਕ ਹੀ ਕਿਉਂ ਨਾ ਹੋਵੇ, ਇਹ ਬਾਣੀ ਸਭ ਨੂੰ ਇੱਕੋ ਤਰ੍ਹਾਂ ਸੰਬੋਧਨ ਕਰਦੀ ਹੈ, ਕਿਉਂਕਿ ਇਸ ਦੀ ਆਵਾਜ਼ ਮਨੁੱਖੀ ਦਿਲ ਅਤੇ ਕੁੱਝ ਲੱਭ ਰਹੇ ਮਨਾਂ ਲਈ ਹੈ"।

ਭਰਮ ਗਿਆਨੀ ਸ਼ਾਇਦ ਇਸ ਵਿਚਾਰ ਨੂੰ ਸਮਝ ਸਕਣ।

-ਬਲਵਿੰਦਰਪਾਲ ਸਿੰਘ (ਪ੍ਰੋ.)

ਆਵਾਜ਼ਿ ਕੌਮ AWAZE QAUM International Newspaper & WEB TV

ਪੰਥਕ ਸ਼ਬਦ ਸਚੀ ਟਕਸਾਲ ॥ ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net
ਨਾਮ ਜਪੋ ਕਿਰਤ ਕਰੋ ਵੰਡ ਛੱਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH


ਪ੍ਰਣਾਮ ਸ਼ਹੀਦਾਂ ਨੂੰ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ
ਸੁਭ ਕਰਮਨ ਤੇ ਕਬਹੂੰ ਨ ਟਰੋਂ
ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ
ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ
33ਵਾਂ ਸ਼ਹੀਦ ਭਾਈ ਸੁਭਾਸ਼ ਸਿੰਘ ਬੱਬਰ ਖਾਲਸਾ ਇੰਟਰਨੈਸ਼ਨਲ ਜੇਠੂਵਾਲ ਸ਼ਹੀਦੀ ਸਮਾਗਮ
ਬਾਬੇ ਸ਼ਹੀਦਾ ਦੇ ਪਵਿੱਤਰ ਸਥਾਨ ਜੇਠੂਵਾਲ ਵਿਖੇ-ਸ਼ਰਧਾ ਅਤੇ ਭਾਵਨਾ ਨਾਲ
21-4-24 ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ।
ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗਿ: ਹਰਨਾਮ ਸਿੰਘ ਖਾਲਸਾ
ਬੰਦੀ ਸਿੰਘ ਰਿਹਾ ਕਰੋ
ਬੰਦੀ ਸਿੰਘ ਰਿਹਾ ਕਰੋ
ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ। ਢਾਡੀ ਰਾਗੀ ਗੁਰੂ ਜਸ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ਹੀਦਾ ਦੇ ਪਰਿਵਾਰਾ ਨੂੰ ਸਨਮਾਨਿਤ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆ ਦੀ ਯਾਦ ਨੂੰ ਸਮਰਪਿਤ ਪੰਜਾਬ ਪੁਲਿਸ ਵੱਲੋਂ ਜਸਵੰਤ ਸਿੰਘ ਖਾਲੜਾ ਸਮੇਤ 28000 ਸਿੱਖ ਨੌਜਵਾਨਾ ਨੂੰ ਚੱਕ ਕੇ ਝੂਠੇ ਪੁਲਿਸ ਮੁਕਾਬਲਿਆ ਦੌਰਾਨ ਸ਼ਹੀਦ ਕੀਤੇ ਗਏ ਨੌਜਵਾਨਾ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਰ ਪਿੰਡ-ਪਿੰਡ ਵਿੱਚ ਸ਼ਹੀਦੀ ਸਮਾਗਮ ਕਰਵਾਏ ਜਾਣ।
ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਪੁਲਿਸ ਵੱਲੋਂ ਘਰਾਂ ਤੋਂ ਚੁੱਕ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰ ਮੁਕਾਏ ਨੌਜਵਾਨਾ ਦੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਪੁਲਿਸ ਵੱਲੋਂ ਚੁੱਕੇ ਨੌਜਵਾਨਾ ਦੇ ਘਰ ਆਉਣ ਦੀ ਆਸ ਨੂੰ ਛੱਡ ਕੇ ਪਿੰਡ-ਪਿੰਡ ਸ਼ਹੀਦੀ ਸਮਾਗਮ ਕਰਵਾਉਣ ਲਈ ਸਿੱਖ ਕੌਮ ਦਾ ਸਹਿਯੋਗ ਦਿਉ ਜੀ।
ਜਥੇਦਾਰ ਭਰਾਵਾਂ ਬਲਵਿੰਦਰ ਸਿੰਘ, ਨਿਰਮਲ ਸਿੰਘ ਜੇਠੂਵਾਲ (M) 99148-13471, 98157-25280, 62394-24387
ਲਵਾਰਸਾ ਦੇ ਵਾਰਸ
ਵੱਲੋਂ:- ਜੋਧਪੁਰ ਨਜ਼ਰਬੰਦ ਭਿਟੇਨ ਐਕਸ਼ਨ ਕਮੇਟੀ ਭਿੰਡਰਾਂਵਾਲੇ ਅਤੇ ਲੋਕਲ ਕਮੇਟੀ ਗ੍ਰਾਮ ਪੰਚਾਇਤ। ਜੇਠੂਵਾਲ, ਬਟਾਲਾ
ਮਾਨਯੋਗ ਸੁਪਰੀਮ ਕੋਰਟ ਨੂੰ ਅਪੀਲ ਹੈ ਕਿ ਸੂਹੋ ਮੋਟੋ ਐਕਸ਼ਨ ਲੈ ਕੇ ਤੁਰੰਤ ਭਾਈ ਖਾਲੜਾ ਸਮੇਤ ਭਾਈ ਸ਼ੁਭਾਸ਼ ਸਿੰਘ ਜੇਠੂਵਾਲ ਅਤੇ 28000 ਲਾਵਾਰਸਾਂ ਸਬੰਧੀ ਵਾਰਸਾਂ ਨੂੰ ਨਿਆ ਦਿੱਤਾ ਜਾਵੇ।
ਬੇਨਤੀ ਕਰਤਾ: ਨੇਤਾ ਜੀ ਸ਼ੁਭਾਸ ਸਿੰਘ ਸ਼ਹੀਦ ਬੱਬਰ ਖਾਲਸਾ ਟਰੱਸਟ ਜੇਠੂਵਾਲ ,ਜਥੇਦਾਰ ਭਰਾਵਾਂ ਬਲਵਿੰਦਰ ਸਿੰਘ ਜੇਠੂਵਾਲ ਨਿਰਮਲ ਸਿੰਘ ਜੇਠੂਵਾਲ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470

# ਸੰਮਤ ਪ੫੬ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ | ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) | ਤਖ਼ਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ (ਨੰਦੇੜ)




**ਚੇਤ** (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਵੈਸਾਖ** (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਜੇਠ** (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਹਾੜ** (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਸਾਵਣ** (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

**ਭਾਦੋਂ** (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

**ਅੱਸੂ** (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

**ਕੱਤਕ** (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

**ਮੱਘਰ** (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

**ਪੋਹ** (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

**ਮਾਘ** (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

**ਫੱਗਣ** (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.
ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

## ਧਾਰਮਿਕ ਸਮਾਗਮ

21 ਅਪ੍ਰੈਲ ਦਿਨ ਐਤਵਾਰ

★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

2-20 Tunbridge Street, Preston, Lancashire PR1 5YP
Contact : 01772-798 395/07958 683 500

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਪਿੰਡ ਰੋਡੇ ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ 2 ਜੂਨ ਨੂੰ ਮਨਾਇਆ ਜਾਵੇਗਾ

ਇਸ ਸਬੰਧੀ ਅਤੇ ਹੋਰ ਪੰਥਕ ਵਿਚਾਰਾਂ ਕਰਨ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 20 ਅਪ੍ਰੈਲ ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਰੋਡੇ ਵਿਖੇ 10 ਵਜੇ ਬੁਲਾਈ ਗਈ ਹੈ।



--⋆ ਬੇਨਤੀ ਕਰਤਾ ⋆--

**ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂਵਾਲੇ

ਮੈਂਬਰ ਸ਼੍ਰੋਮਣੀ ਕਮੇਟੀ, ਸ੍ਰੀ ਅੰਮ੍ਰਿਤਸਰ ਅਤੇ ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

# ਸਿੱਖ ਜਗਤ ਦਾ ਲਿਖਾਰੀ ਹੋਇਆ ਹੈ - ਐਸ.ਐਸ.ਅਮੋਲ

ਬਾ-ਕਮਾਲ ਲਿਖਤਾਂ ਲਿੱਖੀਆਂ ਹਨ ਏਸ ਬੰਦੇ ਨੇ,
ਅਨਾਥ ਆਸ਼ਰਮ ਵਿਚ ਪੜ੍ਹਿਆ ਹੈ,
ਮਾਤਾ ਪਿਤਾ ਛੋਟੀ ਉਮਰੇ ਚੜ੍ਹਾਈ ਕਰ ਗਏ ਸਨ,
ਕੋਈ ਸਹਾਰਾ ਨਹੀਂ ਸੀ,
ਵੈਸੇ ਅਨਾਥਾਂ ਨੇ ਵੀ ਸਿੱਖੀ ਵਿਚ ਬੜ੍ਹਾ ਵੱਡਾ ਰੋਲ ਅਦਾ ਕੀਤਾ ਹੈ,
#ਜੱਸਾ·:ਸਿੰਘ·:ਰਾਮਗੜੀਆ- ਇਸਦਾ ਵੀ ਪਿਤਾ ਨਹੀ ਸੀ,
#ਬਘੇਲ·:ਸਿੰਘ ਇਸਦਾ ਵੀ ਪਿਤਾ ਚੜ੍ਹਾਈ ਕਰ ਗਿਆ ਸੀ,
#ਹਰੀ·:ਸਿੰਘ·:ਨਲੂਏ ਦਾ ਵੀ ਪਿਤਾ ਨਹੀ ਸੀ,
ਦੁਨਿਆਵੀ ਤੌਰ ਤੇ ਇਹ ਅਨਾਥ ਲੋਕ ਸਨ,
ਇਹਨ੍ਹਾਂ ਅਨਾਥਾਂ ਨੇ ਉੱਠ ਕੇ ਬੜੀਆਂ ਉੱਚੀਆਂ ਬੁਲੰਦੀਆਂ ਨੂੰ ਛੋਹਿਆ ਹੈ,

ਐਸ ਐਸ ਅਮੋਲ ਵਿਚਾਰਾ ਅਨਾਥ ਹੈ ਤੇ ਪੜ੍ਹਿਆ ਹੈ ਦਸਵੀ ਕੁ ਤੱਕ,
ਇੱਕ ਵਾਰੀ ਅਚਾਨਕ ਐਸਾ ਭਾਣਾ ਵਰਤਿਆ ਕਿ ਇਸਨੇ ਇੱਕ ਅਖਬਾਰ ਵਿੱਚ ਪੜ੍ਹਿਆ, ਇੱਕ ਬਹੁਤ ਅੱਛੀ ਕਨਵੈਂਨਸ਼ਨ ਹੋ ਰਹੀ ਸੀ,
ਉਮਰ ਛੋਟੀ ਸੀ, ਹੱਜੇ ਤੇ ਮੂੰਹ ਤੇ ਦਾਹੜ੍ਹਾ ਵੀ ਨਹੀ ਸੀ ਆਇਆ,
ਕਈ ਧਰਮਾਂ ਦੇ ਲੋਕ ਆਏ ਹੋਏ ਸਨ, ਇਹ ਵੀ ਗਿਆ ਤੇ ਬਾਕੀ ਧਰਮਾਂ ਦੇ ਲੋਕ ਬੜ੍ਹੇ ਪ੍ਰਭਾਵਿਤ ਹੋਏ, ਛੋਟੀ ਉਮਰ ਵਿਚ ਏਨਾ ਗਿਆਨ।
ਉਹਨ੍ਹਾਂ ਵਿਚ ਇੱਕ ਈਸਾਈ ਧਰਮ ਦਾ #ਪਾਦਰੀ ਸੀ,
ਸਾਡੀ ਕੌਮ ਦੇ ਵਿਚ ਜਿਹੜਾ ਕੋਈ 4 ਚਾਰ ਅੱਖਰ ਜਿਆਦਾ ਪੜ੍ਹਦਾ ਹੈ ਉਹ ਹੰਕਾਰ ਵਿਚ ਮਰਦਾ ਹੈ ।
ਪਾਦਰੀ ਉਸ ਕੋਲ ਉਠ ਕੇ ਗਿਆ ਤੇ ਕਹਿਣ ਲੱਗਿਆ ਬੱਚਿਆ, ਤੇਰਾ ਨਾਂ ਕੀ ਹੈ ? ਇਸਨੇ ਨਾਂ ਦਸਿਆ,
ਉਹ ਪੁੱਛਦਾ ਕਿਥੇ ਰਹਿੰਦਾ ਹੈ ?
ਕਹਿਣ ਲੱਗਿਆ- ਮੈ ਅਨਾਥ ਆਸ਼ਰਮ ਵਿਚ ਰਹਿੰਦਾ ਹਾਂ,
ਪਾਦਰੀ ਕਹਿੰਦਾ ਮੈਨੂੰ ਪਤਾ ਸੀ , ਪਰ ਫੇਰ ਵੀ ਮੈ ਸੋਚਿਆ ਇਕ ਵਾਰੀ ਤੈਨੂੰ ਖੁੱਦ ਨੂੰ ਪੁੱਛ ਲਵਾਂ ਤੇ ਪੁੱਤਰ , ਤੈਨੂੰ ਅਨਾਥ ਆਸ਼ਰਮ ਕਿਥੇ ਕੁ ਤੱਕ ਲਿਜਾ ਸਕਦਾ ਹੈ ?
ਤੂੰ ਇਓ ਕਰ, ਆਹ ਮੇਰਾ ਇਕ #ਕਾਰਡ (card) ਰੱਖ ਲੈ,
ਜੇ ਤੈਨੂੰ ਕਦੇ ਜ਼ਿੰਦਗੀ ਵਿਚ ਕੋਈ ਲੋੜ੍ਹ ਪਈ ਤੇ ਤੂੰ ਮੈਨੂੰ ਇਸ ਪਤੇ ਤੇ ਆ ਕੇ ਮਿਲੀ।
ਮੇਰਾ ਸ਼ੌਂਕ ਹੈ ਕਿ ਜਿਹੜ੍ਹੇ ਤੇਰੇ ਵਰਗੇ ਬੱਚੇ ਪੜ੍ਹਣ ਵਾਲੇ ਹੁੰਦੇ ਹਨ ਮੈ ਉਹਨ੍ਹਾਂ ਨੂੰ ਪੜ੍ਹਾਉਣਾ ਚਾਹੁੰਦਾ ਹਾਂ।
ਇਸਨੇ ਆਖਿਆ ਹਾਂਜੀ ਪੜ੍ਹਣ ਦਾ ਤੇ ਮੈਨੂੰ ਬੜ੍ਹਾ ਸ਼ੌਂਕ ਹੈ,
ਇਸਾਈ ਧਰਮ ਦਾ ਲਾਲਚ ਦਿੱਤਾ ਉਸ ਪਾਦਰੀ ਨੇ,
ਕਹਿਣ ਲੱਗਾ ਜੇ ਤੂੰ ਪੜ੍ਹਣਾ ਚਾਹੁੰਦਾ ਹੈ ਮੈ ਤੈਨੂੰ #ਵਲੈਤ ਪੜ੍ਹਾ ਸਕਦਾ,
(ਉਹਨ੍ਹਾਂ ਸਮਿਆਂ ਵਿਚ #ਇੰਗਲੈਂਡ ਨੂੰ ਵਲੈਤ ਕਹਿੰਦੇ ਸਨ)
ਇਸਨੇ ਆਖਿਆ ਕਿ ਮੇਰਾ ਖਰਚਾ ਦੇਣ ਵਾਲਾ ਕੋਈ ਨਹੀ,
ਪਾਦਰੀ ਕਹਿੰਦਾ ਖਰਚਾ ਮੈ ਦਿਆਂਗਾ,
ਇਹ ਕਹਿੰਦਾ, ਕੱਲ ਨੂੰ ਮੋੜ੍ਹਣਾ ਹੋਵੇਗਾ ?
ਪਾਦਰੀ ਕਹਿੰਦਾ ਆਹੋ ਮੋੜ੍ਹਣਾ ਤੇ ਹੈ ਪਰ ਪੈਸੇ ਨਹੀ ਕਿਸੇ ਦੂਜੇ ਰੂਪ ਵਿਚ ਮੋੜ੍ਹਣਾ ਹੈ,
ਇਸਨੇ ਪੁੱਛਿਆ ਉਹ ਕਿਵੇਂ ਮੋੜ੍ਹਨਾ ਹੈ ?
ਪਾਦਰੀ ਕਹਿੰਦਾ ਅਜੇ ਛੱਡ ਜਦੋਂ ਲੋੜ੍ਹ ਪਈ ਉਹਦੋਂ ਗੱਲ ਕਰਾਂਗੇ,
ਹਾਲੇ ਨਹੀ।
ਤੁਰ੍ਹੇ ਜਾਂਦਿਆਂ ਕੁੱਝ ਇਕ ਕਦਮ ਤੁਰ੍ਹਿਆ ਹੈ ਪਰ ਮਨ ਵਿਚ ਤੌਖਲਾ ਹੈ ਕਿਥੇ ਕੋਈ ਇਹੋ ਜਿਹੀ ਗਲਤੀ ਨ ਹੋ ਜਾਏ ।
ਐਸ ਐਸ ਅਮੋਲ ਨੇ ਫੇਰ ਪੁੱਛ ਲਿਆ,
ਕਹਿਣ ਲੱਗਿਆ ਮੇਰੇ ਤਾਏ-ਚਾਚੇ ਜਾ ਕਿਸੇ ਹੋਰ ਕੋਲ ਵੀ ਇਹੋ ਜਿਹੀ ਤਾਕਤ ਨਹੀ ਕਿ ਤੇਰਾ ਕਰਜ ਮੋੜ੍ਹ ਸਕਣ, ਪਹਿਲਾਂ ਤੂੰ ਮੈਨੂੰ ਦੱਸ ਦੇ ਕਰਜ ਮੋੜ੍ਹਨਾ ਕਿਵੇਂ ਹੈ ?
ਪਾਦਰੀ ਕਹਿਣ ਲੱਗਿਆ ਤੂੰ ਇਨ੍ਹੀ ਚਿੰਤਾ ਕਿਓ ਕਰਦਾ ਹੈ ?
ਤੂੰ #ਸਿੱਖ ਹੀ ਬਣਿਆ ਰਹਿ, #ਸਿੱਖੀ ਦਾ ਹੀ ਪ੍ਰਚਾਰ ਕਰ,
ਪਰ ਵਿਚੋਂ ਕਦੇ ਕਦਾਈ ਵਿਚੋਂ ਇਹ ਕਹਿ ਦਿਆਂ ਕਰੀ ਕਿ #ਇਸਾਈ·:ਧਰਮ ਜਿਹੜ੍ਹਾ ਹੈ ਉਹ ਬਹੁਤ ਚੰਗਾ ਹੈ,
ਇਸਾਈ ਧਰਮ ਦੀ ਵੀ ਬਹੁਤ ਘਾਲਣਾਵਾਂ ਹਨ,
ਵਿਚੋਂ ਕਦੇ ਕਦਾਈ ਸਾਡੇ ਧਰਮ ਦੀ ਤਰੀਫ ਕਰ ਦਿਆਂ ਕਰੀ,
ਇਹਨ੍ਹੀ ਕੁ ਗੱਲ ਕਰ ਦਿਆਂ ਕਰੇਂਗਾ ਤੇ ਤੇਰਾ ਕਰਜ ਉਤਰ ਜਾਏਗਾ,



ਮੰਨ ਵਿਚ ਉਤਰਾ-ਚੜ੍ਹਾ ਬੜ੍ਹੇ ਆਏ ਪਰ ਘਰ ਜਾ ਕੇ ਸੋਚਣ ਲੱਗਿਆ ਮਨਾਂ ਵਿਗਾੜ੍ਹ ਵੀ ਕੀ ਹੈ ?
ਸਿੱਖ ਹੀ ਰਹਿਣਾ ਹੈ, ਮੈਂ ਕਿਹੜ੍ਹਾ ਇਸਾਈ ਬਨਣ ਲੱਗਾ ਹਾਂ,
ਸਿੱਖੀ ਦਾ ਪ੍ਰਚਾਰ ਕਰਦਿਆਂ ਕਰਦਿਆਂ ਕਦੇ ਕਦਾਈ 2-4 ਗੱਲਾਂ ਹੀ ਕਰਣੀਆਂ ਹਨ ਇਸਾਈ ਧਰਮ ਦੀਆਂ ਤੇ ਇਸ 'ਚ ਹਰਜ ਹੀ ਕੀ ਹੈ ?
ਮਨ ਵਿਚ ਵਿਚਾਰ ਬਣਾ ਕੇ ਕੁੱਝ ਦਿਨਾਂ ਬਾਅਦ ਉਸ ਕਾਰਡ ਵਾਲੇ ਪਤੇ (address) ਤੇ ਪਹੁੰਚ ਗਿਆ ਕਿ ਹਾਂ ਮੈ ਪੜ੍ਹਣਾ ਚਾਹੁੰਦਾ ਹਾ ਵਲੈਤ 'ਚ,
ਜਦੋਂ ਗਿਆ ਪਾਦਰੀ ਦੇ ਕੋਲ ਤੇ ਬਿਚਾਰਾ ਅਨਾਥ ਆਸ਼ਰਮ 'ਚੋ ਦੋ ਪਰਸ਼ਾਦੇ ਰੁਮਾਲ ਵਿਚ ਬੰਨ ਕੇ ਨਾਲ ਹੀ ਲੈ ਗਿਆ ਬਈ ਮੈਨੂੰ ਕਿਸਨੇ ਰੋਟੀ ਅਗਿਓ ਖਵਾਉਣੀ ਹੈ ?
ਜਦੋਂ ਪਹੁੰਚਿਆ ਤੇ ਪਾਦਰੀ ਨੂੰ ਮਿਲਣ ਵਿਚ ਥੋੜ੍ਹਾ ਵਕਤ ਲੱਗਿਆ ਤੇ ਗੇਟ ਦੇ ਅੰਦਰ ਗਿਆ ਤੇ ਅੱਗੇ ਕੁੱਤਾ ਬੈਠਾ ਸੀ,
ਕੁੱਤਾ ਇਸਨੂੰ ਭੌਂਕ-ਭੌਂਕ ਕੇ ਬੜ੍ਹਾ ਪਰੇਸ਼ਾਨ ਕਰ ਰਿਹਾ ਸੀ ਤੇ ਪਾਦਰੀ ਦੇ ਮਿਲਣ ਵਿਚ ਹੱਜੇ ਵਕਤ ਹੋਰ ਲੱਗਣਾ ਸੀ ਤੇ ਇਹ ਜਿਹੜ੍ਹੀ ਅਪਨੀ ਰੋਟੀ ਲੈ ਕੇ ਆਇਆ ਸੀ ਉਸਦੇ ਵਿਚੋਂ ਅੱਧੀ ਰੋਟੀ ਤੋੜ੍ਹੀ ਤੇ ਕੁੱਤੇ ਨੂੰ ਪਾ ਦਿੱਤੀ ਤਾਂ ਜੋ ਕੁੱਤਾ ਮੇਰੇ ਤੇ ਭੌਂਕਨਾ ਬੰਦ ਕਰ ਦੇਵੇ।
ਕੁੱਤੇ ਨੇ ਰੋਟੀ ਸੁੰਘੀ ਪਰ ਖਾਧੀ ਨਹੀਂ ਛੱਡ ਦਿੱਤੀ,
ਕਾਫੀ ਸਮਾ ਪਰੇਸ਼ਾਨ ਕਰ ਕੇ ਕੁੱਤਾ ਹੱਟ ਗਿਆ।
ਏਨ੍ਹੇ ਨੂੰ ਪਾਦਰੀ ਅੰਦਰੋਂ ਆਇਆ ਤੇ ਐਸ ਐਸ ਅਮੋਲ ਨੂੰ ਕਹਿੰਦਾ ਆ ਪੁੱਤਰ ਅੰਦਰ ਚਲੀਏ, ਅੰਦਰ ਜਾਂਦਿਆਂ-ਜਾਂਦਿਆਂ ਪਾਦਰੀ ਪੁੱਛਦਾ ਹੈ ਕੁੱਤੇ ਨੂੰ ਰੋਟੀ ਕਿਸਨੇ ਪਾਈ ਹੈ ?
ਇਹ ਕਹਿੰਦਾ ਮੈ ਪਾਈ ਹੈ, ਕੁੱਤਾ ਪਰੇਸ਼ਾਨ ਕਰ ਰਿਹਾ ਸੀ ਇਸ ਲਈ ਪਰ ਇਸਨੇ ਸੁੰਘੀ ਤੇ ਖਾਧੀ ਨਹੀ,
ਪਾਦਰੀ ਕਹਿਣ ਲੱਗਿਆ ਇਹ ਇਵੇਂ ਨਹੀ ਖਾਂਦਾ, ਜਿਹੜ੍ਹੀ ਰੋਟੀ ਇਸਨੂੰ ਮੈ ਪਾਵਾਂ ਇਹ ਉਹੀਓ ਖਾਂਦਾ ਹੈ,
ਇਸ ਤਰ੍ਹਾਂ ਇਹ ਬੇਗਾਨੇ ਟੁੱਕੜ੍ਹਾਂ ਤੇ ਪੱਲ ਕੇ ਫੇਰ ਇਹ ਦੂਜੇ ਦੀ ਬੋਲੀ ਬੋਲੇਗਾ, ਇਹ ਸਿੱਖਾਇਆ (trained) ਹੋਇਆ ਹੈ।
ਇਹੋ ਰੋਟੀ ਤੇਰੇ ਵਾਲੀ ਮੈ ਅਪਨੇ ਹੱਥ ਨਾਲ ਪਾਵਾਂਗਾ ਤੇ ਇਸਨੇ ਖਾ ਲੈਣੀ ਹੈ, ਪਰ ਖਾਏਗਾ ਮੇਰੇ ਹੱਥ ਦੀ।
ਇਹ ਗੱਲ ਸੁਨਣ ਦੀ ਦੇਰੀ ਸੀ ਅਮੋਲ ਦੀਆਂ ਅੱਖਾਂ 'ਚ ਪਾਣੀ ਆ ਗਿਆ, ਕਦਮ ਰੁੱਕ ਗਏ, ਅਪਨੇ ਮੋਢੇ ਤੇ ਰੱਖੀ ਹੋਈ ਪਾਦਰੀ ਦੀ ਬਾਹ ਚੁੱਕ ਦਿੱਤੀ,
ਕਹਿਣ ਲੱਗਿਆ ਪਾਦਰੀ ਸਾਬ , ਖਿਮਾ ਕਰਣਾ ਲੱਤਾਂ ਭਾਰ ਨਹੀ ਝੱਲਦੀਆਂ ਹੁਣ ਮੈ ਹੋਰ ਅੱਗੇ ਨਹੀ ਜਾਣਾ।
ਪਾਦਰੀ ਪੁੱਛਦਾ ਕਿਹੜ੍ਹੀ ਗੱਲੋਂ ?
ਅਮੋਲ ਕਹਿੰਦਾ ਹੈ ਜਿਹੜ੍ਹੀਆਂ ਗੱਲਾਂ ਮੈਨੂੰ ਕਿਤਾਬਾਂ ਪੜ੍ਹ ਕੇ ਨ ਲੱਭੀਆਂ, ਚੰਗੇ ਲੋਕਾਂ ਕੋਲ ਬੈਠ ਕੇ ਨ ਲੱਭੀਆਂ,
ਮੇਰੀ ਅਕਲ ਨੇ ਵੀ ਸਾਥ ਦੇ ਕੇ ਨ ਲੱਭੀਆਂ ਉਹ ਗੱਲ ਮੈਨੂੰ ਅੱਜ ਇਸ ਕੁੱਤੇ ਕੋਲੋਂ ਲੱਭ ਗਈ ਹੈ,
ਤੇਰਾ ਕੁੱਤਾ ਕਿਨ੍ਹਾ ਚੰਗਾ/ਵਫਾਦਾਰ ਹੈ ਇਹ ਬੇਗਾਨਿਆ ਦਾ ਟੁੱਕੜ੍ਹ ਨਹੀ ਖਾਂਦਾ ਤੇ ਬੇਗਾਨਿਆਂ ਦੀ ਬੋਲੀ ਨਹੀ ਬੋਲਦਾ।
ਮੈ ਕਿੱਡਾ ਮੂਰਖ ਸਾਂ ਜਿਹੜ੍ਹੇ ਮਾਲਕ ਨੇ ਮੈਨੂੰ ਹੁਣ ਤੱਕ ਪੜ੍ਹਾਇਆ ਸੀ ਅੱਜ ਮੈ ਉਸਦਾ ਦਰ ਛੱਡ ਕੇ ਚੱਲਾ ਸਾਂ,
ਪਾਦਰੀ ਸਾਬ ਮੈ ਅਪਨੇ ਗੁਰੂ ਦੇ ਦਰ ਤੇ ਮੁੱੜ੍ਹ ਚਲਾ ਹਾਂ ਤੂੰ ਮੈਨੂੰ ਚੋਪੜ੍ਹੀਆਂ ਦੇ ਦੇਵੇਂਗਾ
ਪਰ #ਗੁਰੂ·:ਨਾਨਕ·:ਸਾਹਿਬ·:ਸੱਚੇ·:ਪਾਤਿਸ਼ਾਹ ਤੂੰ ਮੈਨੂੰ ਸੁੱਕੀਆਂ ਦੇਈ ਜਾਵੀਂ ਪਰ ਮੈਂ ਰਵਾਂਗਾ ਤੇਰੇ ਦਰ ਦਾ ਕੂਕਰ ਹੀ,
ਮੇਰੇ ਨਾਲੋਂ ਤਾਂ ਕੁੱਤਾ ਚੰਗਾ ਜਿਹੜ੍ਹਾ ਬੇਗਾਨੀ ਬੋਲੀ ਨਹੀ ਬੋਲਦਾ,
ਮੈ ਕਿੱਡਾ ਅਭਾਗਾ ਕੁੱਤੇ ਨਾਲੋਂ ਵੀ ਡਿੱਗਿਆ ਹੋਇਆ ਸਾਂ ਜਿਹੜ੍ਹਾ ਕਿਸੇ ਦੀ ਬੇਗਾਨੀ ਬੋਲੀ ਬੋਲਣ ਚੱਲਿਆ ਸਾਂ,
ਚੰਦ ਛਿਲੜ੍ਹਾਂ ਦੀ ਖਾਤਿਰ ਮੈ ਤੇਰੇ ਚਰਣਾਂ ਤੋਂ ਨਹੀ ਵਿੱਛੜ੍ਹਾਂਗਾ,
ਚੰਦ ਪੈਸਿਆਂ, ਔਹਦਿਆਂ, ਕੁਰਸੀਆਂ ਦੀ ਖਾਤਿਰ ਅਸੀਂ ਕਿੱਥੇ ਵੀ ਸਿਰ੍ਹ ਝੁਕਾਉਣ ਨੂੰ ਤਿਆਰ ਹੋ ਜਾਂਦੇ ਹਾਂ,
ਸਿਰਫ ਇਤਨੀ ਕੁ ਅਰਜ਼ ਕਿ ਸਾਨੂੰ ਅੱਜ ਸਿੱਖੀ ਕਮਾਉਣ ਦਾ ਸ਼ੌਂਕ ਨਹੀ ਰਿਹਾ, ਜਿਹੜ੍ਹੀ ਚੀਜ਼ ਗੁਜਰਾਨ ਸੀ ਉਹ ਭਗਵਾਨ ਬਣਾ ਲਈ, ਮਾਇਆ, ਧੰਨ-ਦੌਲਤ, ਅਹੁਦੇ ਇਹ ਗੁਜਰਾਨ ਸਨ ਤੇ ਜਿਹੜ੍ਹੀ ਚੀਜ਼ ਭਗਵਾਨ ਸੀ ਉਸਨੂੰ ਅਸੀਂ ਗੁਜਰਾਨ ਬਣਾ ਲਿਆ, ਘਰ ਨਵਾਂ ਲਿਆ ਬਾਬਾ ਤੇਰੇ ਬਿਨਾ ਨਹੀ ਸਰਦਾ ਚੱਲ ਤੂੰ ਇਕ ਵਾਰੀ ਚੱਲ ਕੇ ਘਰ ਚਰਣ ਪਾ ਆ,
ਮੇਰੇ ਬੇਟਾ ਬੇਟੀ ਦਾ ਅਨੰਦੁ ਕਾਰਜ ਹੈ ਨਹੀ ਸਰਦਾ ਤੇਰੇ ਬਿਨਾ ਤੂੰ ਚੱਲ ਕੇ ਇਕ ਵਾਰੀ ਲਾਵਾਂ ਕਰਵਾ ਆ,
ਜਿੱਥੇ ਤੇਰੇ ਬਿਨਾ ਗੁਜ਼ਾਰਾ ਨਹੀ ਚੱਲਦਾ ਮੈ ਉਥੇ ਤੈਨੂੰ ਲੈ ਜਾਂਦਾ ਹਾਂ, ਨਹੀ ਤੇ ਤੂੰ ਅਪਨੇ ਘਰ ਰਹਿ ਮੈ ਅਪਨੇ ਘਰ ਰਹਿੰਦਾ ਹਾਂ,
ਮੈਨੂੰ ਧੰਨ-ਦੌਲਤ ਚਾਹੀਦੀ ਹੈ ਮੈਨੂੰ ਤੇਰੇ ਨਾਲ ਕੋਈ ਵਾਸਤਾ ਨਹੀ ਹੈ, ਗੁਰੂ ਨਾਲ ਵੀ ਅਸੀਂ ਵਪਾਰ ਕਰਣ ਲੱਗ ਪਏ ਹਾਂ

**-Gurmit Singh Kapurthala**

## ਭਾਜਪਾ ਦਾ ਮੈਨੀਫੈਸਟੋ ਆਮ ਲੋਕਾਂ ਦੀਆਂ ਜ਼ਰੂਰਤਾਂ 'ਤੇ ਫੋਕਸ ਹੈ-ਤਰਨਜੀਤ ਸਿੰਘ ਸੰਧੂ

# ਮੋਦੀ ਦੀ ਗਾਰੰਟੀ ਹੈ ਕਿ ਸਸਤੀਆਂ ਦਵਾਈਆਂ 80 ਫ਼ੀਸਦੀ ਛੋਟ 'ਤੇ ਉਪਲਬਧ ਹੋਣਗੀਆਂ





**ਅੰਮ੍ਰਿਤਸਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਨੇ ਭਾਰਤੀ ਜਨਤਾ ਪਾਰਟੀ ਵੱਲੋਂ ਦੇਸ਼ ਦੇ ਸਾਹਮਣੇ ਵਿਕਸਿਤ ਭਾਰਤ ਦਾ ਮੈਨੀਫੈਸਟੋ ਰੱਖਣ ਲਈ ਪਾਰਟੀ ਵਰਕਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਨੇ ਪਿਛਲੇ 10 ਸਾਲਾਂ ਵਿੱਚ ਭਾਜਪਾ ਦੇ ਚੋਣ ਮਨੋਰਥ ਪੱਤਰ ਦੇ ਹਰ ਨੁਕਤੇ ਨੂੰ ਗਾਰੰਟੀ ਵਜੋਂ ਲਾਗੂ ਕੀਤਾ ਹੈ ਅਤੇ ਹੁਣ ਦਾ ਚੋਣ ਮੈਨੀਫੈਸਟੋ ਵੀ ਵਿਕਸਿਤ ਭਾਰਤ, ਗ਼ਰੀਬ, ਨੌਜਵਾਨ ਸ਼ਕਤੀ, ਭੋਜਨ ਅਤੇ ਮਹਿਲਾਵਾਂ ਨੂੰ ਸ਼ਕਤੀ ਪ੍ਰਦਾਨ ਕਰਨ ਵਾਲਾ ਹੈ।

ਸ. ਸੰਧੂ ਸਥਾਨਕ ਕਿਰਪਾਲ ਕਾਲੋਨੀ ਵਿਖੇ ਨੁੱਕਰ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ , ਇਸ ਮੌਕੇ ਉਨ੍ਹਾਂ ਨਾਲ ਹਲਕਾ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ ਵੀ ਮੌਜੂਦ ਸਨ। ਸ. ਸੰਧੂ ਨੇ ਕਿਹਾ ਕਿ ਭਾਜਪਾ ਨੇ ਆਮ ਲੋਕਾਂ ਦੇ ਜੀਵਨ ਨੂੰ ਫੋਕਸ ਕੀਤਾ ਹੈ ਤਾਂ ਜੋ ਉਨ੍ਹਾਂ ਦੇ ਜੀਵਨ ਨੂੰ ਉੱਚਾ ਚੁੱਕਿਆ ਜਾ ਸਕੇ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਮੋਦੀ ਨੇ ਬੁਨਿਆਦੀ ਢਾਂਚੇ ਦੇ ਨਿਰਮਾਣ ਰਾਹੀਂ ਵੱਡੀ ਗਿਣਤੀ ਵਿੱਚ ਨੌਕਰੀਆਂ ਪੈਦਾ ਕਰਨ ਦੀ ਗੱਲ ਕੀਤੀ ਹੈ ਅਤੇ ਪਾਰਟੀ ਹੁਣ ਸਟਾਰਟਅੱਪ ਅਤੇ ਗਲੋਬਲ ਸੈਂਟਰਾਂ ਨੂੰ ਉਤਸ਼ਾਹਿਤ ਕਰਨ 'ਤੇ ਜ਼ੋਰ ਦੇਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦਾ ਇਹ ਸੰਕਲਪ ਪੱਤਰ ਯੰਗ ਇੰਡੀਆ ਦੀਆਂ ਨੌਜਵਾਨ ਇੱਛਾਵਾਂ ਨੂੰ ਵੀ ਦਰਸਾਉਂਦਾ ਹੈ। ਪਿਛਲੇ 10 ਸਾਲਾਂ 'ਚ 25 ਕਰੋੜ ਲੋਕਾਂ ਨੂੰ ਗ਼ਰੀਬੀ 'ਚੋਂ ਬਾਹਰ ਕੱਢ ਕੇ ਭਾਜਪਾ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਭਾਜਪਾ ਸਰਕਾਰ ਨਤੀਜੇ ਲਿਆਉਂਦੀ ਹੈ। ਭਾਜਪਾ ਨੇ ਗ਼ਰੀਬਾਂ ਦੀ ਭਲਾਈ ਲਈ ਕਈ ਯੋਜਨਾਵਾਂ ਦਾ ਵਿਸਥਾਰ ਕਰਨ ਦਾ ਸੰਕਲਪ ਲਿਆ ਹੈ। ਮੋਦੀ ਦੀ ਗਾਰੰਟੀ ਹੈ ਕਿ ਮੁਫ਼ਤ ਰਾਸ਼ਨ ਸਕੀਮ ਆਉਣ ਵਾਲੇ 5 ਸਾਲਾਂ ਤੱਕ ਜਾਰੀ ਰਹੇਗੀ। ਭਾਜਪਾ ਸਰਕਾਰ ਇਹ ਯਕੀਨੀ ਬਣਾਏਗੀ ਕਿ ਗ਼ਰੀਬਾਂ ਨੂੰ ਦਿੱਤਾ ਜਾਣ ਵਾਲਾ ਭੋਜਨ ਪੌਸ਼ਟਿਕ, ਸਸਤੀ ਅਤੇ ਤਸੱਲੀਬਖ਼ਸ਼ ਹੋਵੇ, ਤਾਂ ਜੋ ਗ਼ਰੀਬਾਂ ਦਾ ਢਿੱਡ, ਦਿਲ ਅਤੇ ਜੇਬਾਂ ਭਰ ਸਕਣ। ਮੋਦੀ ਦੀ ਗਾਰੰਟੀ ਹੈ ਕਿ ਸਾਰੇ ਜਨ ਔਸ਼ਧੀ ਕੇਂਦਰਾਂ 'ਤੇ ਸਸਤੀਆਂ ਦਵਾਈਆਂ 80 ਫ਼ੀਸਦੀ ਛੋਟ 'ਤੇ ਉਪਲਬਧ ਹੋਣਗੀਆਂ ਅਤੇ ਜਨ ਔਸ਼ਧੀ ਕੇਂਦਰਾਂ ਦਾ ਵੀ ਵਿਸਥਾਰ ਕੀਤਾ ਜਾਵੇਗਾ। ਮੋਦੀ ਦੀ ਗਾਰੰਟੀ ਹੈ ਕਿ ਆਯੁਸ਼ਮਾਨ ਭਾਰਤ ਯੋਜਨਾ ਤਹਿਤ 5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮਿਲਦਾ ਰਹੇਗਾ ਅਤੇ 70 ਸਾਲ ਤੋਂ ਵੱਧ ਉਮਰ ਦੇ ਹਰ ਬਜ਼ੁਰਗ ਨੂੰ ਆਯੁਸ਼ਮਾਨ ਯੋਜਨਾ ਦੇ ਦਾਇਰੇ 'ਚ ਲਿਆਉਣ ਦਾ ਵੱਡਾ ਫ਼ੈਸਲਾ ਲਿਆ ਹੈ। ਉਨ੍ਹਾਂ ਦੱਸਿਆ ਕਿ ਮੋਦੀ ਸਰਕਾਰ ਨੇ ਹੁਣ ਤੱਕ ਗ਼ਰੀਬਾਂ ਲਈ 4 ਕਰੋੜ ਪੱਕੇ ਮਕਾਨ ਬਣਾਏ ਹਨ ਅਤੇ ਇਸ ਯੋਜਨਾ ਦਾ ਵਿਸਥਾਰ ਕਰਦੇ ਹੋਏ 3 ਕਰੋੜ ਹੋਰ ਪੱਕੇ ਮਕਾਨ ਬਣਾਏ ਜਾਣੇ ਹਨ। ਹੁਣ ਤੱਕ ਭਾਜਪਾ ਸਰਕਾਰ ਨੇ ਹਰ ਘਰ ਸਸਤੇ ਸਿਲੰਡਰ ਪਹੁੰਚਾਏ ਹਨ ਪਰ ਹੁਣ ਭਾਜਪਾ ਹਰ ਘਰ ਤੱਕ ਸਸਤੀ ਪਾਈਪ ਵਾਲੀ ਰਸੋਈ ਗੈਸ ਪਹੁੰਚਾਉਣ ਦਾ ਕੰਮ ਵੀ ਤੇਜ਼ੀ ਨਾਲ ਪੂਰਾ ਕਰੇਗੀ। ਭਾਜਪਾ ਸਰਕਾਰ ਨੇ ਕਰੋੜਾਂ ਗ਼ਰੀਬ ਪਰਿਵਾਰਾਂ ਨੂੰ ਮੁਫ਼ਤ ਬਿਜਲੀ ਕੁਨੈਕਸ਼ਨ ਦਿੱਤੇ ਹਨ ਅਤੇ ਹੁਣ ਕਰੋੜਾਂ ਪਰਿਵਾਰਾਂ ਦੇ ਬਿਜਲੀ ਦੇ ਬਿੱਲ ਨੂੰ ਜ਼ੀਰੋ ਕਰਨ ਅਤੇ ਬਿਜਲੀ ਤੋਂ ਕਮਾਈ ਕਰਨ ਦੇ ਮੌਕੇ ਪੈਦਾ ਕਰਨ ਲਈ ਕੰਮ ਕਰ ਰਹੀ ਹੈ। ਸ. ਸੰਧੂ ਨੇ ਦੱਸਿਆ ਕਿ ਪ੍ਰਧਾਨ ਮੰਤਰੀ ਮੁਦਰਾ ਯੋਜਨਾ ਤੋਂ ਮਿਲੇ ਲਾਭਾਂ ਕਾਰਨ ਪਿਛਲੇ ਸਾਲਾਂ ਵਿੱਚ ਕਰੋੜਾਂ ਲੋਕ ਉੱਦਮੀ ਬਣੇ ਹਨ। ਇਸ ਸਕੀਮ ਰਾਹੀਂ ਕਰੋੜਾਂ ਨੌਕਰੀਆਂ ਪੈਦਾ ਹੋਈਆਂ ਹਨ ਅਤੇ ਲੱਖਾਂ ਲੋਕ ਰੋਜ਼ਗਾਰ ਦੇ ਨਿਰਮਾਤਾ ਬਣੇ ਹਨ। ਹੁਣ ਮੁਦਰਾ ਯੋਜਨਾ ਦੇ ਤਹਿਤ ਲੋਨ ਦੀ ਸੀਮਾ 10 ਲੱਖ ਰੁਪਏ ਤੋਂ ਵਧਾ ਕੇ 20 ਲੱਖ ਰੁਪਏ ਕੀਤੀ ਜਾਵੇਗੀ। ਭਾਜਪਾ ਦਾ ਇਹ ਫ਼ੈਸਲਾ ਇੰਡਸਟਰੀ 4.0 ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗਾ ਅਤੇ ਨੌਜਵਾਨਾਂ ਨੂੰ ਨਵੀਂ ਤਾਕਤ ਦੇਵੇਗਾ। ਇਹ ਸਕੀਮ ਸ਼ਹਿਰੀ ਅਤੇ ਪੇਂਡੂ ਖੇਤਰਾਂ ਦੇ ਨੌਜਵਾਨਾਂ ਨੂੰ ਆਪਣੀ ਦਿਲਚਸਪੀ ਦੇ ਕੰਮ ਕਰਨ ਲਈ ਵਧੇਰੇ ਫ਼ੰਡ ਅਤੇ ਵਧੇਰੇ ਸਰੋਤ ਪ੍ਰਦਾਨ ਕਰੇਗੀ।













**ਖਾਲਸਾ ਪੰਥ ਦਾ ਸਾਜਨਾ ਦਿਵਸ ਅਤੇ ਵਿਸਾਖੀ ਦਾ ਮਹਾਨ ਜੋੜ ਮੇਲਾ ਗੁ: ਗੁਰੂ ਨਾਨਕ ਦਰਬਾਰ ਨਗਰ ਨਿਊ ਪਨਵੇਲ ( ਨਵੀਂ ਮੁੰਬਈ ) ਵਿਖੇ, ਮੁੰਬਈ ਦੀਆਂ ਸਮੁੱਚੀਆਂ ਸੰਗਤਾਂ ਵੱਲੋਂ ਬੜੀ ਚੜ੍ਹਦੀਕਲਾ ਨਾਲ ਮਨਾਇਆ ਗਿਆ । ਜਿਸ ਵਿੱਚ ਦਮਦਮੀ ਟਕਸਾਲ ਦੇ 16ਵੇਂ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਨੇ ਸੰਗਤਾਂ ਨੂੰ ਕਥਾ ਸ੍ਰਵਣ ਕਰਵਾ ਕੇ ਨਿਹਾਲ ਕੀਤਾ।**

ਆਵਾਜ਼ਿ ਕੌਮ AWAZE QAUM

### ਅੰਮ੍ਰਿਤਸਰ ਦੇ ਸਰਹੱਦੀ ਖੇਤਰ ਦੇ ਵਿਕਾਸ ਵਲ ਵਿਸ਼ੇਸ਼ ਤਵੱਜੋ ਦਿੱਤਾ ਜਾਵੇਗਾ- ਤਰਨਜੀਤ ਸਿੰਘ ਸੰਧੂ

# ਤਰਨਜੀਤ ਸਿੰਘ ਸੰਧੂ ਸਰਹੱਦੀ ਮਸਲੇ ਹੱਲ ਕਰਾਉਣ 'ਚ ਸਮਰੱਥ



## ਸਰਹੱਦੀ ਪਿੰਡ ਪਿੰਡ ਜਗਦੇਵ ਖ਼ੁਰਦ ਵਿਖੇ ਤਰਨਜੀਤ ਸਿੰਘ ਸੰਧੂ ਦਾ ਪਿੰਡ ਵਾਸੀਆਂ ਨੇ ਜੋਸ਼ੀ ਨਾਲ ਕੀਤਾ ਸਵਾਗਤ

**ਅਜਨਾਲਾ/ਅੰਮ੍ਰਿਤਸਰ 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਕੇਂਦਰ ਵਿਚ ਭਾਜਪਾ ਦੀ ਲਗਾਤਾਰ ਤੀਜੀ ਵਾਰ ਸਰਕਾਰ ਬਣ ਰਹੀ ਹੈ ਅਤੇ ਇਸ ਵਾਰ ਅੰਮ੍ਰਿਤਸਰ ਦੇ ਸਰਹੱਦੀ ਖੇਤਰ 'ਤੇ ਵਿਸ਼ੇਸ਼ ਤਵੱਜੋ ਦਿੱਤਾ ਜਾਵੇਗਾ। ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਅੱਜ ਹਲਕਾ ਇੰਚਾਰਜ ਅਤੇ ਭਾਜਪਾ ਓਬੀਸੀ ਮੋਰਚੇ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਨਾਲ ਸਰਹੱਦੀ ਖੇਤਰ ਦਾ ਦੌਰਾ ਕਰ ਰਹੇ ਸਨ। ਪਿੰਡ ਜਗਦੇਵ ਖ਼ੁਰਦ ਵਿਖੇ ਪਹੁੰਚਣ 'ਤੇ ਸ. ਤਰਨਜੀਤ ਸਿੰਘ ਸੰਧੂ ਦਾ ਪਿੰਡ ਵਾਸੀਆਂ ਵੱਲੋਂ ਫੁੱਲ ਮਾਲਾਵਾਂ ਪਹਿਨਾ ਕੇ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ।ਇਥੇ ਇਕ ਪ੍ਰਭਾਵਸ਼ਾਲੀ ਪੇਂਡੂ ਇਕੱਠ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਦੂਜੇ 'ਤੇ ਦੂਸ਼ਣਬਾਜ਼ੀ ਇਕ ਘਟੀਆ ਰਾਜਨੀਤੀ ਹੈ ਪਰ ਅਸੀਂ ਇਹ ਰਾਜਨੀਤੀ ਕਰਨ ਨਹੀਂ ਆਏ ਹਾਂ, ਮੇਰਾ ਮਕਸਦ ਕਿਸਾਨ,ਮਜ਼ਦੂਰ,ਕਾਰੋਬਾਰੀ ਸਭ ਦੀ ਆਮਦਨ ਵਧਾਉਣ ਲਈ ਆਧੁਨਿਕ ਤਕਨੀਕ ਨਾਲ ਯਤਨ ਕਰਨਾ ਹੈ। ਮੈਂ ਕਿਸਾਨੀ ਪਰਿਵਾਰ ਨਾਲ ਸੰਬੰਧਿਤ ਹਾਂ ਤੇ ਖ਼ੁਦ ਕਿਸਾਨਾਂ, ਮਜ਼ਦੂਰਾਂ ਦਾ ਹੀ ਹਿੱਸਾ ਹਾਂ। ਉਨ੍ਹਾਂ ਕਿਹਾ ਕਿ ਅਸੀਂ ਇਹ ਕੋਸ਼ਿਸ਼ ਕਰਾਂਗੇ ਕਿ ਸਰਹੱਦੀ ਖੇਤਰ ਨੂੰ ਫੂਡ ਪ੍ਰੋਸੈਸਿੰਗ ਹੱਬ ਬਣਾਇਆ ਜਾਵੇ। ਇਸ ਨਾਲ ਕਿਸਾਨ ਦਾ ਮੁਨਾਫ਼ਾ ਵਧੇਗਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਵੀ ਪੈਦਾ ਹੋਣਗੇ। ਇਹ ਫੂਡ ਪ੍ਰੋਸੈਸਿੰਗ ਪਲਾਂਟ ਪੇਂਡੂ ਅਰਥਚਾਰੇ ਦੇ ਨਵੇਂ ਵਿਕਾਸ ਇੰਜਣ ਬਣ ਜਾਣਗੇ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ 'ਚ ਅਸੀਂ ਬਹੁਤ ਸਾਰੇ ਬੁਨਿਆਦੀ ਢਾਂਚੇ ਦੇ ਨਿਰਮਾਣ ਦੁਆਰਾ ਵੱਡੀ ਗਿਣਤੀ ਵਿੱਚ ਨੌਕਰੀਆਂ ਪੈਦਾ ਕਰਾਂਗੇ। ਨਾਲ ਹੀ ਸਟਾਰਟਅੱਪ ਅਤੇ ਗਲੋਬਲ ਸੈਂਟਰਾਂ ਨੂੰ ਉਤਸ਼ਾਹਿਤ ਕਰਕੇ ਉੱਚ ਮੁੱਲ ਵਾਲੀਆਂ ਸੇਵਾਵਾਂ 'ਤੇ ਵੀ ਧਿਆਨ ਕੇਂਦਰਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ 2024 ਲਈ ਭਾਜਪਾ ਦੇ ਸੰਕਲਪ ਪੱਤਰ ਭਾਵ ਮੈਨੀਫੈਸਟੋ "ਭਾਜਪਾ ਦਾ ਸੰਕਲਪ - ਮੋਦੀ ਦੀ ਗਾਰੰਟੀ 2024" ਵਿਕਸਤ ਭਾਰਤ ਦੇ ਮਜ਼ਬੂਤ ਥੰਮ੍ਹਾਂ ਜਿਨ੍ਹਾਂ 'ਚ ਯੁਵਾ ਸ਼ਕਤੀ, ਮਹਿਲਾ ਸ਼ਕਤੀ, ਕਿਸਾਨ ਅਤੇ ਗ਼ਰੀਬਾਂ ਨੂੰ ਸ਼ਕਤੀ ਪ੍ਰਦਾਨ ਕਰਦਾ ਹੈ। ਸਾਡਾ ਧਿਆਨ ਸਭਿਆਚਾਰਕ ਕਦਰਾਂ ਕੀਮਤਾਂ, ਨਿਵੇਸ਼ ਅਤੇ ਨੌਕਰੀਆਂ 'ਤੇ ਹੈ। ਉਨ੍ਹਾਂ ਕਿਹਾ ਕਿ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਗ਼ਰੀਬਾਂ ਦਾ ਭੋਜਨ ਪੌਸ਼ਿਟਕ, ਸੰਤੋਸ਼ਜਨਕ ਅਤੇ ਕਿਫ਼ਾਇਤੀ ਹੋਵੇ। ਮੋਦੀ ਦੀ ਗਾਰੰਟੀ ਹੈ ਕਿ ਮੁਫ਼ਤ ਰਾਸ਼ਨ ਸਕੀਮ ਅਗਲੇ 5 ਸਾਲਾਂ ਤੱਕ ਜਾਰੀ ਰਹੇਗੀ। ਹਰੇਕ ਬਜ਼ੁਰਗ ਨੂੰ 5 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ ਰਹੇਗੀ। ਉਨ੍ਹਾਂ ਕਿਹਾ ਕਿ ਚੋਣਾਂ ਤੋਂ ਬਾਅਦ ਸਰਹੱਦੀ ਮਸਲਿਆਂ ਦਾ ਸਥਾਈ ਹੱਲ ਲੱਭਿਆ ਜਾਵੇਗਾ। ਉਨ੍ਹਾਂ ਕਿਸਾਨਾਂ ਨੂੰ ਆਮਦਨੀ 'ਚ ਵਾਧੇ ਲਈ ਆਪਣੀਆਂ ਫ਼ਸਲਾਂ, ਫਲ਼ ਅਤੇ ਸਬਜ਼ੀਆਂ ਨੂੰ ਅੰਮ੍ਰਿਤਸਰ ਤੋਂ ਏਅਰ ਕਾਰਗੋ ਰਾਹੀਂ ਖਾੜੀ ਅਤੇ ਅਮਰੀਕਾ ਵਿਚ ਭੇਜਣ ਦਾ ਸੁਝਾਅ ਦਿੱਤਾ। ਜਿਸ ਲਈ ਉਹ ਹਰ ਤਰਾਂ ਮਦਦ ਕਰਨ ਲਈ ਤਿਆਰ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਭਾਜਪਾ ਦੇ ਹਲਕਾ ਇੰਚਾਰਜ ਅਤੇ ਭਾਜਪਾ ਓ ਬੀ ਸੀ ਮੋਰਚਾ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਨੇ ਜਿਨ੍ਹਾਂ ਰਾਜਾਂ ਵਿਚ ਭਾਜਪਾ ਦੀਆਂ ਸਰਕਾਰਾਂ ਹਨ ਉੱਥੇ ਅਮਨ ਕਾਨੂੰਨ ਦੀ ਕੋਈ ਸਮੱਸਿਆ ਨਹੀਂ ਹੈ। ਉਨ੍ਹਾਂ ਇਸ ਵਾਰ ਲੋਕਾਂ ਨੂੰ ਸੋਚ ਸਮਝ ਕੇ ਵੋਟ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਿਛਲੇ 7 ਸਾਲ ਤੋਂ ਇਸ ਲੋਕ ਸਭਾ ਹਲਕੇ ਨਾਲ ਸੰਬੰਧਿਤ ਸਰਹੱਦੀ ਲੋਕਾਂ ਨੂੰ ਦਰਪੇਸ਼ ਮਸਲਿਆਂ ਦਾ ਕਿਸੇ ਵੀ ਲੋਕ ਪ੍ਰਤੀਨਿਧੀ ਨੇ ਹੱਲ ਨਹੀਂ ਕੱਢਿਆ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਜਾਰੀ ਕੇਂਦਰੀ ਸਕੀਮਾਂ ਰਾਜ ਸਰਕਾਰ ਦੀ ਅਣਗਹਿਲੀ ਕਾਰਨ ਲੋਕਾਂ ਤਕ ਨਹੀਂ ਪਹੁੰਚ ਰਹੀਆਂ ਹਨ, ਉਨ੍ਹਾਂ ਨੂੰ ਲੋਕਾਂ ਤਕ ਪਹੁੰਚ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮੋਦੀ ਦੀ ਸਰਕਾਰ ਮੁੜ ਆ ਰਹੀ ਹੈ। ਉਨ੍ਹਾਂ ਕਿਹਾ ਕਿ ਵਰਕਰਾਂ ਵਿਚ ਭਾਰੀ ਜੋਸ਼ ਤੁਸਾਂ ਸਭ ਨੇ ਦੇਖਿਆ ਹੈ, ਮੋਦੀ ਸਰਕਾਰ ਦੀਆਂ ਸਕੀਮਾਂ ਘਰ ਘਰ ਪਹੁੰਚਾਈਆਂ ਜਾਣਗੀਆਂ। ਇਸ ਮੌਕੇ ਸੰਧੂ ਅਤੇ ਬੋਨੀ ਅਜਨਾਲਾ ਦੇ ਨਾਲ ਰਾਜਬੀਰ ਸ਼ਰਮਾ, ਰਾਮ ਸ਼ਰਨ ਪਰਾਸ਼ਰ, ਪ੍ਰੋ. ਸਰਚਾਂਦ ਸਿੰਘ ਖਿਆਲਾ, ਸਾਬਕਾ ਸਰਪੰਚ ਮਨਜੀਤ ਸਿੰਘ, ਰਾਜ ਕੁਮਾਰ ਆੜ੍ਹਤੀ,ਅਸ਼ੋਕ ਮੰਨਣ, ਬਲਵਿੰਦਰ ਸਿੰਘ, ਸਵਰਨ ਸਿੰਘ, ਸੁਖਦੇਵ ਸਿੰਘ ਅਤੇ ਮੁਖਤਾਰ ਸਿੰਘ, ਗੁਰਨਾਮ ਸਿੰਘ, ਜਸਵੰਤ ਸਿੰਘ ਅਤੇ ਗੁਰਦਿਆਲ ਸਿੰਘ ਆਦਿ ਮੌਜੂਦ ਸਨ।

### ਅਨੰਦ ਪਾਰਕ 'ਚ ਸਵੇਰ ਦੀ ਸੈਰ ਕਰਨ ਆਏ ਤਰਨਜੀਤ ਸਿੰਘ ਸੰਧੂ ਨਾਲ ਲੋਕਾਂ ਨੇ ਅੰਮ੍ਰਿਤਸਰ ਦੇ ਵਿਕਾਸ ਬਾਰੇ ਚਰਚਾ ਕੀਤੀ

# 2027 'ਚ ਗਾਂਧੀ ਗਰਾਊਂਡ ਵਿੱਚ ਆਈ ਪੀ ਐੱਲ ਮੈਚ ਆਯੋਜਿਤ ਕਰਾਂਗੇ : ਤਰਨਜੀਤ ਸਿੰਘ

**ਅੰਮ੍ਰਿਤਸਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਲਈ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ 'ਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਨੇ ਆਪਣੇ ਸਾਥੀਆਂ ਨਾਲ ਅਨੰਦ ਪਾਰਕ ਵਿਖੇ ਸਵੇਰ ਦੀ ਸੈਰ ਕੀਤੀ।



ਇਸ ਮੌਕੇ ਲੋਕਾਂ ਨੇ ਸਰਦਾਰ ਸੰਧੂ ਨੂੰ ਆਪਣੇ ਕਰੀਬ ਦੇਖ ਕੇ ਖ਼ੁਸ਼ੀ ਦੀ ਇਜ਼ਹਾਰ ਕੀਤਾ ਅਤੇ ਉਨ੍ਹਾਂ ਨੂੰ ਪੂਰਾ ਸਮਰਥਨ ਦੇਣ ਦਾ ਵਾਅਦਾ ਕੀਤਾ ਅਤੇ ਉਨ੍ਹਾਂ ਨਾਲ ਤਸਵੀਰਾਂ ਵੀ ਖਿਚਵਾਈਆਂ।ਸੈਰ ਕਰਨ ਆਏ ਲੋਕਾਂ ਨੇ ਸਰਦਾਰ ਸੰਧੂ ਕੋਲ ਪਾਰਕ ਦੀ ਖਸਤਾ ਹਾਲਤ 'ਤੇ ਨਿਰਾਸ਼ ਪ੍ਰਗਟ ਕਰਦਿਆਂ ਰਾਜ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇਸ ਵਲ ਧਿਆਨ ਨਾ ਦੇਣ 'ਤੇ ਰੋਸ ਕੀਤਾ।ਇਸ ਦੌਰਾਨ ਉੱਥੇ ਸੈਰ ਕਰਨ ਆਏ ਲੋਕਾਂ ਨੇ ਅੰਮ੍ਰਿਤਸਰ ਦੇ ਵੱਖ ਵੱਖ ਮੁੱਦਿਆਂ ਬਾਰੇ ਸ. ਸੰਧੂ ਨਾਲ ਦਿਲ ਖੋਲ੍ਹ ਕੇ ਵਿਚਾਰ ਸਾਂਝੇ ਕੀਤੇ। ਡਾ. ਵੇਦ ਭਾਟੀਆ ਨੇ ਉਨ੍ਹਾਂ ਨਾਲ ਅਮਨ ਕਾਨੂੰਨ ਦੀ ਸਥਿਤੀ, ਨਸ਼ਾ ਤੇ ਬੇਰੁਜ਼ਗਾਰੀ 'ਤੇ ਚਰਚਾ ਕੀਤੀ ਤਾਂ ਸ. ਜੋਗਿੰਦਰ ਸਿੰਘ ਨੇ ਅੰਮ੍ਰਿਤਸਰ 'ਚ ਇੰਡਸਟਰੀ ਦੇ ਖ਼ਾਤਮੇ ਅਤੇ ਬਾਰਡਰ ਰਾਹੀਂ ਵਪਾਰ ਨੂੰ ਉਤਸ਼ਾਹਿਤ ਕਰਨ ਦਾ ਮੁੱਦਾ ਵਿਚਾਰਿਆ। ਅਨਿਲ ਸੇਠ ਨੇ ਗੰਦੇ ਨਾਲੇ ਦੀ ਅਤੇ ਸ਼ਹਿਰ 'ਚ ਗੰਦਗੀ ਦੀ ਸਮੱਸਿਆ ਨੂੰ ਅੱਗੇ ਰੱਖਿਆ। ਬੀ ਕੇ ਸ਼ਰਮਾ ਨੇ ਕਿਹਾ ਕਿ ਦੂਜੇ ਸੂਬਿਆਂ ਦੇ ਮੁਕਾਬਲੇ ਪੰਜਾਬ ਬਹੁਤ ਪਛੜ ਗਿਆ ਹੈ। ਮਨਿੰਦਰ ਸਿੰਘ ਰਾਏ ਨੇ ਬਚਿਆਂ ਦੇ ਬਾਹਰ ਜਾਣ 'ਤੇ ਚਿੰਤਾ ਜ਼ਾਹਿਰ ਕੀਤੀ। ਇਸ ਮੌਕੇ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਹਲਕਾ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਪ੍ਰੋ. ਸਰਚਾਂਦ ਸਿੰਘ ਖਿਆਲਾ, ਕਬੀਰ ਸ਼ਰਮਾ, ਮਨਿੰਦਰ ਰਾਏ, ਪਵਨ ਕੁਮਾਰ ਸ਼ਰਮਾ, ਸੁਨੀਲ ਮਹਾਜਨ, ਅਸ਼ੋਕ ਮਹਾਜਨ, ਸੁਧੀਰ ਸ੍ਰੀਧਰ ਰਾਜੀਵ ਬਹਿਲ ਤੇ ਰਾਘਵ ਖੰਨਾ ਵੀ ਮੌਜੂਦ ਸਨ। ਇਸ ਮੌਕੇ ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਮੈ ਇਕ ਫ਼ੌਜੀ ਦੀ ਤਰਾਂ ਦੇਸ਼ ਦੀ 36 ਸਾਲ ਸੇਵਾ ਕਰਨ ਤੋਂ ਬਾਅਦ ਹੁਣ ਗੁਰੂ ਨਗਰੀ ਅਤੇ ਇੱਥੋਂ ਦੇ ਲੋਕਾਂ ਨੂੰ ਸਮਰਪਿਤ ਹਾਂ। ਉਨ੍ਹਾਂ ਕਿਹਾ ਕਿ 6 ਸ਼ਾਲਾਂ ਵਿਚ ਇੰਦੌਰ ਸਫ਼ਾਈ ਦੇ ਪੱਖੋਂ ਇਕ ਸੁੰਦਰ ਸ਼ਹਿਰ ਬਣ ਗਿਆ ਹੈ ਤਾਂ ਕੀ ਅਸੀਂ ਗੁਰੂ ਨਗਰੀ 'ਅੰਮ੍ਰਿਤਸਰ ਸਿਫ਼ਤੀਂ ਦੇ ਘਰ' ਨੂੰ ਕਿਉਂ ਨਹੀਂ ਸਵਾਰ ਸਕਦੇ। ਉਨ੍ਹਾਂ ਕਿਹਾ ਕਿ 2027 'ਚ ਅੰਮ੍ਰਿਤਸਰ ਦੇ 450 ਸਾਲਾ ਮੌਕੇ ਸ਼ਹਿਰ ਦੀ ਨੁਹਾਰ ਪੂਰੀ ਤਰਾਂ ਬਦਲ ਦਿੱਤੇ ਜਾਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਦੀਆਂ ਅਨੇਕਾਂ ਨੀਤੀਆਂ ਅਤੇ ਦਿੱਤੀਆਂ ਗਈਆਂ ਸਹੂਲਤਾਂ ਅੰਮ੍ਰਿਤਸਰ ਆਉਣਗੀਆਂ। ਉਨ੍ਹਾਂ ਵਪਾਰ ਲਈ ਅਟਾਰੀ ਬਾਰਡਰ ਖੋਲ੍ਹਣ ਦੀ ਜਿੱਥੇ ਵਕਾਲਤ ਕੀਤੀ ਉੱਥੇ ਹੀ ਅੰਮ੍ਰਿਤਸਰ ਪੱਟੀ - ਵਾਇਆ ਗੁਜਰਾਤ ਪੋਰਟ ਖਾੜੀ ਦੇਸ਼ਾਂ ਅਤੇ ਯੂਰਪ ਨਾਲ ਵਪਾਰ ਕਰਨ ਅਤੇ ਅੰਮ੍ਰਿਤਸਰ ਦੀ ਏਅਰ ਕਾਰਗੋ ਦੀ ਪੂਰੀ ਸਮਰੱਥਾ ਦਾ ਉਪਯੋਗ ਕਰਨ ਦਾ ਸੁਝਾਅ ਦਿੱਤਾ। ਸਰਦਾਰ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਜੋ ਪਹਿਲਾਂ ਉਦਯੋਗ ਅਤੇ ਵਪਾਰਕ ਖੇਤਰ ਵਿਚ ਦੇਸ਼ 'ਚ ਅੱਵਲ ਦਰਜੇ 'ਤੇ ਸੀ ਪਰ ਹੁਣ ਇਸ ਦੀ ਹਾਲਤ ਖ਼ਰਾਬ ਹੋ ਚੁੱਕੀ ਹੈ। ਛਿਹਰਟਾ ਅਤੇ ਬਟਾਲੇ ਦੀਆਂ ਉਦਯੋਗਿਕ ਇਕਾਈਆਂ ਖ਼ਤਮ ਹੋ ਰਹੀਆਂ ਹਨ। ਸਹੂਲਤਾਂ ਅਤੇ ਚੰਗੀਆਂ ਨੀਤੀਆਂ ਦੀ ਅਣਹੋਂਦ ਕਾਰਨ ਉਦਯੋਗਪਤੀ ਅੰਮ੍ਰਿਤਸਰ ਛੱਡ ਚੁੱਕੇ ਹਨ ਜਾਂ ਜਾ ਰਹੇ ਹਨ। ਉਹਨਾਂ ਕਿਹਾ ਕਿ ਸਾਡੇ ਕੋਲ ਅੱਜ ਵੀ ਕਈ ਅਵਸਰ ਹਨ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਿਚ ਭਾਰਤ ਅਮਰੀਕਾ ਸੰਬੰਧ ਹੁਣ ਭਾਈਵਾਲੀ ਵਿਚ ਬਦਲ ਚੁੱਕਾ ਹੈ। ਅਮਰੀਕੀ ਕੰਪਨੀਆਂ ਭਾਰਤ ਵਿਚ ਨਿਵੇਸ਼ ਕਰ ਰਹੀਆਂ ਹਨ ਹੁਣ ਇਹ ਨਿਵੇਸ਼ ਅੰਮ੍ਰਿਤਸਰ ਵੀ ਲਿਆਂਦਾ ਜਾਵੇਗਾ।ਅਮਰੀਕਾ ਭਾਰਤ ਵਿੱਚ ਸਿਹਤ, ਸੈਮੀਕੰਡਕਟਰ, ਰੱਖਿਆ, ਨਵੀਂ ਤਕਨੀਕ ਵਰਗੇ ਖੇਤਰਾਂ ਵਿੱਚ ਨਿਵੇਸ਼ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਸਤਾਂ ਫਲ਼ ਅਤੇ ਸਬਜ਼ੀਆਂ ਖਾੜੀ ਦੇਸ਼ਾਂ 'ਚ ਕਾਰਗੋ ਰਾਹੀਂ ਭੇਜ ਕੇ ਵਪਾਰ ਅਤੇ ਕਿਸਾਨਾਂ ਦੀ ਆਮਦਨ ਵਧਾਈ ਜਾ ਸਕਦੀ ਹੈ। ਇੱਥੇ ਦੇਸ਼ ਅਤੇ ਵਿਦੇਸ਼ ਨਾਲ ਏਅਰ ਕੁਨੈਕਟੀਵਿਟੀ ਵਿਚ ਵਾਧਾ ਕਰਨ ਦੀ ਸਮਰੱਥਾ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਯਾਤਰਾ ਅਤੇ ਸੈਰ ਸਪਾਟਾ ਲਈ ਰੋਜ਼ਾਨਾ 1.5 ਲੱਖ ਲੋਕ ਇਥੇ ਆਉਂਦੇ ਹਨ, ਇਸ ਨੂੰ ਟੂਰਿਜ਼ਮ ਇੰਡਸਟਰੀ ਵਿਚ ਬਦਲਣ ਦੀ ਲੋੜ ਹੈ ਅਤੇ ਨੌਜਵਾਨਾਂ ਨੂੰ ਸਟਾਰਟਅੱਪ ਨਾਲ ਜੋੜਿਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਨਵੀਂ ਪੀੜੀ ਦਾ ਭਵਿਖ ਸੁਰੱਖਿਅਤ ਕਰਨ ਦੀ ਜ਼ਿੰਮੇਵਾਰੀ ਸਾਡੀ ਸਭ ਦੀ ਹੈ। ਉਨ੍ਹਾਂ ਨੂੰ ਬਿਹਤਰ ਅਤੇ ਕਿੱਤਾਮੁਖੀ ਸਿੱਖਿਆ ਦਿੱਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ 2027 ਵਿੱਚ, ਅਸੀਂ ਗਾਂਧੀ ਗਰਾਊਂਡ ਵਿੱਚ ਪਹਿਲਾ ਆਈ ਪੀ ਐੱਲ ਮੈਚ ਵੀ ਆਯੋਜਿਤ ਕਰਾਂਗੇ। ਹਾਈ ਕਮਾਨ ਨੇ ਅੰਮ੍ਰਿਤਸਰ ਵਿੱਚ ਅਮਰੀਕਨ ਕੌਂਸਲੇਟ ਖੋਲ੍ਹਣ ਦੀ ਹਾਮੀ ਭਰੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਵਿਸਾਖੀ ਦੇ ਦਿਹਾੜੇ 'ਤੇ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੇ ਸ੍ਰੀ ਦਰਬਾਰ ਸਾਹਿਬ ਮੱਥਾ ਟੇਕਿਆ



ਆਵਾਜ਼ਿ ਕੌਮ AWAZE QAUM International Newspaper & WEB TV

**ਅੰਮ੍ਰਿਤਸਰ, 13 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ )**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਅੱਜ ਵਿਸਾਖੀ ਦੇ ਦਿਹਾੜੇ 'ਤੇ ਇਕ ਨਿਮਾਣੇ ਸਿੱਖ ਵਜੋਂ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਦੀ ਅਤੇ ਭਾਈਚਾਰਕ ਸਦਭਾਵਨਾ ਦੀ ਅਰਦਾਸ ਕੀਤੀ। ਉਹਨਾਂ ਸ੍ਰੀ ਦਰਬਾਰ ਸਾਹਿਬ ਵਿਖੇ ਸ਼ਬਦ ਕੀਰਤਨ ਦਾ ਵੀ ਆਨੰਦ ਮਾਣਿਆ।

# ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਰਣਜੀਤ ਐਵਿਨਿਊ ਕੂੜਾ ਡੰਪ 'ਤੇ ਸਫ਼ਾਈ ਕਰਮਚਾਰੀਆਂ ਦੀ ਸਾਰ ਲਈ





**ਅੰਮ੍ਰਿਤਸਰ, 13 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ )**-ਅੰਮ੍ਰਿਤਸਰ ਤੋਂ ਭਾਰਤੀ ਜਨਤਾ ਪਾਰਟੀ ਦੇ ਲੋਕ ਸਭਾ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਸਵੇਰੇ ਰਣਜੀਤ ਐਵਿਨਿਊ ਕੂੜਾ ਡੰਪ ਦਾ ਦੌਰਾ ਕੀਤਾ ਅਤੇ ਉੱਥੇ ਮੌਜੂਦ ਸਫ਼ਾਈ ਕਰਮਚਾਰੀਆਂ ਨਾਲ ਗੱਲਬਾਤ ਕੀਤੀ। ਉੱਥੇ ਮੌਜੂਦ ਕਰਮਚਾਰੀਆਂ ਨੇ ਸ. ਸੰਧੂ ਦੇ ਉਨ੍ਹਾਂ ਕੋਲ ਆਉਣ 'ਤੇ ਭਰਵਾਂ ਸਵਾਗਤ ਕਰਦਿਆਂ ਕਿਹਾ ਕਿ ਅੱਜ ਤੱਕ ਸਾਡੀ ਸਾਰ ਕਿਸੇ ਨੇ ਸਾਰ ਨਹੀਂ ਲਈ ਹੈ। ਸ਼ਹਿਰ ਨੂੰ ਸਾਫ਼ ਸੁਥਰਾ ਰੱਖਣ ਦੀ ਜ਼ਿੰਮੇਵਾਰੀ ਨਿਭਾਉਣ ਵਾਲੇ ਲੋਕਾਂ ਨੂੰ ਰੋਜ਼ੀ-ਰੋਟੀ ਕਮਾਉਣ ਲਈ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਕੂੜੇ ਤੋਂ ਉਸ ਨੂੰ ਰੁਜ਼ਗਾਰ ਤਾਂ ਮਿਲਿਆ ਹੋਇਆ ਹੈ ਪਰ ਇਹ ਸਿਰਫ਼ ਸਮਾਂ ਲੰਘਾਉਣ ਲਈ ਹੈ ਅਤੇ ਪਰਿਵਾਰ ਦਾ ਗੁਜ਼ਾਰਾ ਚਲਾਉਣਾ ਮੁਸ਼ਕਲ ਹੈ। ਉਨ੍ਹਾਂ ਨੇ ਸੰਧੂ ਨੂੰ ਕਿਹਾ ਕਿ ਉਨ੍ਹਾਂ ਨੂੰ ਘੱਟ ਤਨਖ਼ਾਹ ਜਾਂ ਮਿਹਨਤਾਨਾ ਨਾਲ ਕੰਮ ਕਰਨਾ ਪੈ ਰਿਹਾ ਹੈ। ਕਈਆਂ ਨੂੰ ਅੱਠ ਤੋਂ ਨੌਂ ਹਜ਼ਾਰ ਰੁਪਏ ਹੀ ਮਿਲਦੇ ਹਨ।ਉਨ੍ਹਾਂ ਦੀ ਤਨਖ਼ਾਹ ਵਿੱਚੋਂ ਡਾਕਟਰੀ ਖ਼ਰਚੇ ਕੱਟੇ ਜਾਣੇ ਸੁਭਾਵਿਕ ਹਨ, ਪਰ ਲੋੜ ਪੈਣ 'ਤੇ ਉਨ੍ਹਾਂ ਨੂੰ ਇਲਾਜ ਲਈ ਨਿੱਜੀ ਤੌਰ 'ਤੇ ਪੈਸਾ ਖ਼ਰਚ ਕਰਨਾ ਪੈਂਦਾ ਹੈ, ਉਨ੍ਹਾਂ ਕਿਹਾ ਕਿ ਪਰਿਵਾਰ ਦਾ ਪਾਲਣ ਪੋਸਣ ਕਰਨਾ ਮੁਸ਼ਕਲ ਹੈ। ਫਿਰ ਵੀ ਉਹ ਬੇਰੁਜ਼ਗਾਰੀ ਤੋਂ ਬਚਣ ਲਈ ਇੱਥੇ ਕੰਮ ਕਰਨ ਲਈ ਮਜਬੂਰ ਹਨ। ਵਰਕਰਾਂ ਨੇ ਕਿਹਾ ਕਿ ਤਰਨਜੀਤ ਸਿੰਘ ਸੰਧੂ ਦੀ ਸੋਚ ਤੋਂ ਅਸੀਂ ਸਭ ਜਾਣੂ ਹਨ। ਉਹ ਇਹ ਵੀ ਚਾਹੁੰਦੇ ਹਨ ਕਿ ਸ਼ਹਿਰ ਸਾਫ਼-ਸੁਥਰਾ ਰਹੇ ਅਤੇ ਲੋਕਾਂ ਨੂੰ ਤਰੱਕੀ ਅਤੇ ਖ਼ੁਸ਼ਹਾਲੀ ਦਾ ਮੌਕਾ ਮਿਲੇ। ਜਿੱਥੇ ਵਰਕਰਾਂ ਨੇ ਆਪਣੀਆਂ ਦਰਦ ਭਰੀਆਂ ਕਹਾਣੀਆਂ ਸੁਣਾਈਆਂ। ਉੱਥੇ ਹੀ ਉਨ੍ਹਾਂ ਤਰਨਜੀਤ ਸਿੰਘ ਸੰਧੂ ਨੂੰ ਭਰੋਸਾ ਦਿੱਤਾ ਕਿ ਇਸ ਵਾਰ ਉਨ੍ਹਾਂ ਨੇ ਭਾਜਪਾ ਨੂੰ ਜਿਤਾਉਣ ਦਾ ਮਨ ਬਣਾ ਲਿਆ ਹੈ ਅਤੇ ਉਹ ਉਨ੍ਹਾਂ (ਸ. ਸੰਧੂ) ਨੂੰ ਜ਼ਰੂਰ ਅੱਗੇ ਲਿਆਉਣਗੇ। ਭਾਜਪਾ ਜ਼ਿਲ੍ਹਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਦੀ ਮੌਜੂਦਗੀ ਵਿਚ ਸ. ਤਰਨਜੀਤ ਸਿੰਘ ਸੰਧੂ ਨੇ ਸਫ਼ਾਈ ਕਰਮਚਾਰੀਆਂ ਤੇ ਮੁਲਾਜ਼ਮਾਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਨ ਦੀ ਕੋਸ਼ਿਸ਼ ਜ਼ਰੂਰ ਕਰਨਗੇ। ਉਹ ਉਨ੍ਹਾਂ ਦੀ ਜ਼ਿੰਦਗੀ ਨੂੰ ਆਸਾਨ ਬਣਾਉਣ ਲਈ ਹਰ ਸੰਭਵ ਕੋਸ਼ਿਸ਼ ਕਰੇਗਾ। ਉਨ੍ਹਾਂ ਨੂੰ ਇਸ ਹਾਲਤ ਵਿੱਚ ਨਹੀਂ ਛੱਡਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸ਼ਹਿਰ ਨੂੰ ਮਿਲ ਕੇ ਸਾਫ਼ ਕਰਨਾ ਪਵੇਗਾ ਤਾਂ ਜੋ 2027 ਵਿੱਚ ਜਦੋਂ ਸ਼ਹਿਰ ਦਾ 450ਵਾਂ ਸਥਾਪਨਾ ਦਿਵਸ ਆਵੇ ਤਾਂ ਸ਼ਹਿਰ ਸਫ਼ਾਈ ਵਿੱਚ ਇੰਦੌਰ ਦਾ ਮੁਕਾਬਲਾ ਕਰ ਸਕੇ। ਉਨ੍ਹਾਂ ਕਿਹਾ ਕਿ ਉਹ ਇਸ ਕੰਮ ਲਈ ਪ੍ਰਧਾਨ ਮੰਤਰੀ ਤੋਂ ਵਿਸ਼ੇਸ਼ ਪੈਕੇਜ ਲਿਆਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਉਹ ਜਿੱਤ ਜਾਂਦੇ ਹਨ ਤਾਂ ਉਹ ਅੰਮ੍ਰਿਤਸਰ ਨੂੰ ਮੁੜ ਸਿਫ਼ਤੀਂ ਦਾ ਘਰ ਵਿੱਚ ਤਬਦੀਲ ਕਰਨ ਤੋਂ ਪਿੱਛੇ ਨਹੀਂ ਹਟਣਗੇ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀਆਂ ਦੀ ਭੂਮਿਕਾ ਸਭ ਤੋਂ ਅਹਿਮ ਹੈ। ਪਰ ਬਦਕਿਸਮਤੀ ਨਾਲ ਚੁਣੇ ਹੋਏ ਨੁਮਾਇੰਦਿਆਂ ਨੇ ਇਸ ਪਾਸੇ ਧਿਆਨ ਦੇਣਾ ਜ਼ਰੂਰੀ ਨਹੀਂ ਸਮਝਿਆ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਬੱਚਿਆਂ ਨੂੰ ਚੰਗੀ ਸਿੱਖਿਆ ਪ੍ਰਾਪਤ ਕਰਨੀ ਚਾਹੀਦੀ ਹੈ। ਉਨ੍ਹਾਂ ਦੀ ਚੰਗੀ ਪਰਵਰਿਸ਼ ਹੋਣੀ ਚਾਹੀਦੀ ਹੈ। ਇਹ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ। ਉਨ੍ਹਾਂ ਕਿਹਾ ਕਿ ਸਫ਼ਾਈ ਕਰਮਚਾਰੀਆਂ ਨੂੰ ਹੱਥੀਂ ਸਫ਼ਾਈ ਦਾ ਕੰਮ ਕਰਨਾ ਪੈ ਰਿਹਾ ਹੈ, ਪਰ ਉਹ ਅਜਿਹੀ ਵਿਵਸਥਾ ਬਣਾਉਣ ਦੇ ਹੱਕ ਵਿੱਚ ਹਨ, ਜਿਸ ਵਿੱਚ ਲੋਕਾਂ ਨੂੰ ਕੰਮ ਕਰਨ ਵਿੱਚ ਕੋਈ ਦਿੱਕਤ ਨਾ ਆਵੇ। ਉਨ੍ਹਾਂ ਨੇ ਕਰੋਨਾ ਦੌਰਾਨ ਸ਼ਹਿਰ ਦੀ ਸਫ਼ਾਈ ਦੇ ਕੰਮ ਨੂੰ ਜਾਰੀ ਰੱਖਣ ਲਈ ਸਫ਼ਾਈ ਕਰਮਚਾਰੀਆਂ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਸੇਵਾ ਲਈ ਕੋਈ ਕੀਮਤ ਅਦਾ ਨਹੀਂ ਕੀਤੀ ਜਾ ਸਕਦੀ।

ਵਿਸਾਖੀ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂਆਂ ਸਮੇਤ ਸਿਆਸੀ ਰਾਜਨੀਤਿਕ ਤੇ ਧਾਰਮਿਕ ਹਸਤੀਆਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ

# ਪੰਜਾਬ ਦੇ ਖੇਤੀ ਮੰਤਰੀ ਗੁਰਮੀਤ ਸਿੰਘ ਖੁਡੀਆਂ ਸਮੇਤ ਲੋਕ ਸਭਾ ਹਲਕਾ ਬਠਿੰਡੇ ਦੇ ਵਿਧਾਇਕਾਂ ਨੇ ਵੀ ਕੀਤੀ ਮੇਲੇ ਵਿੱਚ ਸ਼ਿਰਕਤ





**ਤਲਵੰਡੀ ਸਾਬੋ, 13 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਅੱਜ ਸਿੱਖ ਧਰਮ ਦੇ ਚੌਥੇ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਵਿਸਾਖੀ ਦਾ ਪਵਿੱਤਰ ਦਿਹਾੜਾ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਜਿੱਥੇ ਧਾਰਮਿਕ ਸਮਾਗਮ ਕੀਤੇ ਗਏ ਉੱਥੇ ਹੀ ਵੱਖ-ਵੱਖ ਪਿੰਡਾਂ ਦੇ ਲੋਕਾਂ ਨੇ ਸ਼ਰਧਾਲੂਆਂ ਲਈ ਲੰਗਰ ਵੀ ਲਗਾਏ ਗਏ ਸਨ। ਇਸ ਮੌਕੇ ਜਿੱਥੇ ਵੱਡੀ ਗਿਣਤੀ ਵਿੱਚ ਵੱਖ-ਵੱਖ ਸ਼ਹਿਰਾਂ ਤੇ ਪਿੰਡਾਂ ਵਿੱਚੋਂ ਸ਼ਰਧਾਲੂਆਂ ਨੇ ਇਤਿਹਾਸਕ ਸ਼ਹਿਰ ਵਿੱਚ ਆਪਣੀ ਹਾਜ਼ਰੀ ਭਰ ਕੇ ਸ਼ਰਧਾ ਦਾ ਪ੍ਰਗਟਾਵਾ ਕੀਤਾ ਉੱਥੇ ਹੀ ਸਾਰੀਆਂ ਹੀ ਸਿਆਸੀ ਪਾਰਟੀਆਂ ਦੇ ਆਗੂਆਂ ਤੇ ਨੇਤਾਵਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਇਸ ਮੌਕੇ ਮੁੱਖ ਮੰਤਰੀ ਦੀ ਮਾਤਾ ਹਰਪਾਲ ਕੌਰ ਮਾਨ, ਪੰਜਾਬ ਦੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁਡੀਆਂ, ਚੀਫ ਵਿਪ ਪ੍ਰੋ. ਬਲਜਿੰਦਰ ਕੌਰ, ਸੁਖਬੀਰ ਸਿੰਘ ਮਾਈਸਰਖਾਨਾ ਹਲਕਾ ਵਿਧਾਇਕ ਮੌੜ, ਜਗਰੂਪ ਸਿੰਘ ਹਲਕਾ ਵਿਧਾਇਕ ਬਠਿੰਡਾ, ਗੁਰਪ੍ਰੀਤ ਸਿੰਘ ਬਣਾਂਵਾਲੀ ਹਲਕਾ ਵਿਧਾਇਕ ਸਰਦੂਲਗੜ੍ਹ, ਮਾਸਟਰ ਜਗਸੀਰ ਸਿੰਘ ਹਲਕਾ ਵਿਧਾਇਕ ਭੁੱਚੋ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਖੇਤੀਬਾੜੀ ਮੰਤਰੀ ਨੇ ਅਕਾਲੀ ਦਲ ਤੇ ਤਿੱਖੇ ਨਿਸ਼ਾਨੇ ਸ਼ਾਦਿਆਂ ਕਿਹਾ ਕਿ ਅਕਾਲੀ ਦਲ ਕਿਸੇ ਸਮੇਂ ਵੱਡੀ ਪਾਰਟੀ ਸੀ ਪਰ ਹੁਣ ਨਿੱਜੀ ਕੰਪਨੀ ਬਣ ਕੇ ਰਹਿ ਗਈ ਹੈ ਜਿਸ ਕਰਕੇ ਵੱਡੇ-ਵੱਡੇ ਨੇਤਾ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਹੋਰ ਪਾਰਟੀਆਂ ਵੱਲ ਆਪਣਾ ਰੁੱਖ ਕਰ ਰਹੇ ਹਨ। ਉਹਨਾਂ ਕਿਹਾ ਕਿ ਉਹ ਇਮਾਨਦਾਰੀ ਨਾਲ ਆਪਣੀ ਸੇਵਾ ਕਰ ਰਹੇ ਹਨ ਤੇ ਹੁਣ ਉਹ ਲੋਕ ਸਭਾ ਵਿੱਚ ਲੋਕਾਂ ਕੋਲ ਆਪਣੀ ਇਮਾਨਦਾਰੀ ਨਾਲ ਕੀਤੇ ਕੰਮਾਂ ਕਰਕੇ ਹੀ ਵੋਟ ਲੈਣਗੇ ਤੇ ਭਵਿੱਖ ਵਿੱਚ ਵੀ ਇਮਾਨਦਾਰੀ ਨਾਲ ਲੋਕਾਂ ਦੇ ਕੰਮ ਕਰਵਾਏ ਜਾਣਗੇ ਉਹਨਾਂ ਕਿਹਾ ਕਿ ਪੰਜਾਬ ਦੇ ਕਿਸਾਨ ਭਾਜਪਾ ਦਾ ਵਿਰੋਧ ਕਰ ਰਹੇ ਹਨ ਕਿਉਂਕਿ ਉਹ ਸਮੇਂ ਭਾਜਪਾ ਤੇ ਅਕਾਲੀ ਦਲ ਨੇ ਕਿਸਾਨ ਵਿਰੋਧੀ ਖੇਤੀ ਬਿੱਲ ਬਣਾਏ ਸਨ ਤੇ ਉਸ ਸਮੇਂ ਅਕਾਲੀ ਦਲ ਵੀ ਭਾਜਪਾ ਦੇ ਨਾਲ ਹੀ ਰਲੇ ਮਿਲੇ ਹੋਏ ਸਨ ਜਿਸ ਕਰਕੇ ਲੋਕ ਕਦੇ ਵੀ ਅਕਾਲੀ ਦਲ ਨੂੰ ਵੋਟ ਨਹੀਂ ਪਾਉਣਗੇ। ਇਸ ਮੌਕੇ ਰਣਧੀਰ ਸਿੰਘ ਧੀਰਾ, ਭੂਰਾ ਸਿੰਘ ਗੁਰੂਸਰ, ਕੇਵਲ ਸਿੰਘ ਨਿੱਜੀ ਸਹਾਇਕ ਹਲਕਾ ਵਿਧਾਇਕ ਤਲਵੰਡੀ ਸਾਬੋ, ਗੁਰਦੀਪ ਸਿੰਘ ਤੂਰ ਸਮੇਤ ਵੱਡੀ ਗਿਣਤੀ ਵਿੱਚ ਆਪ ਆਗੂ ਤੇ ਵਰਕਰ ਮੌਜੂਦ ਸਨ।

☛ ਪੰਜਾਬ ਦੇ ਭਲੇ ਲਈ ਅਰਦਾਸ ਕਰਨ ਲਈ ਤਖਤ ਸ੍ਰੀ ਦਮਦਮਾ ਸਾਹਿਬ ਤੇ ਪਹੁੰਚਿਆ ਹਾਂ- ਖੇਤੀਬਾੜੀ ਮੰਤਰੀ ਪੰਜਾਬ ☛ ਅਕਾਲੀ ਦਲ ਇੱਕ ਨਿੱਜੀ ਕੰਪਨੀ ਬਣ ਕੇ ਰਹਿ ਗਈ ਹੈ ਜਿਸ ਕਾਰਨ ਅਕਾਲੀ ਦਲ ਦੇ ਵੱਡੇ-ਵੱਡੇ ਥੰਮ ਛੱਡ ਕੇ ਹੋਰ ਪਾਰਟੀਆਂ ਨੂੰ ਜਾ ਰਹੇ ਹਨ- ਖੇਤੀਬਾੜੀ ਮੰਤਰੀ

ਵਿਸਾਖੀ ਮੌਕੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸ਼ੀਏਸ਼ਨ ਵੱਲੋਂ

# ਲਗਾਇਆ ਤਿੰਨ ਰੋਜ਼ਾ ਦਵਾਈਆਂ ਦਾ ਲੰਗਰ








**ਤਲਵੰਡੀ ਸਾਬੋ, 14 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਵਿਸਾਖੀ ਮੇਲੇ 'ਤੇ ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸ਼ੀਏਸ਼ਨ ਜ਼ਿਲ੍ਹਾ ਬਠਿੰਡਾ ਵੱਲੋਂ ਤਿੰਨ ਦਿਨਾ ਮੁਫ਼ਤ ਮੈਡੀਕਲ ਕੈਂਪ ਲਗਾਇਆ ਗਿਆ। ਜਿਸ ਦਾ ਪਹਿਲੇ ਦਿਨ ਸਟੇਟ ਪ੍ਰਧਾਨ ਧੰਨਾ ਮਲ ਗੋਇਲ ਨੇ ਉਦਘਾਟਨ ਕਰਕੇ ਆਰੰਭ ਕੀਤਾ ਅਤੇ ਦੂਸਰੇ ਦਿਨ ਉਦਘਾਟਨ ਸਾਬਕਾ ਸੂਬਾ ਮੰਤਰੀ ਅਤੇ ਐਮ.ਪੀ ਬੀਬਾ ਹਰਸਿਮਰਤ ਕੌਰ ਬਾਦਲ ਨੇ ਕੀਤਾ। ਜਿਸ ਵਿਚ ਸ਼ਾਮਿਲ ਨਗਰ ਕੌਂਸਲਾਂ ਦੀ ਸਾਬਕਾ ਕਾਰਜਕਾਰੀ ਪ੍ਰਧਾਨ ਬੀਬੀ ਸੁਖਜਿੰਦਰ ਕੌਰ, ਜਲੌਰ ਸਿੰਘ ਪੀ.ਏ, ਐਮ ਸੀ ਮਿਠੂ ਸਿੰਘ, ਗੁਰਚਰਨ ਸਿੰਘ ਮੱਡੂ, ਦਰਸ਼ਨ ਸਿੰਘ ਦਰਸ਼ੀ, ਕੌਰ ਸਿੰਘ ਤੋਂ ਇਲਾਵਾ ਗੁਰਵਿੰਦਰ ਸਿੰਘ ਪੀ.ਏ ਬੀਬਾ, ਅਰਸ਼ਦੀਪ ਸਿੰਘ ਪੀ.ਏ ਸੁਖਬੀਰ ਸਿੰਘ ਬਾਦਲ, ਅਨਮੋਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਬੀਬੀਆਂ ਅਤੇ ਵਰਕਰਾਂ ਤੋਂ ਇਲਾਵਾ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਫੂਲ, ਜ਼ਿਲ੍ਹਾ ਸੈਕਟਰੀ ਮਨਪ੍ਰੀਤ ਸਿੰਘ ਬੁਰਜ ਡੱਲਾ, ਚੇਅਰਮੈਨ ਮੇਵਾ ਸਿੰਘ ਬਰਾੜ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਮੀਤ ਪ੍ਰਧਾਨ ਲਛਮਣ ਕੁਮਾਰ ਜਗਾ, ਬਠਿੰਡਾ ਬਲਾਕ ਪ੍ਰਧਾਨ ਜਗਸੀਰ ਸ਼ਰਮਾ, ਪ੍ਰਧਾਨ ਰੇਸ਼ਮ ਸਿੰਘ ਸੰਧੂ, ਵੱਖ-ਵੱਖ ਬਲਾਕਾਂ ਸੰਗਤ, ਰਾਮਪੁਰਾ ਬਲਾਕ ਤੋਂ ਡਾ. ਜਗਤਾਰ ਸਿੰਘ ਨਥਾਣਾ, ਮੌੜ ਤੋਂ ਚਰਨਜੀਤ ਸਿੰਘ ਨਥਾਣਾ, ਭੁੱਚੋ, ਭਗਤਾ, ਗੋਨੇਆਣਾ ਆਦਿ ਤੋਂ ਇਲਾਵਾ ਬਲਾਕ ਤਲਵੰਡੀ ਸਾਬੋ ਤੋਂ ਤਕਰੀਬਨ ਵੱਡੀ ਗਿਣਤੀ ਵਿਚ ਅਹੁਦੇਦਾਰਾਂ ਤੋਂ ਇਲਾਵਾ ਗੁਲਾਬ ਸਿੰਘ ਫੂਲੋਖਾਰੀ, ਬਲਵੰਤ ਸਿੰਘ ਕਣਕਵਾਲ, ਰਛਪਾਲ ਸਿੰਘ ਤਲਵੰਡੀ ਸਾਬੋ, ਬਲਾਕ ਮੀਤ ਪ੍ਰਧਾਨ ਭੋਲਾ ਸਿੰਘ ਸ਼ੇਖਪੁਰਾ, ਸਲਾਹਕਾਰ ਜੀ.ਐਸ. ਖੋਖਰ, ਮਿਠੂ ਖਾਨ, ਸੀਂਗੋ ਸਰਕਲ ਪ੍ਰਧਾਨ ਭਰਪੂਰ ਸਿੰਘ, ਦਿਹਾਤੀ ਤੋਂ ਜਸਵੀਰ ਸਿੰਘ ਕੋਟਬਖਤੂ, ਰਾਮਾ ਸਰਕਲ ਪ੍ਰਧਾਨ ਸੁਖਵਿੰਦਰ ਮਾਨ, ਵਿੱਕੀ ਸੇਠ, ਸੁਖਚਰਨ ਸਿੰਘ, ਬਸੰਤ ਸਿੰਘ, ਹਰਦੀਪ ਸਿੰਘ, ਕੌਰ ਸਿੰਘ ਲੇਲੇਵਾਲਾ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਮਨਜੀਤ ਸਿੰਘ ਧਿੰਗੜ, ਸੈਕਟਰੀ ਰੇਸ਼ਮ ਸਿੰਘ ਭਾਗੀਵਾਂਦਰ, ਗਗੜ ਸਿੰਘ ਗਹਿਲੇਵਾਲਾ, ਜਸਵਿੰਦਰ ਸਿੰਘ ਮਲਕਾਣਾ, ਪਰਮਜੀਤ ਸਿੰਘ ਮਾਹੀਨੰਗਲ, ਗੁਰਵਿੰਦਰ ਸਿੰਘ ਬੰਗੀ, ਗੁਰਪ੍ਰੀਤ ਸਿੰਘ ਕੇਵਲ, ਦਰਸ਼ਨ ਸਿੰਘ ਸੁਖਲੱਧੀ, ਸੁਖਮੰਦਰ ਸਿੰਘ, ਰਾਜਕੁਮਾਰ ਬੰਗੀ, ਜਗਸੀਰ ਸਿੰਘ, ਮੇਜਰ ਸਿੰਘ ਰਾਮਸਰਾ, ਹਰਭਗਵਾਨ ਸਿੰਘ, ਸੁਰੇਸ਼ ਸਿੰਘ, ਗੁਰਪ੍ਰੀਤ ਸਿੰਘ ਤਲਵੰਡੀ ਸਾਬੋ, ਅਮਰੀਕ ਸਿੰਘ ਨਵਾਂ ਪਿੰਡ, ਹਰਪ੍ਰੀਤ ਸਿੰਘ ਕੋਟਭਾਰਾ ਆਦਿ ਸਾਥੀ ਸ਼ਾਮਲ ਹੋਏ।

# ਔਰਤ ਦੀ ਸਮਾਜ ਵਿਚ ਭੂਮਿਕਾ ਦਾ ਵਰਨਣ-: ਜਸਵਿੰਦਰ ਕੌਰ



ਔਰਤਾਂ ਨਾਲ ਬਦਸਲੂਕੀ ਜਾਂ ਵਿਤਕਰਾ ਕਰਨ ਦੀ ਬਜਾਏ, ਉਨ੍ਹਾਂ ਦਾ ਮਾਣ-ਸਤਿਕਾਰ ਕੀਤਾ ਜਾਣਾ ਚਾਹੀਦਾ ਹੈ। ਔਰਤ ਦੀ ਸਮਾਜ ਵਿਚ ਵੱਖ ਵੱਖ ਭੂਮਿਕਾ ਦਾ ਵਰਨਣ ਕਰਦੇ ਹੋਏ ਗੁਰੂ ਨਾਨਕ ਸਾਹਿਬ ਨੇ ਆਸਾ ਰਾਗ ਵਿਚ ਲਿਖੀ ਆਪਣੀ ਰਚਨਾ ਵਿਚ ਵਰਨਣ ਕੀਤਾ ਹੈ;

**ਭੰਡਿ ਜੰਮੀਐ ਭੰਡਿ ਨਿੰਮੀਐ ਭੰਡਿ ਮੰਗਣੁ ਵੀਆਹੁ ॥**
**ਭੰਡਹੁ ਹੋਵੈ ਦੋਸਤੀ ਭੰਡਹੁ ਚਲੈ ਰਾਹੁ ॥**
**ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥**
**ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥**
**ਭੰਡਹੁ ਹੀ ਭੰਡੁ ਊਪਜੈ ਭੰਡੈ ਬਾਝੁ ਨ ਕੋਇ ॥**
**ਨਾਨਕ ਭੰਡੈ ਬਾਹਰਾ ਏਕੋ ਸਚਾ ਸੋਇ ॥**

ਭਾਵ: ਅਸੀਂ ਸਾਰੇ ਔਰਤ ਤੋਂ ਜਨਮ ਲੈਂਦੇ ਹਾਂ। ਅਸੀਂ ਔਰਤ ਦੀ ਕੁੱਖ ਵਿਚ ਪਲਦੇ ਹਾਂ। ਔਰਤ ਨਾਲ ਹੀ ਸਾਡੀ ਮੰਗਣੀ ਹੁੰਦੀ ਹੈ ਅਤੇ ਔਰਤ ਨਾਲ ਹੀ ਵਿਆਹ ਹੁੰਦਾ ਹੈ। ਔਰਤ ਨਾਲ ਹੀ ਮਿੱਤਰਤਾ ਕੀਤੀ ਜਾਂਦੀ ਹੈ ਅਤੇ ਔਰਤ ਦੁਆਰਾ ਹੀ ਨਵੀਆਂ ਮਨੁੱਖੀ ਪੀੜ੍ਹੀਆਂ ਜਨਮ ਲੈਂਦੀਆਂ ਹਨ। ਜਦੋਂ ਕਿਸੇ ਦੀ ਪਤਨੀ ਦੀ ਮੌਤ ਹੋ ਜਾਂਦੀ ਹੈ ਤਾਂ ਉਹ ਵਿਅਕਤੀ ਦੁਬਾਰਾ ਵਿਆਹ ਲਈ ਹੋਰ ਔਰਤ ਦੀ ਭਾਲ ਕਰਦਾ ਹੈ। ਅਸੀਂ ਔਰਤ ਰਾਹੀਂ ਹੀ ਸੰਸਾਰਕ ਸਬੰਧਾਂ ਵਿਚ ਜੁੜੇ ਹੋਏ ਹਾਂ। ਤਾਂ ਫਿਰ ਅਸੀਂ ਉਸ ਬਾਰੇ ਬੁਰਾ ਕਿਉਂ ਬੋਲਦੇ ਹਾਂ ? ਉਸ ਤੋਂ ਰਾਜਿਆਂ ਦਾ ਜਨਮ ਹੁੰਦਾ ਹੈ। ਇਕ ਔਰਤ ਤੋਂ ਹੀ ਹੋਰ ਔਰਤ ਦਾ ਜਨਮ ਹੁੰਦਾ ਹੈ। ਔਰਤ ਤੋਂ ਬਿਨਾਂ ਇੱਥੇ ਕਿਸੇ ਦੀ ਵੀ ਹੋਂਦ ਨਹੀਂ ਸੀ ਹੋਣੀ। ਗੁਰੂ ਨਾਨਕ ਦੇਵ ਜੀ ਦਾ ਕਹਿਣਾ ਹੈ ਕਿ ਕੇਵਲ ਪਰਮਾਤਮਾ ਹੀ ਔਰਤ ਦੀ ਸਬੰਧਤਾ ਤੋਂ ਮੁਕਤ ਹੈ।

ਗੁਰੂ ਨਾਨਕ ਦੇਵ ਜੀ ਅਤੇ ਉਨ੍ਹਾਂ ਦੇ ਉੱਤਰਾਧਿਕਾਰੀ ਸਿੱਖ ਗੁਰੂਆਂ ਨੇ ਔਰਤਾਂ ਦੀ ਸ਼ਮੂਲੀਅਤ ਜੀਵਨ ਦੇ ਹਰ ਖੇਤਰ ਵਿਚ ਜਿਵੇਂ ਕਿ ਪੂਜਾ ਦੇ ਕਾਰਜਾਂ, ਸਮਾਜਿਕ ਕੰਮਾਂ-ਕਾਰਾਂ ਅਤੇ ਇੱਥੋਂ ਤਕ ਕਿ ਯੁੱਧ ਦੇ ਮੈਦਾਨ ਵਿਚ ਵੀ ਬਰਾਬਰਤਾ ਦੇ ਆਧਾਰ ਉੱਤੇ ਉਤਸ਼ਾਹਿਤ ਕੀਤੀ। ਉਨ੍ਹਾਂ ਨੇ ਔਰਤਾਂ ਦੇ ਵਿਚਾਰ ਪ੍ਰਗਟ ਕਰਨ ਦੀ ਆਜ਼ਾਦੀ ਦਾ ਸਮਰਥਨ ਕੀਤਾ। ਔਰਤਾਂ ਨੂੰ ਸਾਰੇ ਧਾਰਮਿਕ ਕੰਮਾਂ ਵਿਚ ਹਿੱਸਾ ਲੈਣ ਦੇ ਨਾਲ ਨਾਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਠ ਕਰਨ ਲਈ ਵੀ ਉਤਸ਼ਾਹਿਤ ਕੀਤਾ ਗਿਆ। ਉਨ੍ਹਾਂ ਸਤੀ ਅਤੇ ਕੰਨਿਆ ਭਰੂਣ ਹੱਤਿਆ ਦੀਆਂ ਰਵਾਇਤਾਂ ਦਾ ਸਖ਼ਤੀ ਨਾਲ ਵਿਰੋਧ ਕੀਤਾ। ਵਿਧਵਾ ਔਰਤਾਂ ਦੇ ਦੁਬਾਰਾ ਵਿਆਹ ਨੂੰ ਉਤਸ਼ਾਹਿਤ ਕੀਤਾ। ਵਰਨਣਯੋਗ ਹੈ ਕਿ ਸਿੱਖ ਗੁਰੂਆਂ ਨੇ ਔਰਤ ਦੀ ਦਸ਼ਾ ਵਿਚ ਸੁਧਾਰ ਦੇ ਇਹ ਕਾਰਜ ਪੱਛਮ ਵਿਚ ਨਾਰੀਵਾਦੀ ਲਹਿਰ ਦੇ ਜਨਮ ਲੈਣ ਤੋਂ ਸੈਂਕੜੇ ਸਾਲ ਪਹਿਲਾਂ ਮਰਦ-ਪ੍ਰਧਾਨ ਭਾਰਤੀ ਸਮਾਜ ਵਿਚ ਚਲਾਏ। ਦੁੱਖ ਦੀ ਗੱਲ ਇਹ ਹੈ ਕਿ ਅਜੋਕਾ ਸਿੱਖ ਸਮਾਜ ਪੁਰਾਣੀਆਂ ਗ਼ਲਤ ਸੱਭਿਆਚਾਰਕ ਪਰੰਪਰਾਵਾਂ ਨੂੰ ਪੂਰੀ ਤਰ੍ਹਾਂ ਬਦਲਣ ਅਤੇ ਗੁਰੂ ਸਾਹਿਬਾਂ ਦੁਆਰਾ ਸਿਖਾਈ ਗਈ ਮਰਦ-ਔਰਤ ਸਮਾਨਤਾ ਦੇ ਆਦਰਸ਼ਾਂ ਉੱਤੇ ਸਹੀ ਰੂਪ ਵਿਚ ਚੱਲਣ ਤੋਂ ਅਸਮਰੱਥ ਰਿਹਾ ਹੈ। ਪੁੱਤਰ ਪ੍ਰਾਪਤੀ ਦੀ ਇੱਛਾ ਕਾਰਨ ਕੀਤੇ ਜਾ ਰਹੇ ਲਿੰਗ-ਨਿਰਧਾਰਨ ਟੈਸਟਾਂ ਦੇ ਫਲਸਰੂਪ ਬੱਚੀਆਂ ਦੀ ਭਰੂਣ ਹੱਤਿਆ ਪੰਜਾਬ ਵਿਚ ਸਰਾਪ ਬਣ ਕੇ ਉੱਭਰੀ ਹੈ। ਜੋ ਪੰਜਾਬੀਆਂ ਤੇ ਖ਼ਾਸ ਕਰ ਸਿੱਖਾਂ ਲਈ ਵੱਡੇ ਕਲੰਕ ਦਾ ਕਾਰਨ ਹੈ। ਅਕਾਲ ਤਖ਼ਤ ਸਮੇਤ ਸਿੱਖਾਂ ਦੀਆਂ ਬਹੁਤ ਸਾਰੀਆਂ ਧਾਰਮਿਕ ਸੰਸਥਾਵਾਂ ਇਸ ਪ੍ਰਥਾ ਦੇ ਵਿਰੁੱਧ ਆਵਾਜ਼ ਉਠਾ ਰਹੀਆਂ ਹਨ। ਆਓ ! ਰਲ ਮਿਲ ਅਹਿਦ ਕਰੀਏ ਕਿ ਅਸੀਂ ਸਾਰੇ ਇਸ ਸੰਸਾਰ ਨੂੰ ਪੱਖਪਾਤ ਰਹਿਤ, ਤਰਕਹੀਣ ਪਰੰਪਰਾਵਾਂ ਅਤੇ ਲਿੰਗ-ਭੇਦਭਾਵ ਤੋਂ ਮੁਕਤ ਬਣਾਉਣ ਲਈ ਹਰ ਸੰਭਵ ਯਤਨ ਕਰਾਂਗੇ। ਆਪਾਂ ਸਾਰੇ ਮਿਲ ਕੇ ਇਕ ਅਜਿਹੀ ਦੁਨੀਆਂ ਦੀ ਸਿਰਜਨਾ ਲਈ ਯਤਨ ਕਰੀਏ ਜਿੱਥੇ ਹਰ ਔਰਤ ਕੋਲ ਆਪਣੀ ਜ਼ਿੰਦਗੀ ਦੀ ਬੁਲੰਦੀ ਨੂੰ ਛੂਹਣ ਲਈ ਲੋੜੀਂਦੇ ਮੌਕੇ ਸਹਿਜੇ ਹੀ ਉਪਲੱਬਧ ਹੋ ਸਕਣ।

# ਦਿੱਲੀ ਗੁਰਦੁਆਰਾ ਕਮੇਟੀ ਦੇ ਧਰਮ ਪ੍ਰਚਾਰ ਵਿਭਾਗ ਦੀ ਪ੍ਰੇਰਨਾ ਸਦਕਾ ਸੈਂਕੜੇ ਪ੍ਰਾਣੀਆਂ ਨੇ ਅੰਮ੍ਰਿਤ ਛਕਿਆ



ਨਵੀਂ ਦਿੱਲੀ, 14 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਖ਼ਾਲਸਾ ਸਾਜਨਾ ਦਿਵਸ ਮੌਕੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਧਰਮ ਪ੍ਰਚਾਰ ਵਿਭਾਗ ਵੱਲੋਂ ਗੁਰਦੁਆਰਾ ਮਜਨੂੰ ਕਾ ਟਿੱਲਾ ਵਿਖੇ ਅੰਮ੍ਰਿਤ ਸੰਚਾਰ ਦਾ ਵਿਸ਼ਾਲ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿਚ ਸੈਂਕੜੇ ਲੋਕਾਂ ਨੇ ਅੰਮ੍ਰਿਤਪਾਨ ਕੀਤਾ। ਦਿੱਲੀ ਕਮੇਟੀ ਪ੍ਰਧਾਨ ਹਰਮੀਤ ਸਿੰਘ ਕਾਲਕਾ, ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਅਤੇ ਧਰਮ ਪ੍ਰਚਾਰ ਮੁਖੀ ਜਸਪ੍ਰੀਤ ਸਿੰਘ ਕਰਮਸਰ ਨੇ ਅੰਮ੍ਰਿਤਪਾਨ ਕਰਨ ਵਾਲਿਆਂ ਨੂੰ ਵਧਾਈ ਦਿੱਤੀ।

ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਜਸਪ੍ਰੀਤ ਸਿੰਘ ਕਰਮਸਰ ਨੇ ਦੱਸਿਆ ਕਿ ਪਿਛਲੇ ਕਈ ਦਿਨਾਂ ਤੋਂ ਦਿੱਲੀ ਦੇ ਵੱਖ-ਵੱਖ ਹਲਕਿਆਂ 'ਚ ਪ੍ਰਚਾਰਕ ਭੇਜ ਕੇ ਲੋਕਾਂ ਨੂੰ ਅੰਮ੍ਰਿਤ ਛਕਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਸੀ, ਇਸ ਪ੍ਰਚਾਰ ਮੁਹਿੰਮ ਸਦਕਾ ਸੈਂਕੜੇ ਲੋਕਾਂ ਨੇ ਅੱਗੇ ਆ ਕੇ ਅੰਮ੍ਰਿਤ ਛਕਿਆ, ਜੋ ਕਿ ਕਮੇਟੀ ਦੀ ਇੱਕ ਵੱਡੀ ਪ੍ਰਾਪਤੀ ਹੈ। ਉਨ੍ਹਾਂ ਕਿਹਾ ਕਿ ਧਾਰਮਿਕ ਕਮੇਟੀਆਂ ਦਾ ਮੁੱਖ ਕੰਮ ਲੋਕਾਂ ਨੂੰ ਧਰਮ ਨਾਲ ਜੋੜਨਾ ਹੈ ਅਤੇ ਸਾਨੂੰ ਖੁਸ਼ੀ ਹੈ ਕਿ ਸਾਡੀ ਟੀਮ ਵੱਲੋਂ ਸ਼ੁਰੂ ਕੀਤੀ ਗਈ ਮੁਹਿੰਮ ਸਫ਼ਲ ਹੁੰਦੀ ਨਜ਼ਰ ਆ ਰਹੀ ਹੈ। ਆਉਣ ਵਾਲੇ ਦਿਨਾਂ ਵਿੱਚ ਦਿੱਲੀ ਵਿੱਚ ਹੀ ਨਹੀਂ ਸਗੋਂ ਹੋਰ ਰਾਜਾਂ ਵਿੱਚ ਵੀ ਅਜਿਹੇ ਸਮਾਗਮ ਕਰਵਾ ਕੇ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ ਅਤੇ ਅਗਲੇ ਖਾਲਸਾ ਸਾਜਨਾ ਦਿਵਸ ਤੋਂ ਪਹਿਲਾਂ ਹਜ਼ਾਰਾਂ ਦੀ ਗਿਣਤੀ ਵਿੱਚ ਲੋਕਾਂ ਨੂੰ ਅੰਮ੍ਰਿਤਧਾਰੀ ਬਣਾਇਆ ਜਾਵੇਗਾ।

ਉਨ੍ਹਾਂ ਕਿਹਾ ਕਿ ਹਰ ਗੁਰਸਿੱਖ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲਾ ਬਣਨਾ ਚਾਹੀਦਾ ਹੈ ਅਤੇ ਅਸੀਂ ਕਿਸੇ ਵੀ ਤਰ੍ਹਾਂ ਦੇ ਲਾਲਚ ਜਾਂ ਜਬਰੀ ਅੰਮ੍ਰਿਤ ਛਕਣ ਦੇ ਸਖ਼ਤ ਖਿਲਾਫ ਹਾਂ, ਹਰ ਸਿੱਖ ਨੂੰ ਅੰਮ੍ਰਿਤ ਦੀ ਮਹੱਤਤਾ ਸਮਝਦੇ ਹੋਏ ਸਵੈਇੱਛਾ ਨਾਲ ਅੰਮ੍ਰਿਤ ਛਕਣ ਲਈ ਅੱਗੇ ਆਉਣਾ ਚਾਹੀਦਾ ਹੈ।

ਧਰਮ ਪ੍ਰਚਾਰ ਮੁਖੀ ਸਰਦਾਰ ਜਸਪ੍ਰੀਤ ਸਿੰਘ ਕਰਮਸਰ ਨੇ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਿੱਖਾਂ ਲਈ ਰਹਿਤ ਮਰਯਾਦਾ ਦਾ ਉਪਦੇਸ਼ ਦਿੱਤਾ ਸੀ, ਜਿਸ ਬਾਰੇ ਅੱਜ ਬਹੁਤੇ ਸਿੱਖਾਂ ਨੂੰ ਜਾਣਕਾਰੀ ਨਹੀਂ ਹੈ, ਇਸ ਲਈ ਰਹਿਤ ਮਰਯਾਦਾ ਬਾਰੇ ਜਾਣਕਾਰੀ ਦੇਣ ਵਾਲੀ ਪੁਸਤਕ ਵੀ ਦਿੱਲੀ ਗੁਰਦੁਆਰਾ ਕਮੇਟੀ ਦੇ ਧਰਮ ਪ੍ਰਚਾਰ ਵਿਭਾਗ ਵੱਲੋਂ ਸਮੇਂ-ਸਮੇਂ 'ਤੇ ਵੰਡੀ ਜਾਂਦੀ ਹੈ।

ਕੌਮਾਂਤਰੀ ਪ੍ਰਸਿੱਧੀ ਪ੍ਰਾਪਤ ਫੋਟੋ ਕਲਾਕਾਰ ਹਰਭਜਨ ਸਿੰਘ ਬਾਜਵਾ ਦਾ ਜੀਵਨ ਭਰ ਦੀਆਂ ਪ੍ਰਾਪਤੀਆਂ ਲਈ ਤੁਗਲਵਾਲਾ ਵਿਖੇ ਸਨਮਾਨ

# ਪੁਸਤਕ ਪੰਜਾਬੀ ਸਾਹਿਤਕਾਰ: ਤਸਵੀਰਾਂ ਦੀ ਜ਼ੁਬਾਨੀ ਲੋਕ ਅਰਪਣ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 14 ਅਪ੍ਰੈਲ ਕੁਲਜੀਤ ਸਿੰਘ ਖੋਖਰ** -ਵਿਸਾਖੀ ਅਤੇ ਖਾਲਸਾ ਪੰਥ ਸਾਜਨਾ ਦਿਹਾੜੇ ਦੇ ਸ਼ੁਭ ਅਵਸਰ ਤੇ ਬਾਬਾ ਆਇਆ ਸਿੰਘ ਰਿਆੜਕੀ ਕਾਲਿਜ . ਤੁਗਲਵਾਲਾ(ਗੁਰਦਾਸਪੁਰ )ਵੱਲੋਂ ਕੌਮਾਂਤਰੀ ਪ੍ਰਸਿੱਧੀ ਪ੍ਰਾਪਤ ਫੋਟੋ ਕਲਾਕਾਰ ਹਰਭਜਨ ਸਿੰਘ ਬਾਜਵਾ ਨੂੰ ਸ. ਉੱਤਮ ਸਿੰਘ ਨਿੱਝਰ ਫਾਉਂਡੇਸ਼ਨ ਵੱਲੋਂ ਜੀਵਨ ਭਰ ਦੀਆਂ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਬਾਬਾ ਆਇਆ ਸਿੰਘ ਰਿਆੜਕੀ ਕਾਲਿਜ , ਤੁਗਲਵਾਲਾ ਵੱਲੋਂ ਪ੍ਰਕਾਸ਼ਿਤ ਫੋਟੋ ਕਲਾਕਾਰ ਹਰਭਜਨ ਸਿੰਘ ਬਾਜਵਾ ਦੀਆਂ ਖਿੱਚੀਆਂ ਤਸਵੀਰਾਂ ਦੀ ਡਾ. ਨਰੇਸ਼ ਕੁਮਾਰ ਤੇ ਗਗਨਦੀਪ ਸਿੰਘ ਵਿਰਕ ਵੱਲੋਂ ਸੰਪਾਦਿਤ ਫੋਟੋ ਚਿਤਰਾਵਲੀ ਸੈਂਟਰਲ ਯੂਨੀਵਰਸਿਟੀ ਆਫ਼ ਹਿਮਾਚਲ ਪ੍ਰਦੇਸ਼, ਧਰਮਸਾਲਾ ਦੇ ਚਾਂਸਲਰ ਡਾ. ਹਰਮਹਿੰਦਰ ਸਿੰਘ ਬੇਦੀ, ਡਾ. ਵਰਿਆਮ ਸਿੰਘ ਸੰਧੂ, ਪ੍ਰਿੰਸੀਪਲ ਸਵਰਨ ਸਿੰਘ ਵਿਰਕ,ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ, ਡਾ. ਸਤਿਨਾਮ ਸਿੰਘ ਨਿੱਝਰ,ਲੋਕ ਮੰਚ ਪੰਜਾਬ ਦੇ ਚੇਅਰਮੈਨ ਲਖਵਿੰਦਰ ਸਿੰਘ ਜੌਹਲ, ਪੰਜਾਬੀ ਲੋਕ ਵਿਰਾਸਤ ਅਕਾਡਮੀ ਦੇ ਜਨਰਲ ਸਕੱਤਰ ਡਾ. ਗੁਰਇਕਬਾਲ ਸਿੰਘ, ਸਾਬਕਾ ਪੁਲੀਸ ਕਮਿਸ਼ਨਰ ਜਲੰਧਰ ਸ, ਗੁਰਪ੍ਰੀਤ ਸਿੰਘ ਤੂਰ , ਦੋਆਬਾ ਕਾਲਿਜ ਜਲੰਧਰ ਵਿੱਚ ਪੰਜਾਬੀ ਵਿਭਾਗ ਦੇ ਮੁਖੀ ਡਾ. ਓਮਿੰਦਰ ਜੌਹਲ, ਡਾ. ਕਰਨੈਲ ਸ਼ੇਰਗਿੱਲ ਯੂ ਕੇ, ਡਾ. ਬਿਕਰਮਜੀਤ, ਡਾ. ਗੁਰਨਾਮ ਕੌਰ ਬੇਦੀ, ਡਾ. ਪਰਮਜੀਤ ਸਿੰਘ ਕਲਸੀ ਜ਼ਿਲ੍ਹਾ ਭਾਸ਼ਾ ਅਫ਼ਸਰ ਗੁਰਦਾਸਪੁਰ ਤੇ ਅੰਮ੍ਰਿਤਸਰ,ਡਾ. ਸੁਖਜਿੰਦਰ ਸਿੰਘ ਬਾਠ ਕੈਨੇਡਾ,ਵਿਸ਼ਾਲ ਸੰਪਾਦਕ ਅੱਖਰ,ਪੰਜਾਬੀ ਸਾਹਿੱਤ ਅਕਾਡਮੀ ਲੁਧਿਆਣਾ ਪ੍ਰਬੰਧਕੀ ਬੋਰਡ ਦੇ ਮੈਂਬਰ ਦੀਪ ਜਗਦੀਪ ਸਿੰਘ, "ਸੁਰਤਿ"ਮੈਗਜ਼ੀਨ ਦੇ ਸੰਪਾਦਕ ਡਾ. ਗੁਰਬੀਰ ਸਿੰਘ ਬਰਾੜ, ਡਾ. ਨਰੇਸ਼ ਕੁਮਾਰ , ਹਿਮਾਚਲ ਪ੍ਰਦੇਸ਼ ਕੇਂਦਰੀ ਯੂਨੀਵਰਸਿਟੀ, ਧਰਮਸ਼ਾਲਾ ਤੇ ਪ੍ਰਿੰਸੀਪਲ ਗਗਨਦੀਪ ਸਿੰਘ ਵਿਰਕ ਨੇ ਲੋਕ ਅਰਪਨ ਕੀਤੀ। ਸਮਾਗਮ ਵਿੱਚ ਸ਼ਾਮਿਲ ਲੇਖਕਾਂ ਤੇ ਮਹਿਮਾਨਾਂ ਦਾ ਸੁਆਗਤ ਕਰਦਿਆਂ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਬਾਜਵਾ ਜੀ ਨੇ ਆਪਣੇ ਹੱਥੀਂ ਆਪਣੀ ਲਾਇਬਰੇਰੀ ਤੇ ਰਸਾਲੇ ਸਾਡੀ ਸੰਸਥਾ ਨੂੰ ਸੌਂਪੇ ਹਨ ਜਿਸ ਨਾਲ ਅਸੀਂ ਆਪਣੀ ਲਾਇਬਰੇਰੀ ਵਿੱਚ ਹਰਭਜਨ ਸਿੰਘ ਬਾਜਵਾ ਵਿੰਗ ਬਣਾ ਦਿੱਤਾ ਹੈ। ਮੰਚ ਸੰਚਾਲਨ ਕਰਦਿਆਂ ਡਾ. ਨਰੇਸ਼ ਕੁਮਾਰ , ਪੰਜਾਬੀ ਤੇ ਡੋਗਰੀ ਵਿਭਾਗ , ਸੈਂਟਰਲ ਯੂਨੀਵਰਸਿਟੀ ਆਫ ਹਿਮਾਚਲ ਪ੍ਰਦੇਸ਼, ਧਰਮਸ਼ਾਲਾ ਨੇ ਕਿਹਾ ਕਿ ਪੰਜਾਬੀ ਲੇਖਕ ਗੁਰਬਖ਼ਸ਼ ਸਿੰਘ ਪ੍ਰੀਤਲੜੀ,ਸ਼੍ਰੀ ਗੁਰੂ ਗਰੰਥ ਸਾਹਿਬ ਦੇ ਟੀਕਾਕਾਰ ਤੇ ਮਹਾਨ ਗੁਰਮਤਿ ਵਿਦਵਾਨ ਪ੍ਰੋ. ਸਾਹਿਬ ਸਿੰਘ, ਚਿਤਰਕਾਰ ਸ. ਸੋਭਾ ਸਿੰਘ ਆਰਟਿਸਟ,ਡਾ. ਮਹਿੰਦਰ ਸਿੰਘ ਰੰਧਾਵਾ, ਪ੍ਰਿੰਸੀਪਲ ਸੰਤ ਸਿੰਘ ਸੇਖੋਂ, ਪ੍ਰੋ. ਮੋਹਨ ਸਿੰਘ, ਪ੍ਰਿੰਸੀਪਲ ਸੁਜਾਨ ਸਿੰਘ,ਕਰਤਾਰ ਸਿੰਘ ਦੁੱਗਲ, ਪੁਸਤਕ ਪ੍ਰਕਾਸ਼ਨ ਦੇ ਹੁਸਨਦਾਤਾ ਭਾਪਾ ਪ੍ਰੀਤਮ ਸਿੰਘ ਨਵਯੁਗ, ਲੇਖਕ ਜੋੜੀ ਪ੍ਰਭਜੋਤ ਕੌਰ ਤੇ ਕਰਨਲ ਨਰਿੰਦਰਪਾਲ ਸਿੰਘ ਦੀ ਇੱਕ ਰੋਜ਼ ਜ਼ਿੰਦਗੀ ਦੀ ਸਟਿੱਲ ਫੋਟੋਗਰਾਫ਼ੀ ਕਰਕੇ ਸ. ਹਰਭਜਨ ਸਿੰਘ ਬਾਜਵਾ ਨੇ ਨਿਵੇਕਲੀ ਪਹਿਲਕਦਮੀ ਕੀਤੀ ਸੀ ਹੁਣ ਇਸ ਨੂੰ ਮਹਾਨ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਕਾਲਿਜ ਨੇ ਆਪਣੇ ਸੋਮਿਆਂ ਨਾਲ ਪ੍ਰਕਾਸ਼ਿਤ ਕਰਕੇ ਵਡਮੁੱਲਾ ਇਤਿਹਾਸਕ ਖ਼ਜ਼ਾਨਾ ਸਾਡੇ ਲਈ ਸੰਭਾਲਿਆ ਹੈ। ਮੈਨੂੰ ਮਾਣ ਹੈ ਕਿ ਇਹ ਜ਼ੁੰਮੇਵਾਰੀ ਮੈਂ ਪੂਰੀ ਤਨਦੇਹੀ ਨਾਲ ਆਪਣੇ ਪਿਆਰੇ ਵੀਰ ਗਗਨਦੀਪ ਸਿੰਘ ਵਿਰਕ ਦੇ ਸੰਗ ਸਾਥ ਨਿਭਾਈ ਹੈ। ਪ੍ਰਸਿੱਧ ਲੇਖਕ ਪਦਮ ਸ੍ਰੀ ਡਾ. ਹਰਮਹਿੰਦਰ ਸਿੰਘ ਬੇਦੀ ਅਤੇ ਡਾ, ਗੁਰਨਾਮ ਕੌਰ ਬੇਦੀ ਜੀ ਨੇ ਕਿਹਾ ਕਿ ਸ਼ਾਂਤੀ ਨਿਕੇਤਨ ਨਾਲੋਂ ਵੀ ਨਵੇਕਲੀ ਸੰਸਥਾ ਬਾਬਾ ਆਇਆ ਸਿੰਘ ਰਿਆੜਕੀ ਕਾਲਿਜ ਨੇ ਇਹ ਪੁਸਤਕ ਅਤਿ ਮਹੱਤਵਪੂਰਨ ਪ੍ਰਕਾਸ਼ਿਤ ਕਰਕੇ ਭਵਿੱਖ ਮੁਖੀ ਜ਼ੁੰਮੇਵਾਰੀ ਨਿਭਾਈ ਹੈ ਜੋ ਪੰਜਾਬ ਦੀਆਂ ਯੂਨੀਵਰਸਿਟੀਆਂ ਨੂੰ ਕਰਨਾ ਚਾਹੀਦਾ ਸੀ। ਉਨ੍ਹਾਂ ਪੁਸਤਕ ਦੇ ਸੰਪਾਦਕਾਂ ਡਾ. ਨਰੇਸ਼ ਕੁਮਾਰ ਤੇ ਗਗਨਦੀਪ ਸਿੰਘ ਵਿਰਕ ਨੂੰ ਮੁਬਾਰਕ ਦਿੱਤੀ। ਡਾ. ਵਰਿਆਮ ਸਿੰਘ ਸੰਧੂ ਨੇ ਕਿਹਾ ਬਾਜਵਾ ਨਾਲ ਮੇਰੀ ਸਾਂਝ ਦਾ ਇਹ 58ਵਾਂ ਸਾਲ ਹੈ। ਉਸ ਦੇ ਕੈਮਰੇ ਨੇ ਪੰਜਾਬ ਦਾ ਸੱਭਿਆਚਾਰਕ ਇਤਿਹਾਸ ਸੰਭਾਲਿਆ ਹੈ। ਉਸ ਦੀ ਕਦਰਦਾਨੀ ਕਰਕੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਤੇ ਪ੍ਰਬੰਧਕਾਂ ਨੇ ਜੱਸ ਖੱਟ ਲਿਆ ਹੈ। ਉਨ੍ਹਾਂ ਕਿਹਾ ਕਿ ਮੈਂ ਤੇ ਪ੍ਰਿੰਸੀਪਲ ਵਿਰਕ ਸਹਿਪਾਠੀ ਹੋਣ ਕਰਕੇ ਮੈਂ ਕਹਿ ਸਕਦਾ ਹਾਂ ਕਿ ਇਹ ਹਿੰਮਤ ਤੇ ਤਰੇੜਾਂ ਪਾਟੀਆਂ ਧਰਤੀਆਂ ਸਿੰਜਣ ਵਾਲਾ ਭਰ ਵਗਦਾ ਦਰਿਆ ਹੈ ਜਿਸ ਦੇ ਕੀਤੇ ਕਾਰਜਾਂ ਤੇ ਮੈਨੂੰ ਮਾਣ ਹੈ। ਲੋਕ ਮੰਚ ਪੰਜਾਬ ਦੇ ਚੇਅਰਮੈਨ ਡਾ. ਲਖਵਿੰਦਰ ਜੌਹਲ ਨੇ ਕਿਹਾ ਕਿ ਹਰਭਜਨ ਸਿੰਘ ਬਾਜਵਾ ਵੱਲੋਂ ਹੋਰ ਯਾਦਗਾਰੀ ਤਸਵੀਰਾਂ ਦੀ ਫੋਟੋ ਐਲਬਮ ਵੀ ਪ੍ਰਕਾਸ਼ਿਤ ਕਰਨੀ ਚਾਹੀਦੀ ਹੈ। ਸ਼ਿਵ ਕੁਮਾਰ ਬਟਾਲਵੀ ਤੇ ਅੰਮ੍ਰਿਤਾ ਪ੍ਰੀਤਮ ਦੇ ਨਾਲ ਵੀ ਉਨ੍ਹਾਂ ਦੇ ਨਿਕਟ ਸਬੰਧ ਰਹੇ ਹਨ। ਜੇ ਉਹ ਚਾਹੁਣ ਤਾਂ ਲੋਕ ਮੰਚ ਇਸ ਕਾਰਜ ਵਿੱਚ ਬਣਦਾ ਹਿੱਸਾ ਪਾ ਸਕਦਾ ਹੈ। ਪੰਜਾਬੀ ਲੋਕ ਵਿਰਾਸਤ ਅਕਾਡਮੀ ਲੁਧਿਆਣਾ ਦੇ ਚੇਅਰਮੈਨ ਪ੍ਰੋ. ਗੁਰਭਜਨ ਸਿੰਘ ਗਿੱਲ ਨੇ ਕਿਹਾ ਕਿ ਹਰਭਜਨ ਸਿੰਘ ਬਾਜਵਾ ਸਾਡੇ ਸਮਿਆਂ ਦਾ ਕਲਾਵੰਤ ਰਿਸ਼ੀ ਹੈ ਜਿਸ ਨੂੰ ਸ. ਸੋਭਾ ਸਿੰਘ ਜੀ ਨੇ ਪੇਂਟਿੰਗ ਦੀ ਥਾਂ ਫੋਟੋਗਰਾਫੀ ਵੱਲ ਤੋਰਿਆ। ਉਸ ਦੇ ਸੁਭਾਅ ਵਿਚਲੀ ਕੌੜ ਕਾਰਨ ਉਸ ਨੂੰ ਸਨਮਾਨ ਲਈ ਮਨਾਉਣਾ ਵੀ ਪ੍ਰਬੰਧਕਾਂ ਦੀ ਬਹਾਦਰੀ ਹੈ। ਉਹ ਸਭ ਕੁਝ ਤੋਂ ਅਲੱਗ ਬੇਪ੍ਰਵਾਹੀ ਦੇ ਆਲਮ ਦਾ ਵਾਸੀ ਹੈ। ਮੈਨੂੰ ਮਾਣ ਹੈ ਕਿ ਮੇਰੇ ਨਾਲ ਸਨੇਹ ਕਾਰਨ ਉਸ ਕਿਲ੍ਹਾ ਰਾਏਪੁਰ ਖੇਡਾਂ, ਪ੍ਰੋ. ਮੋਹਨ ਸਿੰਘ ਮੇਲਾ ਤੇ ਕਈ ਹੋਰ ਸੰਸਥਾਵਾਂ ਲਈ ਯਾਦਗਾਰੀ ਫੋਟੋਗਰਾਫ਼ੀ ਕਰਦਾ ਰਿਹਾ ਹੈ। ਤੁਗਲਵਾਲਾ ਕਾਲਿਜ ਨੇ ਬਾਜਵਾ ਜੀ ਦੀ ਇਸ ਕਿਤਾਬ ਨੂੰ ਛਾਪਣ ਨਾਲ ਵਡਿਆਈ ਵੀ ਖੱਟੀ ਹੈ ਅਤੇ ਨਵੀਂ ਪੁਲਾਂਘ ਵੀ ਪੁੱਟੀ ਹੈ। ਸਾਬਕਾ ਪੁਲੀਸ ਕਮਿਸ਼ਨਰ ਗੁਰਪ੍ਰੀਤ ਸਿੰਘ ਤੂਰ ਨੇ ਬੱਚਿਆਂ ਨੂੰ ਕਿਰਤ ਰਾਹੀਂ ਸਿੱਖਿਆ ਹਾਸਲ ਕਰਨ ਲਈ ਸ਼ੁਭ ਕਾਮਨਾਵਾਂ ਦਿੱਤੀਆਂ। ਉਨ੍ਹਾਂ ਆਪਣੀਆਂ ਲਿਖੀਆਂ ਕਿਤਾਬਾਂ ਵੀ ਪ੍ਰਿੰਸੀਪਲ ਵਿਰਕ ਨੂੰ ਭੇਟ ਕੀਤੀਆਂ।ਇਸ ਮੌਕੇ ਸਭ ਬੁਲਾਰਿਆਂ ਨੇ ਹਰਭਜਨ ਸਿੰਘ ਬਾਜਵਾ ਤੇ ਉਸ ਦੇ ਫੋਟੋਕਾਰੀ ਕਾਰਜ ਨੂੰ ਵਡਿਆਇਆ। ਸ. ਬਾਜਵਾ ਨੇ ਆਪਣੇ ਸੰਬੋਧ ਚ ਕਿਹਾ ਕਿ ਮੈਂ ਕਿਸੇ ਹੋਰ ਵਾਸਤੇ ਨਹੀ ਸਗੋਂ ਆਪਣੀ ਰੂਹ ਵਾਸਤੇ ਇਹ ਕੰਮ ਕੀਤੇ ਹਨ। ਜੇਕਰ ਤੁਹਾਨੂੰ ਚੰਗੇ ਲੱਗੇ ਹਨ ਤਾਂ ਸ਼ੁਕਰੀਆ। ਉਨ੍ਹਾਂ ਦੱਸਿਆ ਕਿ ਉਹ ਆਪਣਾ ਸਮੁੱਚੀ ਫੋਟੋ ਖ਼ਜ਼ਾਨਾ ਪੰਜਾਬੀ ਸੱਥ ਲਾਬੜਾ(ਜਲੰਧਰ) ਦੇ ਸੰਚਾਲਕ ਡਾ. ਨਿਰਮਲ ਸਿੰਘ ਜੀ ਨੂੰ ਸੌਂਪ ਚੁਕੇ ਹਨ। ਸਮਾਗਮ ਨੂੰ ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਪਰਮਜੀਤ ਸਿੰਘ ਕਲਸੀ ਤੇ ਕਾਲਿਜ ਦੀਆਂ ਕੁਝ ਪੁਰਾਣੀਆਂ ਵਿਦਿਆਰਥਣਾਂ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਕਰਵਾਏ ਕਵੀ ਦਰਬਾਰ ਵਿੱਚ ਦੀਪ ਜਗਦੀਪ ਸਿੰਘ, ਵਿਸ਼ਾਲ,ਗੁਰਜੀਤ ਕੌਰ ਅਜਨਾਲਾ, ਬਲਜੀਤ ਕੌਰ ਸੈਣੀ,ਡਾ. ਓਮਿੰਦਰ ਜੌਹਲ,ਡਾ. ਬਿਕਰਮਜੀਤ ਤੇ ਡਾ. ਕਰਨੈਲ ਸ਼ੇਰਗਿੱਲ ਯੂ ਕੇ ਨੇ ਆਪਣੀਆਂ ਕਵਿਤਾਵਾਂ ਸੁਣਾਈਆਂ। ਇਸ ਮੌਕੇ ਬੋਲਦਿਆਂ ਸ. ਉੱਤਮ ਸਿੰਘ ਨਿੱਝਰ ਫਾਉਂਡੇਸ਼ਨ ਬਟਾਲਾ ਦੇ ਚੇਅਰਮੈਨ ਡਾ. ਸਤਿਨਾਮ ਸਿੰਘ ਨਿੱਝਰ ਨੇ ਕਿਹਾ ਕਿ ਹਰਭਜਨ ਸਿੰਘ ਬਾਜਵਾ ਨੂੰ ਨੇੜ ਭਵਿੱਖ ਵਿੱਚ ਬਟਾਲਾ ਵਿੱਚ ਵੀ ਸ਼ਹਿਰ ਵਾਸੀਆਂ ਵੱਲੋਂ ਸਨਮਾਨਿਤ ਕੀਤਾ ਜਾਵੇਗਾ। ਗਗਨਦੀਪ ਸਿੰਘ ਵਿਰਕ ਨੇ ਸਭ ਮਹਿਮਾਨਾਂ ਦਾ ਸਮਾਗਮ ਵਿੱਚ ਪੁੱਜਣ ਲਈ ਧੰਨਵਾਦ ਕੀਤਾ। ਇਸ ਮੌਕੇ ਕਾਲਿਜ ਦੀਆਂ ਪੁਰਾਣੀਆਂ ਵਿਦਿਆਰਥਣਾਂ ਨੂੰ ਵੀ ਸਨਮਾਨਿਤ ਕੀਤਾ। ਕਾਲਿਜ ਵੱਲੋਂ ਸਭ ਮਹਿਮਾਨਾਂ ਨੂੰ ਕਾਲਿਜ ਦੀਆਂ ਵਿਦਿਆਰਥਣਾਂ ਵੱਲੋਂ ਬੀਜੇ, ਪਾਲ਼ੇ ਤੇ ਅੰਤਿਮ ਤਿਆਰੀ ਤੀਕ ਖ਼ੁਦ ਹਾਜ਼ਰ ਰਹਿ ਕੇ ਤਿਆਰ ਕੀਤਾ ਜੈਵਿਕ ਗੁੜ, ਬਾਸਮਤੀ ਚੌਲ ਭੇ.ਟ ਕਰਕੇ ਵਿਦਾਇਗੀ ਦਿੱਤੀ ਗਈ



ਆਵਾਜ਼ਿ ਕੌਮ AWAZE QAUM International Newspaper & WEB TV

ਸ੍ਰੀ ਗੁਰੂ ਅਮਰਦਾਸ ਜੀ ਦੇ ਜੋਤੀ ਜੋਤਿ ਦਿਵਸ ਦੀ

# 450 ਸਾਲਾ ਸ਼ਤਾਬਦੀ ਦੇ ਸਮਾਗਮ ਪੰਥਕ ਰਵਾਇਤਾਂ ਅਨੁਸਾਰ ਹੋਏ ਸ਼ੁਰੂ



ਨਵੀਂ ਦਿੱਲੀ, 14 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਇਤਿਹਾਸ ਦੀਆਂ ਦੋ ਅਹਿਮ ਸ਼ਤਾਬਦੀਆਂ ਸ੍ਰੀ ਗੁਰੂ ਰਾਮਦਾਸ ਜੀ ਦਾ 450 ਸਾਲਾ ਗੁਰਤਾਗੱਦੀ ਦਿਵਸ ਅਤੇ ਸ੍ਰੀ ਗੁਰੂ ਅਮਰਦਾਸ ਜੀ ਦਾ 450 ਸਾਲਾ ਜੋਤੀ ਜੋਤਿ ਦਿਵਸ ਕੌਮੀ ਜਾਹੋ-ਜਲਾਲ ਨਾਲ ਮਨਾਉਣ ਲਈ ਸਮਾਗਮਾਂ ਦੀ ਆਰੰਭਤਾ ਅੱਜ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਤੋਂ ਪੰਥਕ ਰਵਾਇਤਾਂ ਅਨੁਸਾਰ ਕੀਤੀ ਗਈ। ਇਹ ਸ਼ਤਾਬਦੀ ਦਿਹਾੜੇ 16 ਤੋਂ 18 ਸਤੰਬਰ 2024 ਦੌਰਾਨ ਮਨਾਏ ਜਾਣੇ ਹਨ। ਅੱਜ ਸਮਾਗਮਾਂ ਦੀ ਆਰੰਭਤਾ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਅਤੇ ਵਿਸ਼ਾਲ ਅੰਮ੍ਰਿਤ ਸੰਚਾਰ ਹੋਇਆ, ਜਿਸ ਵਿਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਗਿਆਨੀ ਸੁਲਤਾਨ ਸਿੰਘ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਗਿਆਨੀ ਗੁਰਮਿੰਦਰ ਸਿੰਘ ਨੇ ਵੀ ਉਚੇਚੇ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਅੰਮ੍ਰਿਤ ਸੰਚਾਰ ਦੌਰਾਨ 491 ਪ੍ਰਾਣੀ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ, ਜਿਨ੍ਹਾਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ।

ਇਸ ਤੋਂ ਇਲਾਵਾ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਸ਼ਤਾਬਦੀ ਸਬੰਧੀ ਸ਼੍ਰੋਮਣੀ ਕਮੇਟੀ ਵੱਲੋਂ ਧਰਮ ਪ੍ਰਚਾਰ ਕਮੇਟੀ ਦੇ ਵਿਸ਼ੇਸ਼ ਦਫ਼ਤਰ ਦਾ ਵੀ ਉਦਘਾਟਨ ਕੀਤਾ ਗਿਆ। ਇਸ ਮੌਕੇ ਪੁੱਜੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਆਖਿਆ ਕਿ ਸਿੱਖ ਕੌਮ ਵੱਲੋਂ ਸ਼ਤਾਬਦੀ ਦਿਹਾੜੇ ਖਾਲਸਈ ਜਾਹੋ-ਜਲਾਲ ਨਾਲ ਮਨਾਏ ਜਾਂਦੇ ਹਨ ਅਤੇ ਇਨ੍ਹਾਂ ਦੋਹਾਂ ਸ਼ਤਾਬਦੀਆਂ ਦੇ ਸਮਾਗਮ ਵੀ ਇਤਿਹਾਸਕ ਹੋਣਗੇ। ਉਨ੍ਹਾਂ ਕਿਹਾ ਕਿ ਸ਼ਤਾਬਦੀ ਸਮਾਗਮਾਂ ਤੋਂ ਪਹਿਲਾਂ ਜ਼ੋਰਦਾਰ ਧਰਮ ਪ੍ਰਚਾਰ ਲਹਿਰ ਸਿਰਜੀ ਜਾਵੇਗੀ, ਜਿਸ ਲਈ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਖੋਲ੍ਹਿਆ ਗਿਆ ਦਫ਼ਤਰ ਕਾਰਜ ਕਰੇਗਾ। ਇਸੇ ਦੌਰਾਨ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਲੰਗਰ ਹਾਲ ਤਿਆਰ ਕਰਨ ਦੀ ਸੇਵਾ ਵੀ ਸ਼ੁਰੂ ਕੀਤੀ ਗਈ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਬਾਬਾ ਕਸ਼ਮੀਰ ਸਿੰਘ ਭੂਰੀਵਾਲਿਆਂ ਨੂੰ ਸੌਂਪੀ ਗਈ ਹੈ। ਸੇਵਾ ਦੀ ਆਰੰਭਤਾ ਤੋਂ ਪਹਿਲਾਂ ਸ੍ਰੀ ਅਨੰਦ ਸਾਹਿਬ ਦਾ ਪਾਠ ਕਰਕੇ ਅਰਦਾਸ ਕੀਤੀ ਗਈ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖਾਲਸਾ, ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਸਾਬਕਾ ਪ੍ਰਧਾਨ ਸ. ਅਲਵਿੰਦਰਪਾਲ ਸਿੰਘ ਪੱਖੋਕੇ, ਅੰਤ੍ਰਿੰਗ ਮੈਂਬਰ ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਜਸਵੰਤ ਸਿੰਘ ਪੁੜੈਣ ਤੇ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਡਰਾਈਡੇ ਫਰਾਈਡੇ ਦੌਰਾਨ ਜਾਗਰੂਕਤਾ ਮੁਹਿੰਮ ਚਲਾਈ



**ਚੌਕ ਮਹਿਤਾ, 14 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ** )-ਸਿਵਲ ਸਰਜਨ ਅੰਮ੍ਰਿਤਸਰ ਡਾ ਵਿਜੇ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਜ਼ਿਲ੍ਹਾ ਐਪੀਡੈਮੋਲਿਸਟ ਡਾ ਹਰਜੋਤ ਕੌਰ ਅਤੇ ਡਾ ਮੋਨਾ ਚਤਰਥ ਐੱਸਐੱਮਓ ਸੀਐੱਚਸੀ ਤਰਸਿੱਕਾ ਦੀ ਅਗਵਾਈ ਹੇਠ ਸਿਵਲ ਸਰਜਨ ਦਫ਼ਤਰ ਅੰਮ੍ਰਿਤਸਰ ਤੋਂ ਆਏ ਸਹਾਇਕ ਮਲੇਰੀਆ ਅਫਸਰ ਕੰਵਲ ਬਲਰਾਜ ਸਿੰਘ ਵਲੋਂ ਸੀਐੱਚਸੀ ਤਰਸਿੱਕਾ ਦੇ ਪਿੰਡਾਂ ਦੇ ਛੱਪੜਾਂ ਵਿਚ ਗਬੂੰਜਾ ਮੱਛੀਆਂ ਪਵਾਈਆਂ ਗਈਆਂ ਅਤੇ ਮੱਛਰਾਂ ਦੇ ਵਾਧੇ ਨੂੰ ਰੋਕਣ ਵਾਸਤੇ ਡਰਾਈਡੇ ਫਰਾਈਡੇ ਦੌਰਾਨ ਜਾਣਕਾਰੀ ਦਿੱਤੀ ਗਈ।ਇਸ ਮੌਕੇ ਰਵਿੰਦਰ ਸਿੰਘ ਮਲਟੀਪਰਪਜ ਹੈਲਥ ਸੁਪਰਵਾਈਜਰ ਨੇ ਦਫਤਰ ਤੋਂ ਆਈ ਟੀਮ ਦਾ ਪੂਰਾ ਸਹਿਯੋਗ ਦਿੱਤਾ। ਇਸ ਮੌਕੇ ਐੱਸਐੱਚਸੀ ਦਸਮੇਸ਼ ਨਗਰ ਦੇ ਡਾ ਰਾਮ ਲਾਲ ਸ਼ਰਮਾ,ਡਾ ਯੁਵਰਾਜ ਸਿੰਘ ਸੀਐੱਚਓ ਅਤੇ ਫਾਰਮਿਸਟ ਅਮਨਦੀਪ ਸਿੰਘ ਨੇ ਵੀ ਲੋਕਾਂ ਨੂੰ ਡੇਂਗੂ ਮਲੇਰੀਆ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ ਮੱਛੀਆਂ ਪਾਉਣ ਮੌਕੇ ਅਤੇ ਡਰਾਈਡੇ ਫਰਾਈਡੇ ਦੌਰਾਨ ਸਬ ਸੈਂਟਰ ਦਸਮੇਸ਼ ਨਗਰ ਜਤਿੰਦਰ ਸਿੰਘ ਹੈਲਥ ਵਰਕਰ, ਬਲਦੇਵ ਸਿੰਘ ਸਬ ਸੈਂਟਰ ਰਸੂਲਪੁਰ, ਸੁਖਚੈਨ ਸਿੰਘ ਸੈਦੋਲੇਹਲ ਹੈਲਥ ਵਰਕਰ ਸਬ ਸੈਂਟਰ ਬੱਗਾ, ਅਤੇ ਪਿੰਡ ਦੇ ਮੋਹਤਬਾਰ ਬੰਦੇ ਅਮਨਦੀਪ ਸਿੰਘ, ਸੁਖਦੇਵ ਸਿੰਘ, ਹਰਜੀਤ ਕੌਰ ਆਂਗਨਵਾੜੀ ਵਰਕਰ, ਅਤੇ ਆਸਾ ਵਰਕਰ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮੁੱਖ ਮੰਤਰੀ ਭਗਵੰਤ ਮਾਨ ਲਾਲਜੀਤ ਭੁੱਲਰ ਨੂੰ ਮੰਤਰੀ ਦੇ ਅਹੁਦੇ ਤੋਂ ਬਰਖਾਸਤ ਕਰੇ : ਨਾਮ ਸ਼ਾਹ, ਡਿੰਪੀ ਚੌਹਾਨ



**ਚੌਕ ਮਹਿਤਾ, 14 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ** )-ਸਵਰਨਕਾਰ ਸੰਘ ਵਨ ਪੰਜਾਬ ਦੀ ਇੱਕ ਤੂਫਾਨੀ ਮੀਟਿੰਗ ਸੂਬਾ ਪ੍ਰਧਾਨ ਅਸ਼ਵਨੀ ਨਾਮ ਸ਼ਾਹ ਅਤੇ ਜ਼ਿਲ੍ਹਾ ਪ੍ਰਧਾਨ ਅਸ਼ਵਨੀ ਕਾਲੇ ਸ਼ਾਹ ਦੀ ਪ੍ਰਧਾਨਗੀ ਹੇਠ ਗੁਰੂ ਬਿਹਾਰ ਵਿੱਚ ਬੁਲਾਈ ਗਈ। ! ਮੀਟਿੰਗ ਵਿੱਚ ਬੋਲਦਿਆਂ ਨਾਮ ਸ਼ਾਹ ਦੇ ਮੀਤ ਪ੍ਰਧਾਨ ਪੰਜਾਬ ਅਸ਼ੋਕ ਡਿੰਪੀ ਚੌਹਾਨ ਨੇ ਆਮ ਆਦਮੀ ਪਾਰਟੀ ਦੇ ਖਡੂਰ ਸਾਹਿਬ ਤੋਂ ਲੋਕ ਸਭਾ ਚੋਣ ਉਮੀਦਵਾਰ ਅਤੇ ਕੈਬਨਿਟ ਮੰਤਰੀ ਲਾਲ ਜੀਤ ਭੁੱਲਰ ਵੱਲੋਂ ਸਵਰਨਕਾਰਾ ਬਾਰੇ ਕੀਤੀ ਟਿੱਪਣੀ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਅਜਿਹੇ ਜ਼ਿੰਮੇਵਾਰ ਆਗੂਆਂ ਨੂੰ ਅਜਿਹੀ ਭੱਦੀ ਭਾਸ਼ਾ ਨਹੀਂ ਵਰਤਣੀ ਚਾਹੀਦੀ।

ਉਨ੍ਹਾਂ ਕਿਹਾ ਕਿ ਸੁਨਿਆਰੇ ਕਿਸੇ ਵੀ ਜਾਤ-ਪਾਤ ਵਿਰੁੱਧ ਅਜਿਹੀ ਭਾਸ਼ਾ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ! ਡਿੰਪੀ ਚੌਹਾਨ ਨੇ ਕਿਹਾ ਕਿ ਲਾਲ ਜੀਤ ਭੁੱਲਰ ਮਾਨਸਿਕ ਸੰਤੁਲਨ ਗੁਆ ਚੁੱਕਾ ਹੈ ਜੋ ਅਜਿਹੇ ਬੇਤੁਕੇ ਬਿਆਨ ਦੇ ਰਿਹਾ ਹੈ! ਉਨ੍ਹਾਂ ਕਿਹਾ ਕਿ ਜੇਕਰ ਸਮੁੱਚੇ ਪੰਜਾਬ ਵਿੱਚ ਸੋਨਾ ਕਾਰੋਬਾਰੀ ਆਮ ਆਦਮੀ ਪਾਰਟੀ ਦਾ ਬਾਈਕਾਟ ਕਰਦੇ ਹਨ ਤਾਂ ਆਮ ਆਦਮੀ ਪਾਰਟੀ ਪੰਜਾਬ ਵਿੱਚ ਕੋਈ ਵੀ ਸੀਟ ਨਹੀਂ ਜਿੱਤ ਸਕਦੀ। ਡਿੰਪੀ ਚੌਹਾਨ ਨੇ ਮੁੱਖ ਮੰਤਰੀ ਭਗਵਤ ਸਿੰਘ ਤੋਂ ਮੰਗ ਕੀਤੀ ਕਿ ਲਾਲਜੀਤ ਭੁੱਲਰ ਖਿਲਾਫ ਜਲਦ ਤੋਂ ਜਲਦ ਸਖਤ ਕਾਰਵਾਈ ਕੀਤੀ ਜਾਵੇ ਅਤੇ ਉਸ ਨੂੰ ਮੰਤਰੀ ਦੇ ਅਹੁਦੇ ਤੋਂ ਬਰਖਾਸਤ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਵਰਨਕਾਰ ਹਰ ਥਾਂ ਲਾਲਜੀਤ ਭੁੱਲਰ ਦਾ ਹਲਕਾ ਵਿਰੋਧ ਕਰਨਗੇ! ਮੀਟਿੰਗ ਵਿੱਚ ਮਨਮੋਹਨ ਸਿੰਘ ਡਿੰਪਲ, ਸਰਬਜੀਤ ਰਾਜਾ, ਅਸ਼ਵਨੀ ਮਹਿਤਾ, ਪ੍ਰਮੋਦ ਕਲੇਸ਼, ਨਰੇਸ਼ ਜੰਗੀ, ਜੱਜ ਪੰਜੀ, ਜਸਪਾਲ, ਕੁਲਜੀਤ ਸਿੰਘ, ਅਸ਼ੋਕ ਲੂਥਰਾ, ਬਟਾਲਾ ਤੋਂ ਹਨੀ ਚੌਹਾਨ, ਤਰਨਤਾਰਨ ਤੋਂ ਬਾਵਾ ਸਿੰਘ, ਪਠਾਨਕੋਟ ਤੋਂ ਅਸ਼ੋਕ ਵਰਮਾ, ਪਠਾਨਕੋਟ ਤੋਂ ਰਮੇਸ਼ ਵਰਮਾ। ਮੁਕੇਰੀਆ, ਭੀਮ ਸਿੰਘ, ਰੋਬਿਨ ਸਿੰਘ, ਗੋਪਾਲ ਭੰਡਾਰੀ, ਪੰਕਜ ਚੌਹਾਨ, ਬੱਬਰ ਚੌਹਾਨ ਆਦਿ ਵੱਡੀ ਗਿਣਤੀ ਵਿੱਚ ਸੁਨਿਆਰਿਆਂ ਨੇ ਸ਼ਮੂਲੀਅਤ ਕੀਤੀ!

ਆਵਾਜ਼ਿ ਕੌਮ AWAZE QAUM International Newspaper & WEB TV

# ਗੁਰਦੁਆਰਾ ਸਾਹਿਬ ਪਿੰਡ ਹਸਨਪੁਰ ਵਿਖੇ ਵਿਸਾਖੀ ਖਾਲਸਾ ਸਾਜਨਾ ਦਿਵਸ ਮਨਾਇਆ ਗਿਆ

ਧੂਰੀ ( ਰਣਜੀਤ ਸਿੰਘ ਪੇਧਨੀ ) ਪਿੰਡ ਹਸਨਪੁਰ ਗੁਰਦੁਆਰਾ ਸਾਹਿਬ ਵਿਖੇ ਗੁਰਦੁਆਰਾ ਸਾਹਿਬ ਦੇ ਸਮੂਹ ਪ੍ਰਬੰਧਕਾਂ ਅਤੇ ਨਗਰ ਪੰਚਾਇਤ, ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਪੰਥ ਦੇ ਸਾਜਨਾ ਦਿਵਸ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ ਉਪਰੰਤ ਭਾਈ ਗੋਬਿੰਦ ਸਿੰਘ ਕਥਾਵਾਚਕ ਨੇ ਖਾਲਸਾ ਸਾਜਨਾ ਦਿਵਸ ਤੇ ਕਥਾ ਸੁਣਾ ਕੇ ਨਿਹਾਲ ਕੀਤਾ ਭਾਈ ਧਰਮਪਾਲ ਸਿੰਘ ਕਾਂਝਲਾ ਨੇ ਗੁਰਮਤਿ ਵਿਚਾਰਾਂ ਸਾਂਝੀਆਂ ਕੀਤੀਆਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਸਾਡੇ ਉੱਤੇ ਕਿੰਨੇ ਵੱਡੇ ਪਰਉਪਕਾਰ, ਕੁਰਬਾਨੀਆਂ ਕੀਤੀਆਂ ਸਾਨੂੰ ਆਪਣਾ ਸਰੂਪ ਬਖਸ਼ਿਸ਼ ਕਰਦੇ ਹੋਏ ਆਪਣਾ ਆਪ ਨਿਛਾਵਰ ਕਰ ਦਿੱਤਾ ਆਪਣਾ ਸਰਬੰਸ ਸ਼ਹੀਦ ਕਰਵਾਕੇ ਸਾਨੂੰ ਸਰਦਾਰੀਆਂ ਬਖਸ਼ੀਆਂ ਅੰਮ੍ਰਿਤ ਦੀ ਦਾਤ ਬਖਸਿਸ ਕਰਕੇ ਸਿੱਖ ਤੋਂ ਸਿੰਘ ਸਜ਼ਾ ਦਿੱਤਾ ਭਾਈ ਕਾਂਝਲਾ ਨੇ ਕਿਹਾ ਕਿ ਸਾਨੂੰ ਮਾਣ ਹੈ ਅਸੀਂ ਗੁਰੂ ਗੋਬਿੰਦ ਸਿੰਘ ਜੀ ਦੇ ਪੁੱਤਰ ਹਾਂ ਸਾਨੂੰ ਆਪਣੇ ਚਾਰ ਸਾਹਿਬਜ਼ਾਦੇ ਵਾਰ ਕੇ ਆਪਣੇ ਧੀਆਂ ਪੁੱਤਰ ਬਣਾਇਆ ਕੇਵਲ ਗੁਰੂ ਗੋਬਿੰਦ ਸਿੰਘ ਜੀ ਨੇ ਹੀ ਆਪਣਾ ਸਰੂਪ ਸਿੱਖਾਂ ਨੂੰ ਬਖਸ਼ਿਸ਼ ਕੀਤਾ ਸਰਦਾਰ ਬਣਾਇਆ ਅੱਜ ਦੇ ਦਿਹਾੜੇ ਮੌਕੇ ਭਾਈ ਕਾਂਝਲਾ ਨੇ ਕਿਹਾ ਸਾਨੂੰ ਆਪਣੇ ਬੱਚਿਆਂ ਨੂੰ ਕੇਸਾਧਾਰੀ ਬਣਾ ਕੇ ਅੰਮ੍ਰਿਤ ਛਕਾਉਣ ਦੀ ਸਮਾਂ ਵੱਡੀ ਮੰਗ ਕਰਦਾ ਤਾਂ ਹੀ ਇਹ ਸਮਾਗਮ ਕਰਵਾਏ ਸਫਲੇ ਹੋਣਗੇ ਸਮਾਗਮ ਦੀ ਸੰਪੂਰਨ ਸਮਾਪਤੀ ਤੇ ਆਈਆਂ ਸੰਗਤਾਂ ਸੇਵਾਦਾਰਾਂ ਪ੍ਰਬੰਧਕਾਂ ਦਾ ਧੰਨਵਾਦ ਕੀਤਾ ਸਿਰਪਾਓ ਬਖਸ਼ਿਸ਼ ਕੀਤੇ ਇਸ ਮੌਕੇ ਭਾਈ ਧਰਮਪਾਲ ਸਿੰਘ ਕਾਂਝਲਾ ਤੋਂ ਇਲਾਵਾ ਭਾਈ ਬਚਿੱਤ ਸਿੰਘ ਫੌਜੀ ਹਰਦੀਪ ਸਿੰਘ,ਸਵਰਨ ਸਿੰਘ ਸੋਹਣ ਸਿੰਘ ਸਰਪੰਚ ਅਤੇ ਨਗਰ ਨਿਵਾਸੀ ਸੰਗਤਾਂ ਹਾਜ਼ਰ ਸਨ



ਆਵਾਜ਼ਿ ਕੌਮ AWAZE QAUM International Newspaper & WEB TV

**ਬਾਬਾ ਬਿਬੇਕ ਸਿੰਘ ਜੀ ਨੇ ਪੰਜਾਂ ਪਿਆਰਿਆਂ ਨੂੰ ਸਿਰੋਪਾਓ ਪਾ ਕਿ ਕੀਤਾ ਸਤਿਕਾਰ ਸੰਗਤਾਂ ਨੂੰ ਅਪੀਲ ਖੰਡੇ ਬਾਟੇ ਦੀ ਪਾਹੁਲ ਛਕ ਕੇ ਆਪਣਾ ਜੀਵਨ ਸਫਲ ਬਣਾਓ**

# ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ



**ਜੰਡਿਆਲਾ ਗੁਰੂ, 14 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਸ੍ਰੀ ਆਨੰਦਪੁਰ ਸਾਹਿਬ ਜੀ ਦੇ ਵਾਸੀ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ 1699 ਦੀ ਵਿਸਾਖੀ ਨੂੰ ਪੰਜਾਂ ਪਿਆਰਿਆਂ ਦੀ ਸਥਾਪਨਾ ਕਰਕੇ ਖੰਡੇ ਬਾਟੇ ਦੀ ਪਾਹੁਲ ਤਿਆਰ ਕਰਵਾ ਕੇ ਆਪ ਪੰਜਾਂ ਪਿਆਰਿਆਂ ਪਾਸੋਂ ਪਾਹੁਲ ਛਕ ਕੇ ਖ਼ਾਲਸੇ ਪੰਥ ਦੀ ਸਿਰਜਣਾ ਕਰਕੇ ਮੁਗਲਰਾਜ ਦਾ ਅੰਤ ਕੀਤਾ ਅਤੇ ਬੀਤੇ ਦਿਨ 13 ਅਪ੍ਰੈਲ ਨੂੰ ਖਾਲਸਾ ਸਥਾਪਨਾ ਦਿਹਾੜਾ 325 ਵੀਂ ਵਿਸਾਖੀ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਭਾਈ ਘਨ੍ਹਈਆ ਜੀ ਬਜ਼ਾਰ ਕਸ਼ਮੀਰੀਆਂ ਸੇਖਫਤਾ ਗੇਟ ਜੰਡਿਆਲਾ ਗੁਰੂ ਵਿਖੇ ਤੋਂ ਪ੍ਰਧਾਨ ਭਾਈ ਦੀਪ ਸਿੰਘ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਨਗਰ ਕੀਰਤਨ ਸਜਾਇਆ ਜਾਂਦਾ ਹੈ ਅਤੇ ਇਸ ਸਾਲ ਵੀ ਫੁੱਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ 21 ਵਾਂ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ 9 ਨਗਰ ਕੀਰਤਨ ਦਾ ਵੱਖ ਵੱਖ ਪੜਾਵਾਂ ਤੇ ਭਰਵਾਂ ਸਵਾਗਤ ਕੀਤਾ ਗਿਆ ਅਤੇ ਇਸ ਮੌਕੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਅਤੇ ਪੰਜਾਂ ਪਿਆਰਿਆਂ ਨੂੰ ਸਿਰੋਪਾਓ ਪਾ ਕਿ ਸਨਮਾਨਿਤ ਕੀਤਾ ਅਤੇ ਸੰਗਤਾਂ ਲਈ ਬਿਸਕੁਟਾਂ ਦੇ ਪੈਕਟ ਪ੍ਰਸ਼ਾਦ ਵਜੋਂ ਭੇਟ ਕੀਤੇ ਗਏ ਅਤੇ ਬਾਬਾ ਬਿਬੇਕ ਸਿੰਘ ਜੀ ਵੱਲੋਂ ਜੰਡਿਆਲਾ ਪ੍ਰੈਸ ਕਲੱਬ ਦੇ ਪ੍ਰਧਾਨ ਵਰਿੰਦਰ ਸਿੰਘ ਮਲਹੋਤਰਾ ਨੂੰ ਸਿਰਪਾਓ ਪਾ ਕਿ ਸਨਮਾਨਿਤ ਕੀਤਾ ਇਸ ਵਿਸ਼ਾਲ ਨਗਰ ਕੀਤਰਨ ਵਿੱਚ ਬੀਬੀਆਂ ਭਾਈਆਂ ਬੱਚਿਆਂ ਬੱਚੀਆਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਕੀਰਤਨ ਕਰਕੇ ਆਪਣੀ ਆਪਣੀ ਹਾਜ਼ਰੀ ਲਗਵਾਈ ਨਗਰ ਕੀਰਤਨ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਅਤੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਦੇਰ ਸ਼ਾਮ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਭਾਈ ਘਨ੍ਹਈਆ ਜੀ ਬਜ਼ਾਰ ਕਸ਼ਮੀਰੀਆਂ ਵਿਖੇ ਸਮਾਪਤ ਹੋਇਆ।

## ਗੁਰੂ ਨਾਨਕ ਪਬਲਿਕ ਸਕੂਲ, ਰਾਜੌਰੀ ਗਾਰਡਨ ਵਿਖੇ

# ਵਿਸਾਖੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ




**ਨਵੀਂ ਦਿੱਲੀ 14 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-** ਸਿੱਖਾਂ ਦਾ ਮਹੱਤਵਪੂਰਨ ਤਿਉਹਾਰ ਵਿਸਾਖੀ ਗੁਰੂ ਨਾਨਕ ਪਬਲਿਕ ਸਕੂਲ, ਰਾਜੌਰੀ ਗਾਰਡਨ ਵਿਖੇ ਇੱਕ ਵਿਸ਼ੇਸ਼ ਇਕੱਠ ਨਾਲ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਦੀ ਖਾਸ ਗੱਲ ਇਹ ਸੀ ਕਿ ਵਿਦਿਆਰਥੀਆਂ ਵੱਲੋਂ ਰੰਗ-ਬਿਰੰਗੇ ਰਵਾਇਤੀ ਪਹਿਰਾਵੇ ਵਿੱਚ ਸਜੇ ਭੰਗੜਾ ਅਤੇ ਗਿੱਧਾ ਪੇਸ਼ ਕੀਤਾ ਗਿਆ। ਜਿੱਥੇ ਕੁਝ ਵਿਦਿਆਰਥੀਆਂ ਨੇ ਆਪਣੇ ਭਾਸ਼ਣ ਅਤੇ ਕਵਿਤਾ ਰਾਹੀਂ ਵਿਸਾਖੀ ਦੀ ਮਹੱਤਤਾ ਬਾਰੇ ਵਿਦਿਅਕ ਜਾਣਕਾਰੀ ਦਿੱਤੀ ਉੱਥੇ ਨਾਲ ਹੀ ਨਿੱਕੇ ਨਿੱਕੇ ਬੱਚਿਆਂ ਨੇ ਆਪਣੇ ਹੱਥਾਂ ਨਾਲ ਚਿੱਤਰਕਾਰੀ ਨਾਲ ਵੱਖ ਵੱਖ ਪੇਂਟਿੰਗ ਬਣਾਈਆਂ ਸਨ । ਵਿਦਿਆਰਥੀਆਂ ਨੂੰ ਤਿਉਹਾਰ ਦੀ ਭਾਵਨਾ ਵਿੱਚ ਹੋਰ ਲੀਨ ਕਰਨ ਲਈ, ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮਨਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦੇ ਕੇ ਸੰਬੋਧਨ ਕੀਤਾ ਅਤੇ ਵਿਸਾਖੀ ਦੀ ਮਹੱਤਤਾ ਬਾਰੇ ਇੱਕ ਇੰਟਰਐਕਟਿਵ ਸੈਸ਼ਨ ਵਿੱਚ ਸ਼ਾਮਲ ਕੀਤਾ। ਪ੍ਰੋਗਰਾਮ ਦੇ ਅੰਤ ਵਿਚ ਉਨ੍ਹਾਂ ਨੇ ਇਹ ਕਹਿੰਦਿਆਂ ਕਿ ਇਸ ਸ਼ੁਭ ਦਿਨ ਦੀ ਸੁਨਹਿਰੀ ਫ਼ਸਲ ਤੁਹਾਡੇ ਜੀਵਨ ਵਿੱਚ ਖੁਸ਼ਹਾਲੀ, ਸਫਲਤਾ ਅਤੇ ਚੰਗੀ ਕਿਸਮਤ ਲਿਆਵੇ, ਵਿਦਿਆਰਥੀਆਂ ਦੇ ਉਤਸ਼ਾਹ ਅਤੇ ਲਗਨ ਦੀ ਸ਼ਲਾਘਾ ਕੀਤੀ।

# ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ

## ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ



ਤਰਨਤਾਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ )- ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ ਕੀਤਾ ਗਿਆ।ਸੰਗਤਾਂ ਵੱਲੋਂ ਰਲ ਮਿਲ ਕੇ ਸ੍ਰੀ ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਜੀ ਦੇ ਪਾਠ ਕੀਤੇ ਗਏ।ਆਈਆਂ ਸੰਗਤਾਂ



ਵਾਸਤੇ ਸਰਦਾਈ ਅਤੇ ਗੁਰੂ ਦਾ ਲੰਗਰ ਅਤੁੱਟ ਵਰਤਿਆ।ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ।ਇਸ ਮੌਕੇ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਸਪਤਨੀ ਬੀਬੀ ਗੁਰਵਿੰਦਰ ਕੌਰ, ਬਾਬਾ ਦਇਆ ਸਿੰਘ ਜੀ, ਸ੍ਰ ਸਿਮਰਨਜੀਤ ਸਿੰਘ,ਸ੍ਰ ਗੁਰਬਖਸ਼ ਸਿੰਘ,ਬੀਬੀ ਕਵਲਜੀਤ ਕੌਰ, ਬੀਬੀ ਜਸ਼ਨਪ੍ਰੀਤ ਕੌਰ,ਬੀਬੀ ਪਰਮਜੀਤ ਕੌਰ,ਬੀਬੀ ਸੁਖਵਿੰਦਰ ਕੌਰ,ਬੀਬੀ ਮਨਪ੍ਰੀਤ ਕੌਰ,ਬੀਬੀ ਰਾਜ ਕੌਰ,ਬੀਬੀ ਜਸਪ੍ਰੀਤ ਕੌਰ ਅਤੇ ਹੋਰ ਸੰਗਤਾਂ ਹਾਜਰ ਸਨ ।

# ਭਾਈ ਪਰਮਜੀਤ ਸਿੰਘ ਪੰਮਾ ਦੇ ਪਿਤਾ ਜੀ ਦੇ ਅਕਾਲ ਚਲਾਣੇ ਅਤੇ ਭਾਈ ਰਤਨਦੀਪ ਸਿੰਘ ਦੇ ਹੋਏ ਕਤਲ ਤੇ ਬੱਬਰ ਖਾਲਸਾ ਜਰਮਨੀ ਵਲੋਂ ਗਹਿਰੇ ਦੁੱਖ ਦਾ ਪ੍ਰਗਟਾਵਾ







ਨਵੀਂ ਦਿੱਲੀ 14 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਪਿਛਲੇ ਦਿਨੀ ਭਾਈ ਅਮਰੀਕ ਸਿੰਘ ਮੁਹਾਲੀ ਗੁਰੂ ਸਹਿਬਾਨ ਵੱਲੋਂ ਬਖਸ਼ੀ ਆਪਣੇ ਸਵਾਸਾਂ ਦੀ ਪੂੰਜੀ ਪੂਰੀ ਕਰਕੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ। ਸਿੱਖ ਸੰਘਰਸ਼ ਦਾ ਸੇਕ ਭਾਈ ਸਾਹਿਬ ਨੇ ਆਪਣੇ ਪਿੰਡੇ ਤੇ ਹੰਢਾਇਆ। ਕਿਉਂ ਕਿ ਉਨਾਂ ਦੇ ਇੱਕ ਪੁੱਤਰ ਪਰਮਿੰਦਰ ਸਿੰਘ ਬੱਬਰ ਉਰਫ ਰਾਜਾ ਬੌਸ ਨੇ ਖਾਲਿਸਤਾਨ ਦੇ ਸੰਘਰਸ਼ ਵਿੱਚ ਜੂਝਦਿਆਂ ਜਾਮ ਏ ਸ਼ਹਾਦਤ ਪੀਤਾ। ਦੂਜਾ ਪੁੱਤਰ ਭਾਈ ਪਰਮਜੀਤ ਸਿੰਘ ਪੰਮਾ ਅੱਜ ਵੀ ਸਿੱਖ ਫਾਰ ਜਸਟਿਸ ਵਿੱਚ ਵਿਚਰਦੇ ਹੋਏ ਆਪਣੇ ਆਜ਼ਾਦ ਘਰ ਖਾਲਿਸਤਾਨ ਲਈ ਜੂਝਦਾ ਜਲਾਵਤਨੀ ਕੱਟ ਰਿਹਾ ਹੈ। ਜਦੋਂ ਪੁੱਤਰ ਅਜ਼ਾਦੀ ਦੀ ਜੰਗ ਲੜ ਰਹੇ ਹੋਣ ਤਾਂ ਮਾਂ ਬਾਪ ਅਤੇ ਰਿਸ਼ਤੇਦਾਰਾਂ ਨੂੰ ਜਿੱਸ ਤਸ਼ੱਦਦ ਦਾ ਸਾਹਮਣਾ ਕਰਨਾ ਪੈਂਦਾ ਹੈ ਉਹ ਜਿਨ੍ਹਾਂ ਤੇ ਬੀਤਦੀ ਹੈ ਉਹ ਹੀ ਜਾਣਦੇ ਹਨ। ਭਾਈ ਸਾਹਿਬ ਦੀ ਅੰਤਿਮ ਅਰਦਾਸ 15 ਅਪ੍ਰੈਲ ਦਿਨ ਸੋਮਵਾਰ ਨੂੰ ਗੁਰਦਵਾਰਾ ਸਾਚਾ ਧੰਨ ਮੌਹਾਲੀ ਵਿਖੇ ਕੀਤੀ ਜਾਵੇਗੀ। ਸਮੂਹ ਪੰਥ ਦਰਦੀਆਂ ਨੂੰ ਪਹੁੰਚਣ ਦੀ ਅਪੀਲ ਕਰਦੇ ਹਾਂ।ਦੂਜੀ ਇੱਕ ਬਹੁਤ ਹੀ ਦੁੱਖਦਾਇਕ ਘਟਨਾ ਵਿੱਚ ਚੜ੍ਹਦੀ ਜਵਾਨੀ ਤੋਂ ਸਿੱਖ ਸੰਘਰਸ਼ ਵਿੱਚ ਜੂਝਦੇ ਯੋਧੇ ਭਾਈ ਰਤਨਦੀਪ ਸਿੰਘ ਦਾ ਕਤਲ ਹੋ ਗਿਆ। ਕਤਲ ਦੇ ਕਾਰਨਾਂ ਦਾ ਅਜੇ ਰਹੱਸ ਹੀ ਹੈ ਜੋ ਸਮਾਂ ਆਉਣ ਤੇ ਕਲੀਅਰ ਹੋ ਜਾਵੇਗਾ ।ਭਾਈ ਰਤਨਦੀਪ ਸਿੰਘ ਨੇ ਬਹੁਤ ਲੰਮਾ ਸਮਾਂ ਖਾਲਿਸਤਾਨ ਕਮਾਂਡੋ ਫੋਰਸ ਅਤੇ ਕੁਝ ਸਮਾਂ ਬੱਬਰ ਖਾਲਸਾ ਇੰਟਰਨੈਸ਼ਨਲ ਨਾਲ ਮਿਲ ਕੇ ਆਪਣਾ ਯੋਗਦਾਨ ਪਾਇਆ। ਫਿਰ ਇੱਕ ਟਾਇਮ ਭਾਰਤੀ ਫੋਰਸ ਦੇ ਹੱਥ ਆ ਗਏ ਜਿਥੇ ਇੰਟੈਰੋਗੇਸ਼ਨ ਝਲਣ ਤੋਂ ਬਾਅਦ ਕਈ ਸਾਲ ਜੇਲ੍ਹ ਦੀਆਂ ਕਾਲ ਕੋਠੜੀਆਂ ਵਿੱਚ ਗੁਜ਼ਾਰਨਾ ਪਿਆ। ਜੇਲ੍ਹ ਤੋਂ ਰਿਹਾਅ ਹੋਣ ਉਪਰੰਤ ਉਹ ਦੇਸ਼ ਤੋਂ ਬਾਹਰ ਨਿਕਲਣ ਦੀ ਤਾਕ ਵਿੱਚ ਸਨ ਕਿ ਇਹ ਭਾਣਾ ਵਾਪਰ ਗਿਆ।ਜੋ ਕੇ ਬਹੁਤ ਮੰਦਭਾਗੀ ਘਟਨਾ ਹੈ। ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਮਿਤੀ 21 ਅਪ੍ਰੈਲ ਦਿਨ ਐਤਵਾਰ ਨੂੰ ਪ੍ਰੀਵਾਰ ਵਲੋਂ ਸਹਿਜ ਪਾਠ ਦੇ ਭੋਗ ਐਲਬਸਟਰ 16 -70806 ਕੋਰਨਵੇਸਥੇਮ ਵਿਖੇ ਪਾਏ ਜਾਣਗੇ। ਸਮੂਹ ਪੰਥਕ ਜਥੇਬੰਦੀਆਂ ਅਤੇ ਸੰਗਤਾਂ ਨੂੰ ਇਸ ਦੁੱਖ ਦੀ ਘੜੀ ਵਿੱਚ ਸ਼ਾਮਲ ਹੋਣ ਦੀ ਅਪੀਲ ਕਰਦੇ ਹਾਂ। ਅਸੀਂ ਬੱਬਰ ਖਾਲਸਾ ਜਰਮਨੀ ਵਲੋਂ ਜਥੇਦਾਰ ਰੇਸ਼ਮ ਸਿੰਘ ਬੱਬਰ, ਭਾਈ ਸਤਨਾਮ ਸਿੰਘ ਬੱਬਰ, ਭਾਈ ਅਵਤਾਰ ਸਿੰਘ ਬੱਬਰ, ਭਾਈ ਹਰਜੋਤ ਸਿੰਘ ਬੱਬਰ, ਭਾਈ ਬਿੱਧੀ ਸਿੰਘ, ਭਾਈ ਰਾਜਿੰਦਰ ਸਿੰਘ, ਭਾਈ ਪਰਤਾਪ ਸਿੰਘ ਜਿਥੇ ਇਸ ਦੁਖਦਾਇਕ ਘੜੀ ਸਮੇਂ ਪਰਿਵਾਰਾਂ ਨਾਲ ਦੁੱਖ ਸਾਂਝਾ ਕਰਦੇ ਹਾਂ ਉਥੇ ਵਾਹਿਗੁਰੂ ਅੱਗੇ ਅਰਦਾਸ ਕਰਦੇ ਹਾਂ ਕਿ ਸ.ਅਮਰੀਕ ਸਿੰਘ ਅਤੇ ਭਾਈ ਰਤਨਦੀਪ ਸਿੰਘ ਦੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪਿੱਛੇ ਪਰਿਵਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

## ਸਿੰਘ ਸਾਹਿਬ ਬਾਬਾ ਬਲਬੀਰ ਸਿੰਘ 96 ਕਰੋੜੀ ਦੀ ਅਗਵਾਈ ਵਿੱਚ

# ਨਿਹੰਗ ਸਿੰਘਾਂ ਵਲੋਂ ਖ਼ਾਲਸਾਈ ਜਾਹੋ ਜਲਾਲ ਨਾਲ ਮਹੱਲਾ ਕੱਢਣ ਦੇ ਨਾਲ ਹੀ ਵਿਸਾਖੀ ਮੇਲਾ ਸਮਾਪਤ











**ਤਲਵੰਡੀ ਸਾਬੋ, 14 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਚੱਲ ਰਿਹਾ ਜੋੜ ਮੇਲਾ ਨਿਹੰਗ ਸਿੰਘ ਫੌਜਾਂ ਵਲੋਂ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਨਿਸ਼ਾਨ ਨਿਗਾਰਿਆਂ ਦੀ ਛਤਰ ਛਾਇਆ ਹੇਠ ਅਤੇ ਬੁੱਢਾ ਦਲ ਦੇ 14ਵੇਂ ਮੁਖੀ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਨਿਹੰਗ ਸਿੰਘਾਂ ਦੀ ਅਗਵਾਈ 'ਚ ਪੁਰਾਤਨ ਰਵਾਇਤ ਮੁਤਾਬਕ ਮਹੱਲਾ ਸਜਾਉਣ ਨਾਲ ਹੀ ਵਿਸਾਖੀ ਮੇਲਾ ਰਸਮੀ ਤੌਰ 'ਤੇ ਸਮਾਪਤ ਹੋ ਗਿਆ। ਸਭ ਤੋਂ ਪਹਿਲਾਂ ਬੁੱਢਾ ਦਲ ਦੇ ਮੁੱਖ ਅਸਥਾਨ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਅਤੇ ਤਰਨਾਦਲ ਦੀਆਂ ਛਾਉਣੀਆਂ ਵਿਖੇ ਸ੍ਰੀ ਦਸਮ ਗ੍ਰੰਥ ਜੀ ਦੇ ਅਖੰਡ ਪਾਠਾਂ ਦੇ ਭੋਗ ਪਾਏ ਗਏ ਉਪਰੰਤ ਗੁਰਬਾਣੀ ਦੇ ਮਨੋਹਰ ਕੀਰਤਨ ਹੋਏ। ਕਥਾਵਾਚਕਾਂ, ਗਿਆਨੀਆਂ, ਪ੍ਰਚਾਰਕਾਂ ਅਤੇ ਢਾਡੀ ਕਵੀਸ਼ਰਾਂ ਨੇ ਸਿੱਖ ਇਤਿਹਾਸ ਤੇ ਖਾਲਸੇ ਸਾਜਨਾ ਦਿਵਸ ਦੀ ਮਹਿਮਾ ਬਾਰੇ ਸੰਗਤਾਂ ਨੂੰ ਜਾਣੂ ਕਰਵਾਇਆ। ਅਖੰਡ ਪਾਠ ਦੇ ਭੋਗ ਮੌਕੇ ਪੁੱਜੀਆਂ ਧਾਰਮਿਕ ਸ਼ਖਸ਼ੀਅਤਾਂ ਦਾ ਸਨਮਾਨ ਕੀਤਾ ਗਿਆ। ਬੁੱਢਾ ਦਲ ਵੱਲੋਂ ਅੰਮ੍ਰਿਤ ਸੰਚਾਰ ਕਰਵਾਇਆ ਗਿਆ ਜਿਸ ਵਿੱਚ 250 ਤੋਂ ਵੱਧ ਪ੍ਰਾਣੀਆਂ ਨੇ ਅੰਮ੍ਰਿਤ ਪਾਨ ਕੀਤਾ। ਉਪਰੰਤ ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਤੋਂ ਮਹੱਲੇ ਦੀ ਅਰੰਭਤਾ ਹੋਈ ਜਿਸ 'ਚ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਨਾਲ ਬਾਬਾ ਮੇਜਰ ਸਿੰਘ ਦਸ਼ਮੇਸ਼ ਤਰਨਾ ਦਲ, ਬਾਬਾ ਖੜਕ ਸਿੰਘ, ਬਾਬਾ ਪ੍ਰਤਾਪ ਸਿੰਘ, ਬਾਬਾ ਪੰਜਾਬ ਸਿੰਘ, ਬਾਬਾ ਰਘੁਬੀਰ ਸਿੰਘ ਖਿਆਲਾ, ਬਾਬਾ ਵੱਸਣ ਸਿੰਘ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਜਥੇਦਾਰ ਬਲਜੀਤ ਸਿੰਘ ਦਾਦੂਵਾਲ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਇੰਦਰਬੀਰ ਸਿੰਘ ਗੁਰੂਸਰ ਸਤਲਾਣੀ ਵਾਲੇ ਆਦਿ ਤੋਂ ਇਲਾਵਾ ਹੋਰ ਵੱਡੀ ਗਿਣਤੀ ਵਿਚ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਨਿਹੰਗ ਸਿੰਘ ਆਪਣੇ-ਆਪਣੇ ਦਲਾਂ ਬਲਾਂ ਸਮੇਤ ਸ਼ਾਮਿਲ ਹੋਏ। ਗੁਰਦੁਆਰਾ ਬੇਰ ਸਾਹਿਬ ਦੇਗਸਰ ਪਾਤਸ਼ਾਹੀ 10ਵੀਂ ਤੋਂ ਆਰੰਭ ਹੋਇਆ ਮਹੱਲਾ ਤਖ਼ਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋ ਕੇ, ਫਿਰ ਗੁਰਦੁਆਰਾ ਜੰਡਸਰ, ਗੁਰਦੁਆਰਾ ਮਹੱਲਸਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਸਾਹਮਣੇ ਬੱਸ ਸਟੈਂਡ ਦੇ ਪਿਛੇ ਮੈਦਾਨ ਵਿੱਚ ਪੁੱਜਾ। ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਨਾਲ ਨਿਹੰਗ ਸਿੰਘ ਦਲ ਪੰਥਾਂ ਦੇ ਮੁਖੀ ਅਤੇ ਅਨੇਕਾਂ ਹੀ ਤਰਨਾ ਦਲਾਂ ਦੇ ਨਿਹੰਗ ਸਿੰਘ ਦਲਪੰਥਾਂ ਦੇ ਨਿਹੰਗ ਸਿੰਘ ਰਵਾਇਤੀ ਬਾਣਿਆਂ, ਸ਼ਸਤਰਾਂ, ਘੋੜਿਆਂ, ਹਾਥੀਆਂ, ਉੂਠਾਂ 'ਤੇ ਸਵਾਰ ਹੋ ਕੇ ਪਹੁੰਚੇ ਤੇ ਜਿਥੇ ਉਨ੍ਹਾਂ ਨੇ ਸੰਗਤਾਂ ਦੇ ਇਕੱਠ ਨੂੰ ਘੋੜ ਸਵਾਰੀ, ਨੇਜੇਬਾਜ਼ੀ, ਗਤਕੇਬਾਜ਼ੀ ਅਤੇ ਪਹਿਲਵਾਨਾਂ ਨੇ ਜੋਰ ਅਜਮਾਈ ਦੇ ਜੌਹਰ ਦਿਖਾਏ। ਉਪਰੰਤ ਘੋੜ ਦੋੜਾਂ ਵਿਚ ਨਿਹੰਗ ਸਿੰਘਾਂ ਨੇ ਘੋੜਿਆਂ ਨੂੰ ਦੌੜਾਇਆ ਅਤੇ ਵੱਧ ਤੋਂ ਵੱਧ ਕਿੱਲੇ ਪੁੱਟ ਕੇ ਇਨਾਮ ਪ੍ਰਾਪਤ ਕੀਤੇ। ਇਸ ਮੌਕੇ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ ਨੇ ਸਮੁੱਚੇ ਦਲਾਂ ਦੇ ਮੁਖੀਆਂ ਦਾ ਵਿਸ਼ੇਸ਼ ਤੌਰ 'ਤੇ ਅਤੇ ਮਹੱਲੇ ਵਿਚ ਸ਼ਾਮਲ ਹੋਣ ਲਈ ਸਮੁੱਚੀਆਂ ਨਿਹੰਗ ਸਿੰਘਾਂ ਫੌਜਾਂ ਦਾ ਧੰਨਵਾਦ ਕੀਤਾ ਅਤੇ ਵਿਸ਼ੇਸ਼ ਤੌਰ 'ਤੇ ਖਾਲਸੇ ਦੇ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਹਰੇਕ ਪ੍ਰਾਣੀ ਨੂੰ ਅੰਮ੍ਰਿਤ ਛਕ ਕੇ ਸ਼ਸ਼ਤਰਧਾਰੀ ਹੋਣ ਦੀ ਅਪੀਲ ਕੀਤੀ। ਇਸ ਸਮੇਂ ਬਾਬਾ ਰਘੁਬੀਰ ਸਿੰਘ ਖਿਆਲੇ ਵਾਲੇ, ਬਾਬਾ ਜੋਗਾ ਸਿੰਘ ਕਰਨਾਲ ਵਾਲੇ, ਬਾਬਾ ਝਾੜ ਸਾਹਿਬ ਵਾਲੇ, ਬੁੱਢਾ ਦਲ ਦੇ ਸਕੱਤਰ ਸ੍ਰ. ਦਿਲਜੀਤ ਸਿੰਘ ਬੇਦੀ, ਬਾਬਾ ਸਰਵਣ ਸਿੰਘ ਮਝੈਲ ਲੱਖੀ ਜੰਗਲ, ਬਾਬਾ ਅਰਜਨ ਸਿੰਘ ਪਟਿਆਲੇ ਵਾਲੇ, ਬਾਬਾ ਮਾਨ ਸਿੰਘ ਮੜੀਆਂ ਵਾਲਾ ਬਟਾਲਾ, ਬਾਬਾ ਵੱਸਣ ਸਿੰਘ ਮੜੀਆਂ ਦਲ ਬਟਾਲੇ ਵਾਲੇ, ਬਾਬਾ ਗੁਰਪ੍ਰੀਤ ਸਿੰਘ, ਬਾਬਾ ਬਲਦੇਵ ਸਿੰਘ ਖਿਆਲਾ, ਬਾਬਾ ਬਲਵਿੰਦਰ ਸਿੰਘ ਮਹਿਤਾ ਚੌਂਕ, ਬਾਬਾ ਬਲਦੇਵ ਸਿੰਘ ਮੁਸਤਰਾਬਾਦ, ਬਾਬਾ ਕੁਲਵਿੰਦਰ ਸਿੰਘ ਚਮਕੌਰ ਸਾਹਿਬ, ਬਾਬਾ ਪ੍ਰਗਟ ਸਿੰਘ ਮਜੀਠਾ ਰੋਡ, ਬਾਬਾ ਜਗਤਾਰ ਸਿੰਘ ਠੱਠੇ ਵਾਲੇ, ਬਾਬਾ ਢੂੰਡਾ ਸਿੰਘ ਮਿਸ਼ਲ ਭਾਈ ਬਚਿੱਤਰ ਸਿੰਘ, ਬਾਬਾ ਬਲਦੇਵ ਸਿੰਘ ਵੱਲਾ, ਬਾਬਾ ਕੁਲਵਿੰਦਰ ਸਿੰਘ ਤਰਨਾ ਦਲ ਚਮਕੌਰ ਸਾਹਿਬ, ਬਾਬਾ ਛਿੰਦਾ ਸਿੰਘ ਭਿੱਖੀਵਿੰਡ, ਬਾਬਾ ਜੱਸਾ ਸਿੰਘ ਤਲਵੰਡੀ ਸਾਬੋ, ਬਾਬਾ ਇੰਦਰ ਸਿੰਘ, ਬਾਬਾ ਮੱਘਰ ਸਿੰਘ, ਬਾਬਾ ਕਰਮ ਸਿੰਘ ਰਾਜਪੁਰਾ, ਬਾਬਾ ਸੁਖਵਿੰਦਰ ਸਿੰਘ ਮੋਰ, ਬਾਬਾ ਵਿਸ਼ਵਪ੍ਰਤਾਪ ਸਿੰਘ ਸਮਾਣਾ, ਬਾਬਾ ਪਿਆਰਾ ਸਿੰਘ, ਬਾਬਾ ਗੁਰਮੁੱਖ ਸਿੰਘ, ਬਾਬਾ ਬਲਦੇਵ ਸਿੰਘ ਪਟਿਆਲਾ, ਬਾਬਾ ਚਰਨ ਸਿੰਘ ਫਤਹਿਗੜ੍ਹ ਸਾਹਿਬ, ਬਾਬਾ ਭਗਤ ਸਿੰਘ ਬਹਾਦਰਗੜ੍ਹ, ਬਾਬਾ ਸੁਖਦੇਵ ਸਿੰਘ ਸੁੱਖਾ, ਬਾਬਾ ਹਰਪ੍ਰੀਤ ਸਿੰਘ ਹੈਪੀ, ਬਾਬਾ ਰਣਜੋਧ ਸਿੰਘ ਪੰਚਕੂਲਾ, ਬਾਬਾ ਖੜਕ ਸਿੰਘ, ਬਾਬਾ ਅਰਜਨ ਸਿੰਘ ਸ਼ਿਵਜੀ ਆਦਿ ਹਾਜ਼ਰ ਸਨ। ਖ਼ਾਲਸਾ ਪੰਥ ਦੇ ਜਾਹੋ-ਜਲਾਲ ਅਤੇ ਨਿਆਰੇਪਣ ਦਾ ਪ੍ਰਤੀਕ ਕੌਮੀ ਤਿਉਹਾਰ ਵਿਸਾਖੀ ਸ੍ਰੀ ਦਮਦਮਾ ਸਾਹਿਬ ਵਿਖੇ ਗੁਰੂ ਕੀਆਂ ਲਾਡਲੀਆਂ ਫ਼ੌਜਾਂ ਵਲੋਂ ਪੁਰਾਤਨ ਖਾਲਸਾਈ ਰਵਾਇਤ ਅਨੁਸਾਰ ਸਜਾਏ ਮਹੱਲੇ ਨਾਲ ਅਮਨ ਸ਼ਾਂਤੀ ਪੂਰਵਕ ਸਮਾਪਤ ਹੋ ਗਿਆ ਹੈ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਸਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਦੀ

# 43ਵੀਂ ਬਰਸੀਂ ਮਨਾਈ

## ਆਏ ਸੰਤਾ , ਸੇਵਾਦਾਰ ਨੂੰ ਸੰਤ ਬਾਬਾ ਸੱਜਣ ਸਿੰਘ ਜੀ ਨੇ ਸਿਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ













ਚੌਕ ਮਹਿਤਾ 14 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ) ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਗੁਰੂਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਮੱਤੇਵਾਲ ਵਿਖੇ ਗੁਰਦੁਆਰਾ ਸਾਹਿਬ ਜੀ ਦੇ ਮੁੱਖੀ ਸੰਤ ਬਾਬਾ ਸੱਜਣ ਸਿੰਘ ਜੀ ਦੀ ਅਗਵਾਈ ਹੇਠ ਸਚਖੰਡ ਵਾਸੀ ਸ੍ਰੀ ਮਾਨ ਸੰਤ ਬਾਬਾ ਲਾਭ ਸਿੰਘ ਜੀ ਦੀ 43 ਵੀ ਬਰਸੀਂ ਬੜੀ ਸਰਧਾ ਭਾਵਨਾ ਨਾਲ ਮਨਾਈ ਗਈ। ਇਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਇ ਗਏ। ਉਪਰੰਤ ਦੀਵਾਨ ਸਜਾਇਆ ਗਿਆ।ਜਿਸ ਵਿੱਚ ਕਥਾਵਾਚਕ ਗਿਆਨੀ ਪਰਮਜੀਤ ਸਿੰਘ ਨੰਗਲੀ ਵਾਲਿਆਂ ਨੇ ਆਏ ਹੁਕਮਨਾਮੇ ਦੀ ਸੰਗਤਾਂ ਨੂੰ ਕਥਾ ਸਰਵਨ ਕਰਵਾਇਆ।ਸਿੱਖ ਪੰਥ ਦੇ ਵਿਦਵਾਨ ਕਵੀਸ਼ਰੀ ਜਥਾ ਭਾਈ ਜੋਗਾ ਸਿੰਘ ਭਾਗੋ ਵਾਲੀਆ ਦੇ ਜਥੇ ਨੇ ਗੁਰੂ ਇਤਹਾਸ ਸਰਵਨ ਕਰਵਾਇਆ ਗਿਆ। ਇਸ ਦੌਰਾਨ ਅਵਤਾਰ ਸਿੰਘ, ਸਰਬਦੀਪ ਸਿੰਘ ਕਨੈਡਾ, ਗੁਰਦੇਵ ਸਿੰਘ ਯੂ ਐੱਸ, ਏ, ਭੋਏ, ਨਰਿੰਦਰ ਸਿੰਘ ਭੋਏ, ਹੈਡ ਗ੍ਰੰਥੀ ਭਾਈ ਸੁਲਖਨ ਸਿੰਘ, ਬਲਰਾਜ ਸਿੰਘ ਰਾਜਾ ਰਣਜੀਤ ਸਿੰਘ ਬਾਠ, ਬਾਬਾ ਸੁੱਖਾ ਸਿੰਘ, ਜਗਰੂਪ ਸਿੰਘ, ਜੁਗਰਾਜ ਸਿੰਘ, ਜੋਬਨ ਜੀਤ ਸਿੰਘ, ਬਾਜ ਸਿੰਘ, ਬਾਬਾ ਜਸਾ ਸਿੰਘ ਆਦਿ ਸੇਵਾਦਾਰ ਹਾਜ਼ਰ ਸਨ। ਗੁਰੂ ਜੀ ਦੇ ਲੰਗਰ ਅਟੁੱਟ ਵਰਤਿਆ ਗਿਆ। ਆਏ ਸੰਤਾ , ਸੇਵਾਦਾਰ ਨੂੰ ਸੰਤ ਬਾਬਾ ਸੱਜਣ ਸਿੰਘ ਜੀ ਨੇ ਸਿਰੋਪੇ ਦੇ ਕੇ ਸਨਮਾਨਿਤ ਕੀਤਾ ਗਿਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਖ਼ਾਲਸੇ ਦੀ ਸਿਰਜਨਾ ਦਿਵਸ

# ਵੈਸਾਖੀ ਪੁਰਬ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਏ ਗਏ: ਡਾ. ਵਿਜੇ ਸਤਬੀਰ ਸਿੰਘ





**ਅੰਮ੍ਰਿਤਸਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਸਾਬਕਾ ਆਈ.ਏ.ਐਸ.ਨੇ ਦਸਿਆ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ 1699 ਈਸਵੀ ਦੀ ਵੈਸਾਖੀ ਵਾਲੇ ਦਿਨ ਤਖ਼ਤ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ 'ਖ਼ਾਲਸਾ ਪੰਥ' ਦੀ ਸਿਰਜਣਾ ਕੀਤੀ ਤੇ ਇਹ ਪਾਵਨ ਪੁਰਬ ਪੁਰਾਤਨ ਖਾਲਸਾਈ ਪੁਰਾਤਨ ਮਰਯਾਦਾ ਅਨੁਸਾਰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਬੜੇ ਪਿਆਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਏ ਗਏ । ਤਖ਼ਤ ਸਾਹਿਬ ਦੇ ਚੌਗਿਰਦੇ ਅਤੇ ਸਬੰਧਤ ਇਮਾਰਤਾਂ ਨੂੰ ਬਹੁਤ ਹੀ ਸੁੰਦਰ ਲਾਈਟਾਂ ਨਾਲ ਸਜਾਇਆ ਗਿਆ 13 ਅਪ੍ਰੈਲ ਵੈਸਾਖੀ ਪੁਰਬ ਦੇ ਸ਼ੁਭ ਦਿਨ ਤਖ਼ਤ ਸੱਚਖੰਡ ਸਾਹਿਬ ਵਿਖੇ ਮਾਨਯੋਗ ਜਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ, ਮੌਜੂਦਾ ਸਮੇਂ ਕਾ. ਜਥੇਦਾਰ ਵਜੋਂ ਸੇਵਾਵਾਂ ਨਿਭਾ ਰਹੇ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਧੂਪੀਆ, ਸਮੂਹ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ ਤੇ ਸੈਂਕੜੇ ਗਿਣਤੀ ਵਿੱਚ ਸੰਗਤਾਂ ਨੇ ਅੰਮ੍ਰਿਤ ਪਾਨ ਕਰਕੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਰਾਤ ਨੂੰ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਵਿਸ਼ੇਸ਼ ਆਤਿਸ਼ਬਾਜੀ ਕੀਤੀ ਗਈ ਅਤੇ 8.30 ਵਜੇ ਤੋਂ 12.30 ਵਜੇ ਤੱਕ ਸ੍ਰ: ਲੱਡੂ ਸਿੰਘ ਜੀ ਮਹਾਜਨ ਸਾਬਕਾ ਪ੍ਰਧਾਨ ਗੁਰਦੁਆਰਾ ਬੋਰਡ, ਸ੍ਰ: ਬਲਵੰਤ ਸਿੰਘ ਜੀ ਗਾੜੀਵਾਲੇ ਸਾਬਕਾ ਮੇਅਰ - ਸ੍ਰੀ ਦਸਮੇਸ਼ ਹਜ਼ੂਰੀ ਸੇਵਾ ਸੁਸਾਇਟੀ ਵਲੋਂ ਗੁਰਦੁਆਰਾ ਸੱਚਖੰਡ ਬੋਰਡ ਦੇ ਸਹਿਯੋਗ ਨਾਲ ਵਿਸ਼ੇਸ਼ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਭਾਈ ਸੁਰੇਸ਼ ਸਿੰਘ ਜੀ ਹਜ਼ੂਰੀ ਰਾਗੀ, ਤਖ਼ਤ ਸੱਚਖੰਡ ਸਾਹਿਬ, ਭਾਈ ਕੁਲਵਿੰਦਰ ਸਿੰਘ ਜੀ ਮਾਹਲ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਚਰਨਜੀਤ ਸਿੰਘ ਜੀ ਹੀਰਾ ਦਿੱਲੀ ਨੇ ਰੱਬੀ ਬਾਣੀ ਦੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ 14 ਅਪ੍ਰੈਲ ਨੂੰ ਸ਼ਾਮ ਠੀਕ 4 ਵਜੇ ਤਖ਼ਤ ਸਾਹਿਬ ਤੋਂ ਨਗਰ ਕੀਰਤਨ (ਵੈਸਾਖੀ ਮਹੱਲਾ) ਆਰੰਭ ਹੋਇਆ ਜਿਸ ਵਿੱਚ ਨਿਸ਼ਾਨ ਸਾਹਿਬ, ਗੁਰੂ ਸਾਹਿਬ ਜੀ ਦੇ ਘੋੜੇ, ਕੀਰਤਨੀ ਜਥੇ, ਭਜਨ ਮੰਡਲੀਆਂ, ਗਤਕਾ ਪਾਰਟੀਆਂ ਆਦਿ ਸ਼ਾਮਿਲ ਹੋਈਆਂ। ਪੂਰੇ ਜਾਹੋ ਜਲਾਲ ਨਾਲ ਇਹ ਮਹੱਲਾ ਪਰੰਪਰਾਗਤ ਮਾਰਗ ਤੋਂ ਹੁੰਦੇ ਹੋਏ ਹੱਲਾ ਬੋਲ ਚੌਕ ਵਿਖੇ ਪੁਜਿਆ, ਜਿਥੇ ਪੁਰਾਤਨ ਰਿਵਾਇਤ ਅਨੁਸਾਰ ਹੱਲਾ ਖੇਡਿਆ ਗਿਆ ਤੇ ਸ਼ਹਿਰ ਦੇ ਵੱਖ ਵੱਖ ਮਾਰਗਾਂ ਤੋਂ ਹੋਕੇ ਤਖ਼ਤ ਸੱਚਖੰਡ ਸਾਹਿਬ ਵਿਖੇ ਸਮਾਪਤੀ ਹੋਈ। ਡਾ. ਵਿਜੇ ਸਤਬੀਰ ਸਿੰਘ ਤੇ ਸ੍ਰ: ਜਸਵੰਤ ਸਿੰਘ ਬੌਬੀ ਨੇ ਪੁੱਜੀਆਂ ਸੰਗਤਾਂ ਦਾ ਤਹਿਦਿਲੋਂ ਧੰਨਵਾਦ ਕੀਤਾ।

# ਪਾਕਿ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਦੌਰਾਨ ਪਾਕਿ ਮੰਤਰੀ ਨੇ ਸਿੱਖ ਸੰਗਤਾਂ ਨੂੰ ਦਿੱਤੀ ਵਧਾਈ



ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ):— ਹਸਨ ਅਬਦਾਲ ਪੰਜਾ ਸਾਹਿਬ ਅੱਜ ਪੰਜਾ ਸਾਹਿਬ ਵਿਖੇ ਵਿਸਾਖੀ ਦਾ ਦਿਹਾੜਾ ਮਨਾਇਆ ਗਿਆ।ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਜਗਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਇਸ ਮੌਕੇ ਡਿਫੈਂਸ ਮਨਿਸਟਰ ਪਾਕਿਸਤਾਨ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ, ਉਨ੍ਹਾਂ ਦਾ ਨਾਮ ਖੌਜਾ ਸਾਹਿਬ ਹੈ, ਜਿਨ੍ਹਾਂ ਨੇ ਸਿੱਖ ਕੌਮ ਨੂੰ ਵਿਸਾਖੀ ਦੀਆਂ ਵਧਾਈਆਂ ਦਿੱਤੀਆਂ। ਉਨ੍ਹਾਂ ਆਖਿਆ ਕਿ ਸਿੱਖ ਜਥਿਆਂ ਦਾ ਵੀਜੇ ਦਾ ਕੋਟਾ ਅਤੇ ਦਿਨ ਵੀ ਵਧਾਏ ਜਾਣਗੇ। ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਪੁਰਸਕਾਰ ਡਿਫੈਂਸ ਮਨਿਸਟਰ ਨੂੰ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਹੋਰ ਵੀ ਕਈ ਪਤਵੰਤੇ ਆਗੂ ਪੁੱਜੇ ਹੋਏ ਸਨ। ਜਗਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸਿੱਖ ਜਥਿਆਂ ਦਾ ਕੋਟਾ ਵਧਾਇਆ ਜਾਵੇ ਅਤੇ ਕਰਤਾਰ ਸਾਹਿਬ ਦੇ ਨਾਲ ਨਨਕਾਣਾ ਸਾਹਿਬ ਨੂੰ ਜ਼ੋੜਿਆ ਜਾਵੇ ਅਤੇ ਇਹ ਜਥਾ 3 ਦਿਨ ਦਾ ਕੀਤਾ ਜਾਵੇ, ਪੰਜਾਬ ਦੇ ਵਜੀਰ ਰਮੇਸ਼ ਸਿੰਘ ਅਰੋੜਾ ਨੂੰ ਵੀ ਸਨਮਾਨਿਤ ਕੀਤਾ ਗਿਆ।ਭਾਈ ਮਰਦਾਨਾ ਜੀ ਦੇ ਘਰ ਨੂੰ ਬਨਾਇਆ ਜਾਵੇ, ਇਹ ਗੁਰੂ ਨਾਨਕ ਸਾਹਿਬ ਜੀ ਨਾਲ 54 ਸਾਲ ਰਹੇ, ਇਹ ਸਿੱਖ ਅਤੇ ਮੁਸਲਮਾਨ ਦੀ ਪੱਕੀ ਸਾਂਝ ਹੈ, ਦਰਬਾਰ ਸਾਹਿਬ ਵਿਖੇ ਨੀਂਹ ਪੱਥਰ ਸਾਈ ਮੀਹਾਂ ਮੀਰ ਨੇ ਰੱਖਿਆ ਸੀ, ਇਸ ਵਾਰ ਸਭ ਤੋਂ ਵੱਧ 3500 ਦਾ ਜਥਾ ਸਿੱਖਾਂ ਦਾ ਆਇਆ ਹੈ, ਅੱਜ ਨਗਰ ਕੀਰਤਨ ਵੀ ਕੱਢਿਆ ਜਾਵੇਗਾ। ਭਾਈ ਮਰਦਾਨਾ ਸੁਸਾਇਟੀ ਵੱਲੋਂ 300 ਯਾਤਰੀਆਂ ਦਾ ਇਸ ਵਾਰ ਸਭ ਤੋਂ ਵੱਧ ਇਕੱਠ ਸੀ।

# ਸੁਨਿਆਰਾ ਤੇ ਰਾਮਗੜ੍ਹੀਆ ਭਾਈਚਾਰੇ ਨੇ ਲਾਲਜੀਤ ਸਿੰਘ ਭੁੱਲਰ ਦਾ ਵਿਰੋਧ ਕਰਦਿਆਂ ਫੂਕਿਆ ਪੁਤਲਾ—ਮੁਆਫੀ ਮੰਗਣ ਦੀ ਕੀਤੀ ਅਪੀਲ



ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ):— ਲੋਕ ਸਭਾ ਚੋਣਾਂ ਦਾ ਬਿਗੁਲ ਵਜਦਿਆਂ ਜਿਥੇ ਹਰ ਪਾਰਟੀ ਵੱਲੋਂ ਆਪੋ—ਆਪਣੇ ਢੰਗ ਨਾਲ ਲੋਕਾਂ ਨੂੰ ਲਭਾਇਆ ਜਾ ਰਿਹਾ ਹੈ, ਉਥੇ ਬੀਤੇ ਦਿਨ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਦੁਆਰਾ ਦਿੱਤੇ ਬਿਆਨ ਨੇ ਰਾਮਗੜ੍ਹੀਆ ਅਤੇ ਸੁਨਿਆਦਾ ਭਾਈਚਾਰੇ ਅੰਦਰ ਰੋਹ ਦੀ ਲਹਿਰ ਫੈਲਾ ਦਿੱਤੀ ਹੈ। ਅੱਜ ਫ਼ਿਰੋਜ਼ਪੁਰ ਵਿਖੇ ਮੀਟਿੰਗ ਕਰਨ ਉਪਰੰਤ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਲੋਕ ਸਭਾ ਹਲਕਾ ਖਡੂਰ ਸਾਹਿਬ ਤੋਂ ਚੋਣ ਲੜ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਲਾਲਜੀਤ ਸਿੰਘ ਭੁੱਲਰ ਵੱਲੋਂ ਚੋਣ ਪ੍ਰਚਾਰ ਦੌਰਾਨ ਰਾਮਗੜ੍ਹੀਆ ਬਰਾਦਰੀ ਅਤੇ ਸੁਨਿਆਰ ਭਾਈਚਾਰੇ ਸੰਬੰਧੀ ਕੀਤੀ ਟਿੱਪਣੀ ਦਾ ਰਾਮਗੜ੍ਹੀਆ ਬਰਾਦਰੀ ਅਤੇ ਸੁਨਿਆਰ ਭਾਈਚਾਰੇ ਵਿੱਚ ਤਿੱਖਾ ਵਿਰੋਧ ਹੈ ਅਤੇ ਬਰਾਦਰੀਆਂ ਵਿਚ ਰੋਹ ਦੀ ਲਹਿਰ ਦੌੜ ਗਈ ਹੈ। ਆਗੂਆਂ ਨੇ ਕਿਹਾ ਕਿ ਲਾਲਜੀਤ ਸਿੰਘ ਭੁੱਲਰ ਨੇ ਆਪਣੇ ਵਿਰੋਧੀਆਂ ਤੇ ਨਿਸ਼ਾਨਾ ਸਾਧਦੇ ਹੋਏ ਰਾਮਗੜ੍ਹੀਆ ਬਿਰਾਦਰੀ ਅਤੇ ਸੁਨਿਆਰ ਭਾਈਚਾਰੇ ਬਾਰੇ ਭੱਦੀ ਸ਼ਬਦਾਵਲੀ ਵਰਤੀ ਹੈ, ਜਿਸ ਦੀ ਸਖਤ ਨਿਖੇਧੀ ਹੋ ਰਹੀ ਰਹੀ ਹੈ। ਇਸ ਸਬੰਧ ਵਿੱਚ ਅੱਜ ਮੱਲਾਂਵਾਲਾ 'ਚ ਰਾਮਗੜ੍ਹੀਆ ਅਕਾਲ ਜਥੇਬੰਦੀ ਬਾਕੀ ਰਾਮਗੜ੍ਹੀਆ ਭਾਈਚਾਰਾ ਅਤੇ ਸਵਰਨਕਾਰ ਸੰਘ ਮੱਲਾਂਵਾਲਾ ਦੀ ਸਾਂਝੀ ਮੀਟਿੰਗ ਹੋਈ, ਜਿਸ ਵਿੱਚ ਰਾਮਗੜ੍ਹੀਆ ਅਕਾਲ ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਕਲਸੀ, ਸਵਰਨਕਾਰ ਸੰਘ ਦੇ ਜ਼ਿਲ੍ਹਾ ਸਾਬਕਾ ਪ੍ਰਧਾਨ ਅਤੇ ਮੱਲਾਂਵਾਲਾ ਦੇ ਪ੍ਰਧਾਨ ਜਗਮੋਹਨ ਸਿੰਘ ਖੁਰਮਾ, ਜਿਉਣ ਸਿੰਘ ਪ੍ਰਧਾਨ ਗੁਰਦੁਆਰਾ ਵਿਸ਼ਵਕਰਮਾ ਸਿੰਘ ਸਭਾਂ ਮੱਲਾਂਵਾਲਾ ਅਤੇ ਜਸਵੰਤ ਸਿੰਘ ਪ੍ਰਧਾਨ ਰਾਮਗੜ੍ਹੀਆ ਅਕਾਲ ਜਥੇਬੰਦੀ ਮੱਲਾਂਵਾਲਾ ਨੇ ਕਿਹਾ ਕਿ ਕੈਬਨਟਿ ਮੰਤਰੀ ਦੇ ਮੂੰਹੋਂ ਕਿਸੇ ਵੀ ਜਾਤ ਬਰਾਦਰੀ ਲਈ ਅਜਿਹੇ ਸ਼ਬਦ ਬੋਲਣੇ ਸ਼ੋਭਾ ਨਹੀਂ ਦਿੰਦੇ ਜੋ ਕਿਸੇ ਜਾਤ ਬਰਾਦਰੀ ਦੀ ਸ਼ਾਖ ਨੂੰ ਢਾਹ ਲਾਉਂਦਾ ਹੋਵੇ। ਉਕਤ ਆਗੂਆਂ ਨੇ ਕਿਹਾ ਕਿ ਜੇਕਰ ਲਾਲਜੀਤ ਸਿੰਘ ਭੁੱਲਰ ਰਾਮਗੜ੍ਹੀਆ ਬਰਾਦਰੀ ਅਤੇ ਸੁਨਿਆਰ ਭਾਈਚਾਰੇ ਬਾਰੇ ਅਜਿਹੀ ਸ਼ਬਦਾਵਲੀ ਵਰਤ ਸਕਦੇ ਹਨ ਤਾਂ ਆਉਣ ਵਾਲੇ ਸਮੇਂ ਵਿੱਚ ਉਹ ਦੂਸਰੀਆਂ ਬਰਾਦਰੀਆਂ ਨੂੰ ਵੀ ਅਜਿਹੀ ਸ਼ਬਦਾਵਲੀ ਬੋਲ ਸਕਦੇ ਹਨ। ਉਕਤ ਆਗੂਆਂ ਨੇ ਪੰਜਾਬ ਦੇ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਉਹ ਲਾਲਜੀਤ ਸਿੰਘ ਭੁੱਲਰ ਨੂੰ ਮੰਤਰੀ ਮੰਡਲ ਤੋਂ ਬਰਖਤਾਸਤ ਕੀਤਾ ਜਾਵੇ। ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਲਾਲਜੀਤ ਸਿੰਘ ਭੁੱਲਰ ਨੂੰ ਆਪਣੀ ਇਸ ਗਲਤੀ ਲਈ ਮੁਆਫੀ ਮੰਗਣੀ ਚਾਹੀਦੀ ਹੈ। ਇਸ ਮੌਕੇ ਜੁੜੇ ਰਾਮਗੜ੍ਹੀਆ ਅਕਾਲ ਜਥੇਬੰਦੀ ਅਤੇ ਸੁਨਿਆਰ ਭਾਈਚਾਰੇ ਦੇ ਆਗੂਆਂ ਵੱਲੋਂ ਮੁੱਖ ਚੌਂਕ ਮੱਲਾਂਵਾਲਾ ਵਿਖੇ ਲਾਲਜੀਤ ਸਿੰਘ ਭੁੱਲਰ ਦਾ ਪੂਤਲਾ ਵੀ ਫੂਕਿਆ ਗਿਆ। ਇਸ ਮੌਕੇ ਮੀਤ ਪ੍ਰਧਾਨ ਸੇਵਕ ਸਿੰਘ, ਹਰਦੀਪ ਸਿੰਘ, ਸ਼ਿੰਦਰ ਸਿੰਘ ਬਿੱਟੂ, ਮਨਮੋਹਨ ਸਿੰਘ ਖੁਰਮਾ, ਕੰਵਲਜੀਤ ਸਿੰਘ, ਦਲਜੀਤ ਸਿੰਘ, ਮਲਕੀਤ ਸਿੰਘ, ਰੋਸ਼ਨ ਲਾਲ ਮਨਚੰਦਾ, ਹਰਜਿੰਦਰ ਸਿੰਘ, ਗੁਰਦੇਵ ਸਿੰਘ ਗਿੱਲ, ਸੋਨੂੰ ਕੱਕੜ, ਟੀਟੂ ਕਲਸੀ, ਧਰਮ ਸਿੰਘ, ਹੀਰਾ ਸਿੰਘ, ਜੱਜਪਾਲ ਸਿੰਘ, ਐਸ ਕੇ ਜ਼ਿਊਲਰਜ਼ ਆਦਿ ਹਾਜ਼ਰ ਸਨ।

# ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ



ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ):— ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਵਿਖੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਖਾਈ ਫੇਮੇਕੀ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਅਜੀਤਪਾਲ ਸਿੰਘ ਪਾਲੀ ਨੇ ਕਥਾ ਕਰਦਿਆਂ ਆਖਿਆ ਕਿ 13 ਅਪ੍ਰੈਲ 1699 ਨੂੰ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ ਅਤੇ ਫਿਰ ਪੰਜ ਪਿਆਰਿਆਂ ਤੋਂ ਖੁਦ ਅੰਮ੍ਰਿਤ ਛਕਿਆ ਅਤੇ ਖਾਲਸੇ ਦਾ ਜਨਮ ਹੋਇਆ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਜੀ ਦੇ ਦਰਸਾਏ ਹੋਏ ਮਾਰਗ ਤੇ ਚਲਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਜੀ ਦੇ ਪੁੱਤਰ ਧੀਆਂ ਬਣੋ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਮੜੀਆਂ ਮਸਾਨਿਆਂ ਤੇ ਮੱਥਾ ਟੇਕਣ ਦੀ ਬਜਾਏ ਕੇਵਲ ਤੇ ਕੇਵਲ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਣਾ ਚਾਹੀਦਾ ਹੈ ਅਤੇ ਵੱਧ ਤੋਂ ਵੱਧ ਨਾਮ ਸਿਮਰਨ ਕਰਨਾ ਚਾਹੀਦਾ ਹੈ, ਨਾਮ ਜਪਣ ਨਾਲ ਤੁਹਾਡੇ ਸਾਰੇ ਦੁੱਖ ਦੂਰ ਹੋ ਜਾਣਗੇ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਗੁਰੂ ਮਹਾਰਾਜ ਜੀ ਤੇ ਪੂਰਨ ਭਰੋਸਾ ਕਰਨਾ ਚਾਹੀਦਾ ਹੈ। ਇਸ ਤਰ੍ਹਾਂ ਧੰਨ—ਧੰਨ ਬਾਬਾ ਨੰਦ ਸਿੰਘ ਜੀ ਨੇ, ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਤੇ ਪੂਰਨ ਭਰੋਸਾ ਕਰਕੇ ਉਨ੍ਹਾਂ ਨੂੰ ਪਾਇਆ ਅਤੇ ਲੱਖਾਂ ਲੋਕਾਂ ਨੂੰ ਸਿੱਧੇ ਰਸਤੇ ਪਾ ਕੇ ਗੁਰੂ ਘਰ ਨਾਲ ਜ਼ੋੜਿਆ ਅਤੇ ਇਸੇ ਤਰ੍ਹਾਂ ਧੰਨ—ਧੰਨ ਬਾਬਾ ਕੁੰਦਨ ਸਿੰਘ ਜੀ, ਧੰਨ—ਧੰਨ ਬਾਬਾ ਈਸ਼ਰ ਸਿੰਘ ਜੀ ਨੇ ਵੀ ਲੋਕਾਂ, ਲੋਕਾਂ ਨੂੰ ਗੁਰੂ ਘਰ ਨਾਲ ਜ਼ੋੜਿਆ, ਸਾਨੂੰ ਇਨ੍ਹਾਂ ਵੱਲੋਂ ਕੀਤੀ ਹੋਈ ਤਪਸਿਆ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਇਸ ਮੌਕੇ ਤੇ ਬਾਬਾ ਜੀ ਦੇ ਸੇਵਾਦਾਰ ਭਾਈ ਬੂਟਾ ਸਿੰਘ, ਬਾਬਾ ਗੁਰਪ੍ਰੀਤ ਸਿੰਘ ਗੋਰਾ, ਲਵਪ੍ਰੀਤ ਸਿੰਘ, ਮਨਜੀਤ ਸਿੰਘ, ਬਾਬਾ ਦਿਲਬਾਗ ਸਿੰਘ ਤੋਂ ਇਲਾਵਾ ਗੁਰਦੁਆਰਾ ਠਾਠ ਨਾਨਕਸਰ ਗੋਬਿੰਦ ਨਗਰ ਦੇ ਹਜ਼ੂਰੀ ਵਜੀਰ ਜ਼ਸਵੰਤ ਸਿੰਘ ਜੱਗਾ ਵੀ ਹਾਜ਼ਰ ਸਨ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਏ ਗਏ।

## ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ

# ਲੰਗਰ ਹਾਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਅਤੇ ਸੇਵਾ ਅਰੰਭੀ ਗਈ






ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਸ੍ਰੀ ਗੋਇੰਦਵਾਲ ਸਾਹਿਬ ਵਿਖੇ ਲੰਗਰ ਹਾਲ ਦੀ ਨਵੀਂ ਇਮਾਰਤ ਦਾ ਨੀਂਹ ਪੱਥਰ ਰੱਖਿਆ ਗਿਆ ਅਤੇ ਸੇਵਾ ਅਰੰਭੀ ਗਈ। ਲੰਗਰ ਹਾਲ ਦੀ ਇਹ ਇਮਾਰਤ ਸਤੰਬਰ ਮਹੀਨੇ ਸ੍ਰੀ ਗੁਰੂ ਅਮਰਦਾਸ ਜੀ ਦੇ 450ਵੇਂ ਜੋਤੀ ਜੋਤਿ ਦਿਵਸ ਦੇ ਸ਼ਤਾਬਦੀ ਸਮਾਗਮਾਂ ਤੱਕ ਸੰਗਤ ਅਰਪਣ ਕਰਨ ਦਾ ਟੀਚਾ ਰੱਖਿਆ ਗਿਆ ਹੈ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਿਲੋਂ ਇਹ ਸੇਵਾ ਬਾਬਾ ਕਸ਼ਮੀਰ ਸਿੰਘ ਕਾਰ ਸੇਵਾ ਭੂਰੀ ਵਾਲਿਆਂ ਰਾਹੀਂ ਕਰਵਾਈ ਜਾ ਰਹੀ ਹੈ। ਕਾਰ ਸੇਵਾ ਦੀ ਅਰੰਭਤਾ ਮੌਕੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਸੁਲਤਾਨ ਸਿੰਘ, ਪ੍ਰਧਾਨ ਸ਼੍ਰੋਮਣੀ ਕਮੇਟੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਜੂਨੀਅਰ ਮੀਤ ਪ੍ਰਧਾਨ ਸ. ਗਰਬਖ਼ਸ਼ ਸਿੰਘ ਖ਼ਾਲਸਾ, ਜਨਰਲ ਸਕੱਤਰ ਭਾਈ ਰਜਿੰਦਰ ਸਿੰਘ ਮਹਿਤਾ, ਮੈਂਬਰ ਸ. ਸੁਰਜੀਤ ਸਿੰਘ ਭਿੱਟੇਵੱਡ, ਸ. ਬਾਵਾ ਸਿੰਘ ਗੁਮਾਨਪੁਰਾ, ਸ. ਅਮਰਜੀਤ ਸਿੰਘ ਬੰਡਾਲਾ, ਬੀਬੀ ਗੁਰਿੰਦਰ ਕੌਰ ਭੁਲੋਵਾਲ, ਸ. ਗੁਰਮੀਤ ਸਿੰਘ ਬੂਹ, ਸ. ਜਸਵੰਤ ਸਿੰਘ ਪੁੜੈਣ, ਮੈਂਬਰ ਧਰਮ ਪ੍ਰਚਾਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਸਕੱਤਰ ਸ. ਪ੍ਰਤਾਪ ਸਿੰਘ, ਓਐੱਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਧਰਮ ਪ੍ਰਚਾਰ ਸ. ਬਲਵਿੰਦਰ ਸਿੰਘ ਕਾਹਲਵਾਂ ਤੇ ਮੈਨੇਜਰ ਗੁਰਾ ਸਿੰਘ ਮੌਜੂਦ ਸਨ।



ਪੰਜਾਬ ਦੀ ਆਵਾਜ਼ ਅਤੇ ਅੱਜ ਦੇ ਹਾਲਾਤ ਨੂੰ ਮਹਿਸੂਸ ਕਰਦਿਆਂ ਹਲਕਾ ਬੁਢਲਾਡਾ ਤੋਂ ਆਪ ਦੇ ਮੌਜੂਦਾ ਐਮ. ਸੀ. ਵਾਰਡ ਨੰਬਰ 4 ਜਗਤਾਰ ਸਿੰਘ ਤਾਰੀ ਅਤੇ ਵਾਰਡ ਨੰਬਰ 5 ਤੋਂ ਬਿੰਦਰ ਸਿੰਘ ਬਿੰਦਰੀ ਆਮ ਆਦਮੀ ਪਾਰਟੀ ਛੱਡ ਪੰਜਾਬ ਦੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਵਿੱਚ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਜੀ ਬਾਦਲ ਦੀ ਹਾਜ਼ਰੀ ਵਿੱਚ ਸ਼ਾਮਲ ਹੋਏ। ਪਾਰਟੀ ਵਿੱਚ ਜੀ ਆਇਆਂ ਨੂੰ ਆਖਦਿਆਂ ਪ੍ਰਧਾਨ ਜੀ ਨੇ ਸੁਨਿਸ਼ਚਿਤ ਕੀਤਾ ਕਿ ਸ਼ਾਮਿਲ ਹੋਏ ਸਾਥੀਆਂ ਨੂੰ ਬਣਦਾ ਸਤਿਕਾਰ ਦਿੱਤਾ ਜਾਵੇਗਾ। (ਫੋਟੋ : ਆਵਾਜ਼ਿ ਕੌਮ ਬਿਊਰੋ)

## ਪਾਵਨ ਸਰੂਪਾਂ ਨੂੰ ਸੂਚੀਬੱਧ ਕਰਨ ਲਈ ਕਿਊ.ਆਰ. ਕੋਡ ਲਗਾ ਕੇ ਹੋਵੇਗੀ ਛਪਾਈ- ਐਡਵੋਕੇਟ ਧਾਮੀ

# ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀਆਂ ਤਿੰਨ ਸਰਾਵਾਂ ਨੂੰ ਦੋ ਮੰਜ਼ਲ ਹੋਰ ਵਧਾਇਆ ਜਾਵੇਗਾ

**ਅੰਮ੍ਰਿਤਸਰ, 14 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਇਕੱਤਰਤਾ ਅੱਜ ਗੁਰਦੁਆਰਾ ਸ੍ਰੀ ਬਾਉਲੀ ਸਾਹਿਬ ਵਿਖੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਕਈ ਅਹਿਮ ਫੈਸਲੇ ਲਏ ਗਏ। ਇਕੱਤਰਤਾ ਮਗਰੋਂ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਐਡਵੋਕੇਟ ਧਾਮੀ ਨੇ ਦੱਸਿਆ ਕਿ ਅੰਤ੍ਰਿੰਗ ਕਮੇਟੀ ਵੱਲੋਂ ਆਉਣ ਵਾਲੀਆਂ ਸ਼ਤਾਬਦੀਆਂ ਦੀ ਰੂਪ-ਰੇਖਾ ਉਲੀਕਣ ਦੇ ਨਾਲ-ਨਾਲ ਕਈ ਹੋਰ ਫੈਸਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਅੱਗੇ ਤੋਂ ਪਾਵਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਪਾਈ ਸਮੇਂ ਨਵੀਂ ਤਕਨੀਕ ਅਨੁਸਾਰ ਕਿਊ.ਆਰ.ਕੋਡ ਲਗਾ ਕੇ ਗਿਣਤੀ ਅਤੇ ਹੋਰ ਜਾਣਕਾਰੀਆਂ ਨੂੰ ਸੂਚੀਬੱਧ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪਹਿਲਾਂ ਤੋਂ ਗੁਰਦੁਆਰਾ ਸਾਹਿਬਾਨ ਵਿਚ ਸੁਸ਼ੋਭਿਤ ਅਤੇ ਸੰਗਤਾਂ ਪਾਸ ਮੌਜੂਦ ਪਾਵਨ ਸਰੂਪਾਂ ਨੂੰ ਵੀ ਇਸ ਵਿਧੀ ਨਾਲ ਜੋੜਨ ਦੇ ਯਤਨ ਕੀਤੇ ਜਾਣਗੇ। ਉਨ੍ਹਾਂ ਹੋਰ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਅਤੇ ਇਸ ਨਾਲ ਸਬੰਧਤ ਅਦਾਰਿਆਂ ਦੇ ਮੁਲਾਜ਼ਮਾਂ ਨੂੰ ਪੂਰੀ ਸਰਵਿਸ ਦੌਰਾਨ 2 ਸਾਲ ਤੱਕ ਦੀ ਹੀ ਵਿਦੇਸ਼ ਛੁੱਟੀ ਦਿੱਤੀ ਜਾਵੇਗੀ। ਐਡਵੋਕੇਟ ਧਾਮੀ ਨੇ ਦੱਸਿਆ ਕਿ ਸ਼੍ਰੋਮਣੀ ਕਮੇਟੀ ਵੱਲੋਂ ਆਈਏਐਸ, ਆਈਪੀਐਸ, ਪੀਸੀਐਸ ਆਦਿ ਮੁਕਾਬਲਾ ਪ੍ਰੀਖਿਆਵਾਂ ਲਈ ਸਿੱਖ ਨੌਜੁਆਨਾਂ ਨੂੰ ਤਿਆਰ ਕਰਨ ਲਈ ਚਲਾਈ ਜਾ ਰਹੀ ਨਿਸ਼ਚੈ ਅਕੈਡਮੀ ਲਈ ਇਕ ਵਿਸ਼ਾਲ ਇਮਾਰਤ ਬਣਾਉਣ ਦਾ ਵੀ ਫੈਸਲਾ ਕੀਤਾ ਗਿਆ ਹੈ। ਇਹ ਇਮਾਰਤ ਗੁਰਦੁਆਰਾ ਬਾਗ ਸ਼ਹੀਦਾਂ ਸੈਕਟਰ 44 ਚੰਡੀਗੜ੍ਹ ਵਿਖੇ ਤਿਆਰ ਕੀਤੀ ਜਾਵੇਗੀ, ਜਿਸ ਲਈ ਮੁੱਢਲੇ ਤੌਰ 'ਤੇ 6.50 ਕਰੋੜ ਰੁਪਏ ਦੀ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤ ਦੀ ਰਿਹਾਇਸ਼ ਦੇ ਵਿਸਥਾਰ ਲਈ ਪਹਿਲਾਂ ਚੱਲ ਰਹੀਆਂ ਤਿੰਨ ਸਰਾਵਾਂ ਦੀਆਂ ਦੋ-ਦੋ ਮੰਜ਼ਲਾਂ ਹੋਰ ਤਿਆਰ ਕੀਤੀਆਂ ਜਾਣਗੀਆਂ। ਐਡਵੋਕੇਟ ਧਾਮੀ ਨੇ ਇਸ ਮੌਕੇ 325ਵੇਂ ਖ਼ਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਸੰਗਤ ਨੂੰ ਅਪੀਲ ਕੀਤੀ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਮੁਤਾਬਕ ਹਰ ਸਿੱਖ ਆਪਣੇ ਘਰ 'ਤੇ ਖਾਲਸਈ ਝੰਡਾ ਜ਼ਰੂਰ ਝੁਲਾਵੇ। ਉਨ੍ਹਾਂ ਕਿਹਾ ਕਿ ਭਾਵੇਂ ਲੰਘੇ ਕੱਲ੍ਹ ਖਾਲਸਾ ਸਾਜਣਾ ਦਿਵਸ ਮਨਾਇਆ ਜਾ ਚੁੱਕਾ ਹੈ, ਪਰ ਕੌਮੀ ਸਮਰਪਣ ਦਾ ਅਹਿਸਾਸ ਕਰਦਿਆਂ ਹਰ ਸਿੱਖ ਪੂਰਾ ਅਪ੍ਰੈਲ ਮਹੀਨਾ ਆਪਣੇ ਘਰ 'ਤੇ ਖਾਲਸਈ ਨਿਸ਼ਾਨ ਜ਼ਰੂਰ ਝੁਲਾ ਕੇ ਰੱਖੇ।



ਇਕੱਤਰਤਾ 'ਚ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਹਰਭਜਨ ਸਿੰਘ ਮਸਾਣਾ, ਜੂਨੀਅਰ ਮੀਤ ਪ੍ਰਧਾਨ ਭਾਈ ਗੁਰਬਖ਼ਸ਼ ਸਿੰਘ ਖਾਲਸਾ, ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਅੰਤ੍ਰਿੰਗ ਮੈਂਬਰ ਸ. ਮੋਹਨ ਸਿੰਘ ਬੰਗੀ, ਸ. ਰਘਬੀਰ ਸਿੰਘ ਸਹਾਰਨਮਾਜਰਾ, ਸ. ਖੁਸ਼ਵਿੰਦਰ ਸਿੰਘ ਭਾਟੀਆ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਜਸਮੇਰ ਸਿੰਘ ਲਾਛੜੂ, ਸ. ਇੰਦਰਮੋਹਨ ਸਿੰਘ ਲਖਮੀਰਵਾਲਾ, ਸ. ਜਸਵੰਤ ਸਿੰਘ ਪੁੜੈਣ, ਬੀਬੀ ਮਲਕੀਤ ਕੌਰ ਕਮਾਲਪੁਰ, ਬੀਬੀ ਹਰਦੀਪ ਕੌਰ ਖੋਖ, ਬੀਬੀ ਜਸਪਾਲ ਕੌਰ, ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਸੁਖਮਿੰਦਰ ਸਿੰਘ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਤੇਜਿੰਦਰ ਸਿੰਘ ਪੱਡਾ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਹਰਭਜਨ ਸਿੰਘ ਵਕਤਾ, ਐਕਸੀਅਨ ਸ. ਸੁਖਜਿੰਦਰ ਸਿੰਘ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਇੰਚਾਰਜ ਸ. ਅਜ਼ਾਦਦੀਪ ਸਿੰਘ, ਸ. ਤਰਸੇਮ ਸਿੰਘ, ਸ. ਪਰਜਿੰਦਰ ਸਿੰਘ, ਸ. ਗੁਰਮੇਜ ਸਿੰਘ ਤੇ ਹੋਰ ਮੌਜੂਦ ਸਨ।

# ਰਾਮਗੜ੍ਹੀਆ ਭਾਈਚਾਰੇ ਤੋਂ ਸਮਾਜ ਦੇ ਇਕੱਠ ਵਿਚ ਲਾਲਾਜੀਤ ਭੁੱਲਰ ਮੰਗੇ ਮੁਆਫੀ—ਮਨਜੀਤ ਸਿੰਘ ਔਲਖ



ਫ਼ਿਰੋਜ਼ਪੁਰ, 14 ਅਪ੍ਰੈਲ (ਮਨੋਹਰ ਲਾਲ) :— ਪੰਜਾਬ ਗੁਰੂਆਂ ਪੀਰਾਂ ਦੀ ਧਰਤੀ ਹੈ, ਜਿੱਥੇ ਹਰ ਧਰਮ ਦੇ ਲੋਕ ਆਪਸੀ ਭਾਈਚਾਰਕ ਸਾਂਝਾਂ ਨੂੰ ਮਜ਼ਬੂਤ ਕਰਕੇ ਰਹਿ ਰਹੇ ਹਨ ਅਤੇ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਬਹੁਮਤ ਨਾਲ ਜਿਤਾਇਆ ਹੁਣ ਇਸ ਪਾਰਟੀ ਦੇ ਵਜ਼ੀਰਾ ਨੂੰ ਆਮ ਬਰਾਦਰੀਆਂ ਮਾੜੀਆਂ ਜਾਪਣ ਲੱਗ ਪਈਆ ਹਨ। ਇਹ ਵਿਚਾਰ ਸਾਂਝੇ ਕਰਦਿਆਂ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਜ਼ੀਰ ਲਾਲਜੀਤ ਸਿੰਘ ਭੁੱਲਰ ਮੰਤਰੀ ਨੇ ਜੋ ਬਿਆਨ ਦਿੱਤਾ ਹੈ ਕਿ ਮੈਂ ਗੁੱਲੀਘੱੜ ਨਹੀਂ ਇਹੋ ਜਿਹੇ ਬੇਤੁਕੇ ਬਿਆਨ ਦੇਣ ਤੋਂ ਪਹਿਲਾਂ ਇਹ ਮੰਤਰੀ ਇਸ ਰਾਮਗੜ੍ਹੀਆ ਕੌਮ ਦੇ ਇਤਿਹਾਸ ਨੂੰ ਚੰਗੀ ਤਰ੍ਹਾਂ ਸਮਝ ਲਵੇ, ਇਸ ਕੌਮ ਦੇ ਯੋਧਿਆਂ ਦਾ ਇਤਿਹਾਸ ਸੁਣ ਕੇ ਫਿਰ ਦੱਸੇ ਇਸ ਕੌਮ ਦੀਆਂ ਕੁਰਬਾਨੀਆਂ ਕਿੰਨੀਆਂ ਹਨ। ਸ੍ਰੀ ਮਨਜੀਤ ਸਿੰਘ ਔਲਖ ਨੇ ਕਿਹਾ ਕਿ ਇਹ ਮੰਤਰੀ ਆਪਣੀ ਕੌਮ ਦੀਆਂ ਕੁਰਬਾਨੀਆਂ ਦੱਸੇ ਫਿਰ ਆਵਦੇ ਆਪ ਨੂੰ ਮਹਾਨ ਦੱਸੇ ਜੇ ਭੁੱਲਰ ਨੂੰ ਦੂਜੀਆਂ ਜਾਤਾਂ ਕਮਜ਼ੋਰ ਮਾੜੀਆਂ ਲੱਗਦੀਆਂ ਹਨ ਤਾਂ ਵੋਟਾਂ ਆਪਣੀ ਬਰਾਦਰੀ ਤੋਂ ਘਰ ਬੈਠਾ ਪਵਾ ਕੇ ਸਰਕਾਰ ਬਣਾ ਲਵੇ ਫਿਰ ਕਿਉਂ ਕਮਜ਼ੋਰ ਬਰਾਦਰੀਆਂ ਦੀਆਂ ਮਿੰਨਤਾਂ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਲਾਲਜੀਤ ਭੁੱਲਰ ਆਪਣੇ ਵੱਡੇ ਵਡੇਰਿਆਂ ਨੂੰ ਪੁੱਛੇ ਕੇ ਗੁੱਲੀਘੜਾ ਦਾ ਇਤਿਹਾਸ ਕੀ ਇਹ ਕੌਮ ਗੁਰੂ ਨਾਨਕ ਸਾਹਿਬ ਜੀ ਤੋਂ ਵਰੋਸਾਏ ਹਨ, ਗੁਰੂ ਨਾਨਕ ਜੀ ਨੇ ਭਾਈ ਲਾਲੋ ਦੇ ਹੱਕ ਸੱਚ ਦੀ ਕਮਾਈ ਨੂੰ ਕਿਰਤ ਕਮਾਈ ਦੀ ਦੱਸ ਕੇ ਰਾਜੇ ਦਾ ਹੰਕਾਰ ਭੰਨਿਆ ਸੀ, ਇਸ ਕੌਮ ਦੇ ਵੱਡੇ ਵਡੇਰਿਆ ਨੇ ਗੁਰੂਆਂ ਦੇ ਦਾਸ ਬਣਕੇ ਸੇਵਾ ਕੀਤੀਆਂ, ਜੰਗਾਂ ਯੁੱਧਾਂ ਵਿਚ ਵਰਤੇ ਜਾਂਦੇ ਹਥਿਆਰ ਬਣਾਉਣ ਦੀਆਂ ਸੇਵਾਵਾਂ ਨਿਭਾਈਆਂ, ਇਹ ਕੌਮ ਰਾਜਿਆਂ ਦੀ ਅਤੇ ਯੋਧਿਆਂ ਦੀ ਕੌਮ ਹੈ ਜਿਸ ਵਿਚ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਜਿਸ ਨੇ ਦਿੱਲੀ ਦਾ ਤਖਤੋ ਤਾਜ਼ ਪੁੱਟਕੇ ਲਿਆ ਕੇ ਗੁਰੂ ਰਾਮਦਾਸ ਦੇ ਚਰਨਾਂ ਚ ਰੱਖਤਾ ਸੀ। ਉਨ੍ਹਾਂ ਕਿਹਾ ਕਿ ਹੰਕਾਰੀ ਮੱਸੇ ਰੰਗੜ ਦਾ ਸਿਰ ਲਾਹੁਣ ਵਾਲਾ ਸਰਦਾਰ ਸੁੱਖਾ ਸਿੰਘ ਰਾਮਗੜ੍ਹੀਆ ਸੀ ਬਲਵਿੰਦਰ ਸਿੰਘ ਜਟਾਨਾ ਰਾਮਗੜ੍ਹੀਆ ਸੀ ਜੇ ਬਰੀਕੀ ਨਾਲ ਇਸ ਕੌਮ ਦਾ ਇਤਿਹਾਸ ਪਤਾ ਲੱਗ ਗਿਆ ਤਾਂ ਭੁੱਲਰ ਸਾਹਬ ਕਈ ਦਿਨ ਨੀਂਦ ਨਹੀਂ ਆਉਣੀ ਕਿਸ ਕੌਮ ਨੂੰ ਮਾੜਾਂ ਬੋਲ ਰਿਹਾ ਜਿਹੜਾ ਸੂਰੀ ਰੋਜ ਸਿੱਖਾਂ ਬਾਰੇ ਭੌਂਕਦਾ ਸੀ ਉਸਨੂੰ ਵੀ ਸੋਧਾ ਲਾਉਣ ਵਾਲਾ ਭਾਈ ਸੰਦੀਪ ਸਿੰਘ ਰਾਮਗੜ੍ਹੀਆ ਸੀ ਉਹ ਵੀ ਇਸੇ ਕੌਮ ਦਾ ਹੀ ਯੋਧਾ ਸੀ। ਜਥੇਬੰਦੀ ਦੇ ਆਗੂ ਮਨਜੀਤ ਸਿੰਘ ਔਲਖ ਨੇ ਕਿਹਾ ਕਿ ਲਾਲਜੀਤ ਭੁੱਲਰ ਅੰਦਰ ਵੜਕੇ ਮਾਫ਼ੀ ਨਾਲ ਕੁਝ ਨਹੀਂ ਬਣਨਾਂ ਜਿਵੇਂ ਸਟੇਜ ਤੋਂ ਰਾਮਗੜ੍ਹੀਆ ਕੌਮ ਨੂੰ ਮਾੜਾਂ ਬੋਲਿਆਂ ਸੀ ਉਵੇਂ ਸਟੇਜ ਤੋਂ ਮਾਫ਼ੀ ਰਾਮਗੜ੍ਹੀਆ ਸਮਾਜ ਤੋਂ ਮਾਫ਼ੀ ਮੰਗੇ ਤੇ ਜੇ ਹੰਕਾਰ ਵਿੱਚ ਰਿਹਾ ਇਹ ਤੂੰ ਮਤ ਸੋਚੀ ਕੀ ਰਾਮਗੜ੍ਹੀਆ ਕੌਮ ਤੇਰੇ ਦਿੱਤੇ ਬਿਆਨ ਨੂੰ ਭੁੱਲ ਜਾਵੇਗੀ, ਇਨ੍ਹਾਂ ਦੀ ਘੜ ਕੇ ਠੋਕੀ ਗੁੱਲੀ ਤੇਰੇ ਤੋਂ ਪੁੱਟੀ ਨਹੀਂ ਜਾਣੀ। ਉਨ੍ਹਾਂ ਕਿਹਾ ਕਿ ਲਾਲਜੀਤ ਭੁੱਲਰ ਦੀ ਗ਼ਲਤ ਬਿਆਨਬਾਜ਼ੀ ਨਾਲ ਪੂਰੇ ਪੰਜਾਬ ਦੇ ਰਾਮਗੜ੍ਹੀਆ ਭਾਈਚਾਰੇ ਵਿੱਚ ਗੁੱਸਾ ਇਸ ਦਾ ਖਮਿਆਜ਼ਾ ਪੂਰੀ ਪਾਰਟੀ ਨੂੰ ਨਾ ਭੁਗਤਣਾ ਪਵੇ ਅਤੇ ਜੇਕਰ ਮੁਆਫ਼ੀ ਨਾਂ ਮੰਗੀ ਹਰ ਸ਼ਹਿਰ ਵਿੱਚ ਪੁਤਲੇ ਫੂਕੇ ਜਾਣਗੇ, ਵਿਰੋਧ ਕੀਤਾ ਜਾਵੇਗਾ ਛੇਤੀ ਹੀ ਪੰਜਾਬ ਲੈਵਲ ਦੀ ਰਾਮਗੜ੍ਹੀਆ ਭਾਈਚਾਰੇ ਦੀ ਮੀਟਿੰਗ ਸੱਦ ਕੇ 2024 ਦੇ ਐਮ.ਪੀ ਇਲੈਕਸ਼ਨ ਵਿਚ ਪਾਰਟੀ ਦਾ ਬਾਈਕਾਟ ਕੀਤਾ ਜਾਵੇਗਾ। ਇਸ ਮੌਕੇ ਭਗਵਾਨ ਸਿੰਘ ਦੜਿਆਲਾ ਕੌਮੀ ਚੈਅਰਮੈਨ ਪੰਜਾਬ ਭਾਰਤ, ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ ਫਿਰੋਜ਼ਪੁਰ, ਜਸਵੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਕਰਮਜੀਤ ਸਿੰਘ ਸਰਾ ਮੀਤ ਪ੍ਰਧਾਨ ਪੰਜਾਬ, ਸ਼ਮਸ਼ੇਰ ਸਿੰਘ ਕਲਸੀ ਮੀਤ ਪ੍ਰਧਾਨ ਪੰਜਾਬ, ਸਮਿੰਦਰ ਸਿੰਘ ਚਾਨਾ ਮੁਕਤਸਰ ਸਾਹਿਬ, ਬਲਵਿੰਦਰ ਸਿੰਘ ਖੋਖਰ, ਜਸਵਿੰਦਰ ਸਿੰਘ ਬਲਮਗੜ੍ਹ, ਗੁਰਦੀਪ ਸਿੰਘ ਲੰਬੀ, ਅੰਗਰੇਜ਼ ਸਿੰਘ ਫੌਜੀ ਵਾਇਸ ਚੇਅਰਮੈਨ ਪੰਜਾਬ, ਸਰਬਜੀਤ ਸਿੰਘ ਜੱਬਲ ਮੀਤ ਪ੍ਰਧਾਨ ਪੰਜਾਬ, ਸੁਖਚੈਨ ਸਿੰਘ ਖਾਲਸਾ, ਜਸਵਿੰਦਰ ਸਿੰਘ ਰਿੱਕੂ ਚੈਅਰਮੈਨ ਜ਼ਿਲਾਂ ਫਿਰੋਜ਼ਪੁਰ, ਸੁਖਵਿੰਦਰ ਸਿੰਘ ਹਲਕਾ ਇੰਚਾਰਜ ਜੀਰਾ, ਲਖਵੀਰ ਸਿੰਘ ਡੋਡ ਜ਼ਿਲਾ ਪ੍ਰਧਾਨ ਫਰੀਦਕੋਟ, ਗੁਰਸੇਵਕ ਸਿੰਘ ਹਲਕਾ ਇੰਚਾਰਜ ਗੁਰੂਹਰਸਹਾਏ, ਸੁਰਜੀਤ ਸਿੰਘ ਸੱਗੂ, ਪ੍ਰਦੀਪ ਸਿੰਘ ਭੁੱਲਰ ਮੀਤ ਪ੍ਰਧਾਨ ਪੰਜਾਬ, ਰਾਣਾ ਜਲਾਲਾਬਾਦ ਆਦਿ ਆਗੂ ਦੇ ਮਨਾਂ ਵਿੱਚ ਭਾਰੀ ਰੋਸ ਹੈ।

## ਗੁਰਦੁਆਰਾ ਭਾਈ ਘਨ੍ਹਈਆ ਜੀ ਤੋਂ ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ 21ਵਾਂ ਵਿਸ਼ਾਲ ਨਗਰ ਕੀਰਤਨ ਪਹੁੰਚਿਆ

# ਗੁਰਦੁਆਰਾ ਜੋਤੀਸਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਭਰਵਾਂ ਸਵਾਗਤ



**ਜੰਡਿਆਲਾ ਗੁਰੂ 14 ਅਪ੍ਰੈਲ ( ਕੁਲਵੰਤ ਸਿੰਘ ਵਿਰਦੀ )**-ਦਸਮੇਸ਼ ਪਿਤਾ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਪਾਵਨ ਧਰਤੀ ਸ੍ਰੀ ਆਨੰਦਪੁਰ ਸਾਹਿਬ ਵਿਖੇ ਸਥਿਤ ਗੁਰਦੁਆਰਾ ਕੇਸਗੜ੍ਹ ਸਾਹਿਬ ਵਿਖੇ ਵਿਸਾਖੀ ਵਾਲੇ ਦਿਨ ਖ਼ਾਲਸੇ ਪੰਥ ਦੀ ਸਿਰਜਣਾ ਕੀਤੀ ਅਤੇ ਖ਼ਾਲਸੇ ਦਾ ਸਥਾਪਨਾ ਦਿਵਸ ਤੇ ਵਿਸਾਖੀ ਦਿਹਾੜਾ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਗੁਰੂ ਨਾਨਕ ਲੇਵਾ ਸੰਗਤਾਂ ਵੱਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੇ ਚੱਲਦਿਆਂ ਬੀਤੇ ਦਿਨ 13 ਅਪ੍ਰੈਲ ਨੂੰ ਖਾਲਸਾ ਸਾਜਨਾ ਦਿਵਸ 325 ਵੀਂ ਵਿਸਾਖੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਭਾਈ ਘਨ੍ਹਈਆ ਜੀ ਬਜ਼ਾਰ ਕਸ਼ਮੀਰੀਆਂ ਸੇਖਫਤਾ ਗੇਟ ਜੰਡਿਆਲਾ ਗੁਰੂ ਵਿਖੇ ਪ੍ਰਧਾਨ ਭਾਈ ਦੀਪ ਸਿੰਘ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਨਗਰ ਕੀਰਤਨ ਸਜਾਇਆ ਜਾਂਦਾ ਹੈ ਅਤੇ ਇਸ ਸਾਲ ਵੀ 21ਵਾਂ ਨਗਰ ਕੀਰਤਨ ਫੁੱਲਾਂ ਨਾਲ ਸੱਜੀ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਤੇ ਪੰਜਾਂ ਪਿਆਰਿਆਂ ਦੀ ਅਗਵਾਈ ਵਿੱਚ ਵਿਸ਼ਾਲ ਨਗਰ ਕੀਰਤਨ ਜੈਕਾਰਿਆਂ ਦੀ ਗੂੰਜ ਨਾਲ ਸਜਾਇਆ ਗਿਆ। ਨਗਰ ਕੀਤਰਨ ਵਿੱਚ ਸੰਗਤਾਂ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਜਾਪ ਕੀਤੇ ਗਏ ਅਤੇ ਨਗਰ ਕੀਰਤਨ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਵਿੱਚੋਂ ਅਤੇ ਵੱਖ ਵੱਖ ਪੜਾਵਾਂ ਤੋਂ ਹੁੰਦਾ ਹੋਇਆ ਤੱਪ ਅਸਥਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਗੁਰਦੁਆਰਾ ਜੋਤੀਸਰ ਕਲੋਨੀ ਵਿਖੇ ਪਹੁੰਚਿਆ ਜਿਥੇ ਗੁਰਦੁਆਰਾ ਜੋਤੀਸਰ ਜੰਡਿਆਲਾ ਗੁਰੂ ਅਤੇ ਜੋਤੀਸਰ ਸ਼ਿਮਲੇ ਦੇ ਮੁੱਖ ਸੇਵਾਦਾਰ ਬਾਬਾ ਸੁੱਖਾ ਸਿੰਘ ਜੀ ਵੱਲੋਂ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਗਿਆ ਜਿਸ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਜੀ ਭੇਟ ਕੀਤਾ ਅਤੇ ਪੰਜਾਂ ਪਿਆਰਿਆਂ ਨੂੰ ਸਿਰੋਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਅਤੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਪ੍ਰਧਾਨ ਭਾਈ ਦੀਪ ਸਿੰਘ ਜੀ ਨੂੰ ਸਿਰੋਪਾਓ ਪਾ ਕਿ ਸਨਮਾਨਿਤ ਕੀਤਾ ਗਿਆ ਅਤੇ ਨਗਰ ਕੀਰਤਨ ਵਿੱਚ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ ਨਗਰ ਕੀਰਤਨ ਵਿੱਚ ਗਤਕਾ ਅਖਾੜੇ ਦੇ ਸਿੰਘਾਂ ਵੱਲੋਂ ਗਤਕੇ ਦੇ ਜੌਹਰ ਦਿਖਾ ਕੇ ਸੰਗਤਾਂ ਨੂੰ ਸ਼ਸਤਰਾਂ ਤੋਂ ਜਾਣੂੰ ਕਰਵਾਇਆ ਇਸ ਮੌਕੇ ਬਾਬਾ ਸੁੱਖਾ ਸਿੰਘ ਜੀ ਵੱਲੋਂ ਸਮੂਹ ਦੇਸ਼ ਵਿਦੇਸ਼ ਵਿੱਚ ਵੱਸਦੀਆਂ ਸਮੂਹ ਸੰਗਤਾਂ ਨੂੰ ਖ਼ਾਲਸੇ ਪੰਥ ਦੇ ਸਥਾਪਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਅਤੇ ਬੇਨਤੀ ਕੀਤੀ ਕਿ ਆਓ ਗੁਰੂ ਵਾਲੇ ਬਣ ਕਿ ਬਾਣੀ ਬਾਣੇ ਦੇ ਧਾਰਨੀ ਹੋ ਕਿ ਆਪਣੇ ਜੀਵਨ ਨੂੰ ਸਫਲ ਬਣਾਈਏ।

## ਗੁਰਦੁਆਰਾ ਸਿੰਘ ਸਭਾ ਪਿੰਡ ਵਡਾਲੀ ਡੋਗਰਾਂ ਵਿਖੇ 10 ਵਾਂ ਗੁਰਮਤਿ ਸਮਾਗਮ ਕਰਵਾਇਆ

# 18 ਗ੍ਰੰਥੀ ਸਿੰਘਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ : ਭਾਈ ਸਾਹਿਬ ਸਿੰਘ ਸੰਧੂ

ਜੰਡਿਆਲਾ ਗੁਰੂ, 14 ਅਪ੍ਰੈਲ (ਕੁਲਵੰਤ ਸਿੰਘ ਵਿਰਦੀ ) ਸ੍ਰੀ ਗੁਰੂ ਰਾਮਦਾਸ ਸੇਵਾ ਸੁਸਾਇਟੀ ਵਡਾਲੀ ਡੋਗਰਾਂ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਜੀ ਨੇ ਦੱਸਿਆ ਕਿ ਬੀਤੇ ਦਿਨੀਂ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਪਿੰਡ ਵਡਾਲੀ ਡੋਗਰਾਂ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਰੱਬੀ ਰੂਹ ਭਾਈ ਦੀਵਾਨ ਟੋਡਰ ਮੱਲ ਜੀ ਦੀ ਪ੍ਰੇਮਾ ਭਗਤੀ ਨੂੰ ਸਮਰਪਿਤ ਸਰਬੱਤ ਦੇ ਭਲੇ ਲਈ ਦੋ ਰੋਜ਼ਾ 10 ਵਾਂ ਗੁਰਮੀਤ ਸਮਾਗਮ ਕਰਵਾਇਆ ਗਿਆ ਜਿਸ ਵਿੱਚ 6 ਅਪ੍ਰੈਲ ਦਿਨ ਸ਼ਨੀਵਾਰ 7 ਅਪ੍ਰੈਲ ਦਿਨ ਐਤਵਾਰ ਨੂੰ ਸਵੇਰੇ ਅੰਮ੍ਰਿਤ ਵੇਲੇ ਬੀਬੀਆਂ ਵੱਲੋਂ ਬੇਅੰਤ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ ਇਸ ਉਪਰੰਤ ਗੁਰਦੁਆਰਾ ਸਾਹਿਬ ਜੀ ਦੇ ਸਜਾਏ ਗਏ ਖੁਲ੍ਹੇ ਪੰਡਾਲ ਵਿੱਚ ਦੀਵਾਨ ਸਜਾਏ ਗਏ ਇਸ ਗੁਰਮਤਿ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚੇ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਜੀ ਸਭਰਾ ਇਸ ਉਪਰੰਤ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਜੀ ਸਭਰਾ ਗੁਰਦੁਆਰਾ ਸ਼ਹੀਦ ਗੰਜ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਖਿਆ ਕਿ ਸਿੱਖ ਕੌਮ ਨੂੰ ਸਮਰਪਿਤ ਹੈ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ , ਦੱਸਿਆ ਸੀ ਇਕ ਮਹੀਨੇ ਚ ਇਕ ਸਮਾਗਮ ਕਰਵਾਉਣਾ ਵੀ ਬਹੁਤ ਵੱਡੀ ਗੱਲ ਆ ਅੱਗੇ ਉਨ੍ਹਾ ਕਿਹਾ ਕਿ ਹੋਰ ਵੀ ਸਭਾ ਸੁਸਾਇਟੀਆ ਨੂੰ ਗੁਰੂ ਘਰ ਦੇ ਗ੍ਰੰਥੀ ਸਿੰਘਾ ਦਾ ਸਨਮਾਨ ਕਰਨਾ ਚਾਹੀਦਾ ਹੈ ਅਤੇ ਕਥਾਵਾਚਕ ਭਾਈ ਮਲਕੀਤ ਸਿੰਘ ਜੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੀ ਬਾਣੀ ਨਾਲ ਪ੍ਰੇਮ ਕਰਦਿਆਂ ਹੋਇਆਂ , ਅੰਮ੍ਰਿਤ ਛਕੋ, ਗੁਰੂ ਵਾਲੇ ਬਣੋ ਲਈ ਪ੍ਰੇਰਿਤ ਕੀਤਾ, ਅਤੇ ਸੰਤ ਬਾਬਾ ਅਮਨਦੀਪ ਸਿੰਘ ਜੀ ਡੇਰਾ ਬਾਬਾ ਅਮੀਰ ਸਿੰਘ ਜੀ ਸ਼ਹੀਦ ਭਾਈ ਮਨੀ ਸਿੰਘ ਜੀ ਟਕਸਾਲ ਦੇ ਮੁਖੀ ਵੱਲੋਂ ਕਥਾ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ ਇਸ ਮੌਕੇ ਤੇ ਟਕਸਾਲੀ ਮੁਖੀ ਸੰਤ ਬਾਬਾ ਅਮਰਦੀਪ ਸਿੰਘ ਜੀ ਨੇ ਕਿਹਾ ਕਿ ਸਾਨੂੰ ਗ੍ਰੰਥੀ ਸਿੰਘਾਂ ਦਾ ਸਨਮਾਨ ਕਰਨਾ ਚਾਹੀਦਾ ਹੈ ਕਿ ਅੱਜ ਕਲ੍ਹ ਦੁਨਿਆਂ 'ਚ ਚੰਗੇ ਗ੍ਰੰਥੀ ਸਿੰਘਾ ਦਾ ਬਣਦਾ ਮਾਨ ਸਤਿਕਾਰ ਕਰਨਾ ਬਣਦਾ ਹੈ ਅਤੇ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਦੇ ਸਾਰੇ ਕੰਮ ਕਾਰਜ਼ ਦੀ ਸ਼ਲਾਘਾ ਕੀਤੀ ਅਤੇ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ ਦੇ ਚਰਨਾਂ ਵਿੱਚ ਸੇਵਾ ਸੁਸਾਇਟੀ ਦੀ ਚੜਦੀਕਲਾ ਤੇ ਤੰਦਰੁਸਤੀ ਲਈ ਅਰਦਾਸ ਕੀਤੀ ਇਸ ਮੌਕੇ ਤੇ ਹੈੱਡ ਗ੍ਰੰਥੀ ਭਾਈ ਸੁਰਜੀਤ ਸਿੰਘ ਜੀ ਸਭਰਾ ਜੀ ਨੇ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਚਰਨਾਂ ਨਾਲ ਜੋੜਨ ਲਈ ਪ੍ਰੇਰਿਤ ਕੀਤਾ ਇਸ ਉਪਰੰਤ ਗੁਰਦੁਆਰਾ ਸਾਹਿਬ ਖਾਲਸਾ ਕਾਲਜ ਦੇ ਵਿਦਿਆਰਥੀ ਬਲਰਾਜ ਸਿੰਘ ਜੀ ਖਾਲਸਾ ਕਾਲਜ ਗੁਰੂ ਸਾਹਿਬ ਜੀ ਦੇ ਚਰਨਾਂ ਵਿਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਇਸ ਮੌਕੇ ਤੇ ਸ੍ਰੀ ਗੁਰੂ ਰਾਮਦਾਸ ਜੀ ਸੇਵਾ ਸੁਸਾਇਟੀ ਦੇ ਪ੍ਰਧਾਨ ਭਾਈ ਸਾਹਿਬ ਜੀ ਜੀ ਨੇ ਸੰਗਤਾਂ ਨੂੰ ਜੀ ਆਇਆਂ ਆਖਿਆ ਅਤੇ ਤਹਿ ਦਿਲੋਂ ਧੰਨਵਾਦ ਕੀਤਾ ਇਸ ਮੌਕੇ ਤੇ ਸੁਸਾਇਟੀ ਦੇ ਮੁੱਖ ਸੇਵਾਦਾਰ ਭਾਈ ਸਾਹਿਬ ਸਿੰਘ ਸੰਧੂ ਨੇ ਵੀ ਵਿਚਾਰ ਰੱਖੇ , ਮੀਤ ਪ੍ਰਧਾਨ ਸੰਦੀਪ ਸਿੰਘ ਮੋਜੀ , ਖਜਾਨਚੀ ਦਵਿੰਦਰਪਾਲ ਸਿੰਘ, ਜਰਨਲ ਸਕੱਤਰ ਜੋਬਨਬੀਰ ਸਿੰਘ ਵਡਾਲੀ ਸਲਾਹਕਾਰ ਹੀਰਾ ਸਿੰਘ, ਸਰਪੰਚ ਬੁੱਧ ਸਿੰਘ, ਜਸਬੀਰ ਸਿੰਘ, ਪਰਮਜੀਤ ਸਿੰਘ ਪੰਨੂ ਅੰਮ੍ਰਿਤਸਰ ਕਾਲਜਸ ਵਾਲੇ, ਬਾਬਾ ਬਘੇਲ ਸਿੰਘ, ਬਾਬਾ ਅਮਰ ਸਿੰਘ ਜੀ ਦੇ ਮੁੱਖ ਸੇਵਾਦਾਰ ਭਾਈ ਹਰਭਜਨ ਸਿੰਘ, ਬਾਬਾ ਗੁਰਨਾਮ ਸਿੰਘ, ਬਾਬਾ ਸੋਨਾ ਸਿੰਘ, ਬਾਬਾ ਲਾਲ ਸਿੰਘ, ਗੁਰਪ੍ਰੀਤ ਸਿੰਘ , ਬਿਕਰਮਜੀਤ ਸਿੰਘ, ਜਸ਼ਨਪ੍ਰੀਤ ਸਿੰਘ ਖਾਲਸਾ ਕਾਲਜ, ਰਾਜਨਪ੍ਰੀਤ ਸਿੰਘ, ਹਰਮਨਦੀਪ ਸਿੰਘ,ਬਲਰਾਜ ਸਿੰਘ, ਦਲਜੀਤ ਸਿੰਘ ਜੀਤਾ, ਬਾਬਾ ਕੰਵਲਜੀਤ ਸਿੰਘ ਨਵਾਂ ਪਿੰਡ , ਅਮਨ ਡੇਰਾ ਵਾਲਾ ,ਸੁਖਬੀਰ ਸਿੰਘ ਗੁਰਸੇਵਕ ਸਿੰਘ , ਜਸਬੀਰ ਸਿੰਘ, ਗੁਰਸੇਵਕ ਸਿੰਘ , ਸੁਸਾਇਟੀ ਦੇ ਮੈਂਬਰ ਲਖਵਿੰਦਰ ਸਿੰਘ ਅਤੇ ਹੋਰ ਨਾਮਵਰ ਸ਼ਖ਼ਸੀਅਤਾਂ ਨੇ ਇਸ ਗੁਰਮਤਿ ਸਮਾਗਮ ਵਿੱਚ ਹਾਜ਼ਰੀਆਂ ਭਰ ਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ ਇਸ ਮੌਕੇ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ।



## ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਖ਼ਾਲਸੇ ਦੀ ਸਿਰਜਨਾ ਦਿਵਸ, ਵੈਸਾਖੀ ਪੂਰਬ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਮਨਾਏ ਗਏ: ਡਾ. ਵਿਜੇ ਸਤਬੀਰ ਸਿੰਘ



ਚੌਕ ਮਹਿਤਾ 14 ਅਪ੍ਰੈਲ ,( ਬਾਬਾ ਸੁਖਵੰਤ ਸਿੰਘ ਚੰਨਣਕੇ )ਗੁਰਦੁਆਰਾ ਸੱਚਖੰਡ ਬੋਰਡ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਜੀ ਸਾਬਕਾ ਆਈ.ਏ.ਐਸ.ਨੇ ਦਸਿਆ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ 1699 ਈਸਵੀ ਦੀ ਵੈਸਾਖੀ ਵਾਲੇ ਦਿਨ ਤਖ਼ਤ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ ਵਿਖੇ ਖੰਡੇ ਬਾਟੇ ਦਾ ਅੰਮ੍ਰਿਤ ਛਕਾ ਕੇ 'ਖ਼ਾਲਸਾ ਪੰਥ' ਦੀ ਸਿਰਜਣਾ ਕੀਤੀ ਤੇ ਇਹ ਪਾਵਨ ਪੁਰਬ ਪੁਰਾਤਨ ਖਾਲਸਾਈ ਪੁਰਾਤਨ ਮਰਯਾਦਾ ਅਨੁਸਾਰ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਨਾਂਦੇੜ ਵਿਖੇ ਬੜੇ ਪਿਆਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਏ ਗਏ ।ਤਖ਼ਤ ਸਾਹਿਬ ਦੇ ਚੌਗਿਰਦੇ ਅਤੇ ਸਬੰਧਤ ਇਮਾਰਤਾਂ ਨੂੰ ਬਹੁਤ ਹੀ ਸੁੰਦਰ ਲਾਈਟਾਂ ਨਾਲ ਸਜਾਇਆ ਗਿਆ 13 ਅਪ੍ਰੈਲ ਵੈਸਾਖੀ ਪੁਰਬ ਦੇ ਸ਼ੁਭ ਦਿਨ ਤਖ਼ਤ ਸੱਚਖੰਡ ਸਾਹਿਬ ਵਿਖੇ ਮਾਨਯੋਗ ਜਥੇਦਾਰ ਸਿੰਘ ਸਾਹਿਬ ਬਾਬਾ ਕੁਲਵੰਤ ਸਿੰਘ ਜੀ, ਮੌਜੂਦਾ ਸਮੇਂ ਕਾ. ਜਥੇਦਾਰ ਵਜੋਂ ਸੇਵਾਵਾਂ ਨਿਭਾ ਰਹੇ ਸਿੰਘ ਸਾਹਿਬ ਬਾਬਾ ਰਾਮ ਸਿੰਘ ਜੀ ਧੂਪੀਆ, ਸਮੂੰਹ ਪੰਜ ਪਿਆਰੇ ਸਾਹਿਬਾਨ ਦੀ ਸਰਪ੍ਰਸਤੀ ਹੇਠ ਅੰਮ੍ਰਿਤ ਦਾ ਬਾਟਾ ਤਿਆਰ ਕੀਤਾ ਗਿਆ ਤੇ ਸੈਂਕੜੇ ਗਿਣਤੀ ਵਿੱਚ ਸੰਗਤਾਂ ਨੇ ਅੰਮ੍ਰਿਤ ਪਾਨ ਕਰਕੇ ਗੁਰੂ ਮਹਾਰਾਜ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਰਾਤ ਨੂੰ ਰਹਿਰਾਸ ਸਾਹਿਬ ਦੇ ਪਾਠ ਉਪਰੰਤ ਵਿਸ਼ੇਸ਼ ਆਤਿਸ਼ਬਾਜੀ ਕੀਤੀ ਗਈ ਅਤੇ 8.30 ਵਜੇ ਤੋਂ 12.30 ਵਜੇ ਤੱਕ ਸ੍ਰ: ਲੱਡੂ ਸਿੰਘ ਜੀ ਮਹਾਜਨ ਸਾਬਕਾ ਪ੍ਰਧਾਨ ਗੁਰਦੁਆਰਾ ਬੋਰਡ, ਸ੍ਰ: ਬਲਵੰਤ ਸਿੰਘ ਜੀ ਗਾੜੀਵਾਲੇ ਸਾਬਕਾ ਮੇਅਰ - ਸ੍ਰੀ ਦਸਮੇਸ਼ ਹਜ਼ੂਰੀ ਸੇਵਾ ਸੁਸਾਇਟੀ ਵਲੋਂ ਗੁਰਦੁਆਰਾ ਸੱਚਖੰਡ ਬੋਰਡ ਦੇ ਸਹਿਯੋਗ ਨਾਲ ਵਿਸ਼ੇਸ਼ ਕੀਰਤਨ ਦਰਬਾਰ ਕਰਵਾਇਆ ਗਿਆ ਜਿਸ ਵਿੱਚ ਭਾਈ ਸੁਰੇਸ਼ ਸਿੰਘ ਜੀ ਹਜ਼ੂਰੀ ਰਾਗੀ, ਤਖ਼ਤ ਸੱਚਖੰਡ ਸਾਹਿਬ, ਭਾਈ ਕੁਲਵਿੰਦਰ ਸਿੰਘ ਜੀ ਮਾਹਲ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ, ਭਾਈ ਚਰਨਜੀਤ ਸਿੰਘ ਜੀ ਹੀਰਾ ਦਿੱਲੀ ਨੇ ਰੱਬੀ ਬਾਣੀ ਦੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ 14 ਅਪ੍ਰੈਲ ਨੂੰ ਸ਼ਾਮ ਠੀਕ 4 ਵਜੇ ਤਖ਼ਤ ਸਾਹਿਬ ਤੋਂ ਨਗਰ ਕੀਰਤਨ (ਵੈਸਾਖੀ ਮਹੱਲਾ) ਆਰੰਭ ਹੋਇਆ ਜਿਸ ਵਿੱਚ ਨਿਸ਼ਾਨ ਸਾਹਿਬ, ਗੁਰੂ ਸਾਹਿਬ ਜੀ ਦੇ ਘੋੜੇ, ਕੀਰਤਨੀ ਜਥੇ, ਭਜਨ ਮੰਡਲੀਆਂ, ਗਤਕਾ ਪਾਰਟੀਆਂ ਆਦਿ ਸ਼ਾਮਿਲ ਹੋਈਆਂ। ਪੂਰੇ ਜਾਹੋ ਜਲਾਲ ਨਾਲ ਇਹ ਮਹੱਲਾ ਪਰੰਪਰਾਗਤ ਮਾਰਗ ਤੋਂ ਹੁੰਦੇ ਹੋਏ ਹੱਲਾ ਬੋਲ ਚੌਕ ਵਿਖੇ ਪੁਜਿਆ, ਜਿਥੇ ਪੁਰਾਤਨ ਰਿਵਾਇਤ ਅਨੁਸਾਰ ਹੱਲਾ ਖੇਡਿਆ ਗਿਆ ਤੇ ਸ਼ਹਿਰ ਦੇ ਵੱਖ ਵੱਖ ਮਾਰਗਾਂ ਤੋਂ ਹੋਕੇ ਤਖ਼ਤ ਸੱਚਖੰਡ ਸਾਹਿਬ ਵਿਖੇ ਸਮਾਪਤੀ ਹੋਈ। ਡਾ. ਵਿਜੇ ਸਤਬੀਰ ਸਿੰਘ ਤੇ ਸ੍ਰ: ਜਸਵੰਤ ਸਿੰਘ ਬੌਬੀ ਨੇ ਪੁੱਜੀਆਂ ਸੰਗਤਾਂ ਦਾ ਤਹਿਦਿਲੋਂ ਧੰਨਵਾਦ ਕੀਤਾ।

# ਡਾ. ਅੰਬੇਡਕਰ ਭਾਰਤ ਦੇ ਇੱਕ ਅਨਮੋਲ ਰਤਨ ਅਤੇ ਦਲਿਤਾਂ ਦੇ ਮਸੀਹਾ ਸਨ : ਡਿੰਪੀ ਚੌਹਾਨ



ਚੌਕ ਮਹਿਤਾ 14 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ ) ਰਾਸ਼ਟਰੀ ਹਿੰਦੂ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਅਤੇ 'ਆਪ' ਆਗੂ ਅਸ਼ੋਕ ਡਿੰਪੀ ਚੌਹਾਨ ਅਤੇ ਸੂਬਾ ਪ੍ਰਧਾਨ ਅਨੁਜ ਖੇਮਕਾ ਦੀ ਪ੍ਰਧਾਨਗੀ ਹੇਠ ਭਾਰਤ ਰਤਨ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਕਸ਼ਮੀਰ ਰੈਵੀਨਿਊ ਬਟਾਲਾ ਰੋਡ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਜਿਸ ਵਿੱਚ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ! ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਡਿੰਪੀ ਚੌਹਾਨ ਅਤੇ ਖੇਮਕਾ ਨੇ ਕਿਹਾ ਕਿ ਉਹ ਭਾਰਤ ਦੇ ਅਨਮੋਲ ਗਹਿਣੇ ਅਤੇ ਦਲਿਤਾਂ ਦੇ ਮਸੀਹਾ ਸਨ। ਉਹ ਇੱਕ ਸ਼ਾਨਦਾਰ ਸਮਾਜ ਸੁਧਾਰਕ, ਵਿਦਵਾਨ ਅਤੇ ਮਨੁੱਖੀ ਅਧਿਕਾਰਾਂ ਦਾ ਸੱਚਾ ਸਮਰਥਕ ਸੀ ! ਬਾਬਾ ਸਾਹਿਬ ਨੇ ਕਿਹਾ ਸੀ ਕਿ ਛੂਤ-ਛਾਤ ਮਨੁੱਖਤਾ ਵਿਰੁੱਧ ਅਪਰਾਧ ਹੈ ! ਡਿੰਪੀ ਚੌਹਾਨ ਨੇ ਕਿਹਾ ਕਿ ਉਨ੍ਹਾਂ ਦਲਿਤਾਂ ਦੇ ਅਧਿਕਾਰਾਂ ਦੀ ਰਾਖੀ ਲਈ ਕਈ ਰਣਨੀਤੀਆਂ ਬਣਾਈਆਂ। ਬਾਬਾ ਸਾਹਿਬ ਨੇ ਵੀ ਕਈ ਅੰਦੋਲਨ ਸ਼ੁਰੂ ਕੀਤੇ। ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਹਰ ਸਮੇਂ ਦੇ ਮਹਾਨ ਯੋਧੇ ਅਤੇ ਵਿਕਾਸ ਅਤੇ ਸਮਾਜਿਕ ਬਰਾਬਰੀ ਦੀ ਲੜਾਈ ਵਿੱਚ ਪ੍ਰੇਰਨਾ ਦਾ ਇੱਕ ਅਸਾਧਾਰਨ ਸਰੋਤ ਰਹੇ ਹਨ। ਉਨ੍ਹਾਂ ਕਿਹਾ ਕਿ ਭਾਰਤ ਵਿਚ ਅੰਬੇਡਕਰ ਅਤੇ ਗਾਂਧੀ ਦੀ ਸਾਖ ਨੂੰ ਗੌਰਵਮਈ ਗਾਥਾ ਵਿਚ ਬਦਲਣ ਲਈ ਸਰਕਾਰਾਂ ਨੂੰ ਦਲਿਤਾਂ ਦੇ ਉਥਾਨ ਵਿਚ ਇਤਿਹਾਸ ਸਿਰਜਣਾ ਚਾਹੀਦਾ ਹੈ। ਇਸ ਸ਼ਰਧਾਂਜਲੀ ਸਮਾਗਮ ਵਿਚ ਅਸ਼ੀਸ਼ ਖੇਮਕਾ ਸ਼ੰਕਰ ਅਰੋੜਾ ਭਾਵੇਸ਼ ਖੰਨਾ ਰੋਹਨ ਸੰਜੀਵ ਕੁਮਾਰ ਅਰਵਿੰਦਰ ਸਿੰਘ ਗਗਨਦੀਪ ਜਸ਼ਨ ਸਿੰਘ ਆਦਿ ਸਮੂਹ ਮੈਂਬਰਾਂ ਨੇ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਸਿੱਖ ਕੌਮ ਦੇ ਗਦਾਰਾ ਨੇ ਮੇਰੀ ਸੱਜੀ ਬਾਂਹ ਵੱਡ ਦਿੱਤੀ ਹੈ : ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲੇ

## ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦਾ ਸ਼ਹੀਦੀ ਦਿਹਾੜਾ 14 ਅਪ੍ਰੈਲ 1984

## ★ ਕੋਟਾਨ ਕੋਟਿ ਪ੍ਰਣਾਮ ਸ਼ਹੀਦਾਂ ਨੂੰ ★




ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦਾ ਜਨਮ ਪਿਤਾ ਜਥੇਦਾਰ ਦਲਜੀਤ ਸਿੰਘ ਦੇ ਘਰ ਮਾਤਾ ਨਰਿੰਦਰ ਕੌਰ ਦੀ ਕੁੱਖੋਂ ਸੰਨ 1962 ਵਿੱਚ ਪਿੰਡ ਕੋਟਲੀ ਬਾਵਾ ਦਾਸ ਨੇੜੇ ਬੁੱਲੋਵਾਲ ਜਿਲਾ ਹੁਸ਼ਿਆਰਪੁਰ ਵਿੱਚ ਹੋਇਆ,ਸੁਰਿੰਦਰ ਸਿੰਘ ਸੋਢੀ ਦਾ ਨਾਮ ਸਿੱਖ ਸੰਘਰਸ਼ ਵਿੱਚ ਬਹੁਤ ਉੱਚਾ ਹੈ,ਸਰਦਾਰ ਸੋਢੀ ਵਲੋਂ ਸਿੱਖ ਸ਼ਹੀਦਾਂ ਦਾ ਲਾਹਿਆ ਕਰਜਾ ਕੌਮ ਨੂੰ ਹਮੇਸ਼ਾਂ ਯਾਦ ਰਹੇਗਾ ਇਸ ਯੋਧੇ ਦੀ ਚੜਦੀ ਕਲਾ ਸੂਰਬੀਰਤਾ ,ਕੁਰਬਾਨੀ ,ਨਿੱਡਰਤਾ ਦਾ ਨਾਮ ਹੈ,ਸਰਦਾਰ ਸੋਢੀ ਦੀ ਅਗਵਾਈ ਹੇਠ ਅਨੇਕਾਂ ਸਿੱਖੀ ਦੇ ਦੁਸ਼ਮਣਾਂ ਨੂੰ ਧੁਰ ਦੀਆਂ ਟਿਕਟਾਂ ਦਿੱਤੀਆਂ ਗਈਆਂ ,ਆਖਿਰ ਗੁਰੂ ਰਾਮਦਾਸ ਸਰਾਂ ਦੇ ਕਮਰਾ ਨੰਬਰ 102 ਵਿੱਚ ਬਲਜੀਤ ਕੌਰ ਨਾਮ ਦੀ ਲੇਡੀਜ਼ ਤੇ ਬਦਮਾਸ਼ ਸੁਰਿੰਦਰ ਛਿੰਦੇ ਨੂੰ ਗੁਰਚਰਨ ਸਿੰਘ ਸਕੱਤਰ ਸ੍ਰੋਮਣੀ ਅਕਾਲੀ ਦਲ ਨੇ ਪੈਸੇ ਦੇਕੇ ਸੁਰਿੰਦਰ ਸਿੰਘ ਸੋਢੀ ਨੂੰ 14 ਅਪ੍ਰੈਲ 1984 ਨੂੰ (ਗੁਰੂ ਰਾਮ ਦਾਸ ਸਰਾਂ ਦੇ ਗੇਟ ਨੇੜੇ) ਸਿੰਧੀ ਹੋਟਲ ਵਿੱਚ ਗੋਲੀਆਂ ਮਾਰਕੇ ਸ਼ਹੀਦ ਕਰ ਦਿੱਤਾ ਗਿਆ,ਕੌਮੀ ਗਦਾਰਾਂ ਦੀ ਬਦੌਲਤ ਇਹ ਬੱਬਰ ਸ਼ੇਰ 22 ਸਾਲ ਦੀ ਉਮਰ ਵਿੱਚ ਖਾਲਸਾ ਪੰਥ ਨੂੰ ਅਸਹਿ ਵਿਛੋੜਾ ਦੇ ਗਿਆ ਜੋ ਸਿੱਖ ਕੌਮ ਲਈ ਕਦੇ ਵੀ ਨਾਂ ਪੂਰਾ ਹੋਣ ਵਾਲਾ ਘਾਟਾ ਹੈ ,ਵੀਹਵੀਂ ਸਦੀ ਦੇ ਮਹਾਨ ਜਰਨੈਲਾਂ ਦੇ ਜਰਨੈਲ ਦਮਦਮੀ ਟਕਸਾਲ ਦੇ ਮੁਖੀ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਨੇ ਉਸ ਸਮੇਂ ਕਿਹਾ ਸੀ ਕਿ ਕੌਮ ਦੇ ਗਦਾਰਾ ਨੇ ਅੱਜ ਭਾਈ ਸੁਰਿੰਦਰ ਸਿੰਘ ਸੋਢੀ ਨੂੰ ਸ਼ਹੀਦ ਕਰਕੇ ਮੇਰੀ ਸੱਜੀ ਵੱਡ ਦਿੱਤੀ ਹੈ,

? ?ਦਾਸ ਵੀ ਉਸ ਸਮੇ ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਦੀ ਸ਼ਹਾਦਤ ਨੂੰ ਨਾਂ ਬਰਦਾਸ਼ਤ ਕਰਦਾ ਹੋਇਆ ਸਿੰਘਾਂ ਦੇ ਨਾਲ ਹੀ ਸੋਡੀ ਦੇ ਸ਼ਹੀਦ ਹੋਣ ਤੋਂ ਤਕਰੀਬਨ ਇੱਕ ਘੰਟੇ ਬਾਅਦ ਹੀ ਛਿੰਦੇ ਦੀ ਰਖੇਲ ਸਾਥਣ ਬਲਜੀਤ ਕੌਰ ਤੋ ਪੁੱਛ ਗਿੱਛ ਕਰਦਾ ਹੋਇਆ ਬਹੁਤ ਗੰਭੀਰ ਰੂਪ ਵਿੱਚ ਫੱਟੜ ਹੋ ਗਿਆ ਸੀ,

ਅੱਜ ਵੀ ਉਹ ਸਮਾ ਦਾਸ ਦੀਆਂ ਅੱਖਾਂ ਅੱਗੇ ਜ਼ਿੰਦਗੀ ਵਿੱਚ ਆਈਆਂ ਬਹੁਤ ਦੁਖਦਾਈ ਯਾਦਾਂ ਰਾਹੀ ਘੁੰਮਦਾ ਰਹਿੰਦਾ ਹੈ,ਦਾਸ ਆਪਣੇ ਬਹੁਤ ਹੀ ਪਿਆਰੇ ਸਾਥੀ ਗੁਰਭਾਈ ਅਮਰ ਸ਼ਹੀਦ ਭਾਈ ਸੁਰਿੰਦਰ ਸਿੰਘ ਸੋਢੀ ਜੀ ਨੂੰ ਵਾਰ ਵਾਰ ਨਮਸਕਾਰ ਕਰਦਾ ਹੋਇਆ ਅਕਾਲ ਪੁਰਖ ਵਾਹਿਗੁਰੂ ਜੀ,ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਦਾ ਹੈ ਸੱਚੇ ਪਾਤਸ਼ਾਹ ਜੀ ਇਨ੍ਹਾਂ ਮਹਾਨ ਸ਼ਹੀਦਾਂ ਦੇ ਸੁਪਨਿਆਂ ਨੂੰ ਸਾਕਾਰ ਕਰਨ ਦਾ ਸਮੁੱਚੀ ਕੌਮ ਨੂੰ ਬਲ ਉਧਮ ਬਖਸ਼ੋ ਜੀ

ਗੁਰੂ ਪੰਥ ਦਾ ਦਾਸ

**ਬਾਬਾ ਮੁਖਤਿਆਰ ਸਿੰਘ**
**ਮੁਖੀ, ਟੋਡਰਵਾਲ**
**ਵਿਦਿਆਰਥੀ ਦਮਦਮੀ ਟਕਸਾਲ (USA)**